17-JAN-PAGE-1.qxd 1/16/2025 9:28 PM Page 1

ਸ਼ੁੱਕਰਵਾਰ, 17 ਜਨਵਰੀ, 2025
4 ਮਾਘ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 228

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • FRIDAY, 17 JANUARY, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਸੈਫ਼ ਅਲੀ ਖਾਨ 'ਤੇ ਘਰ 'ਚ ਜਾਨਲੇਵਾ ਹਮਲਾ

ਮੁੰਬਈ : ਬਾਲੀਵੁਡ ਅਦਾਕਾਰ ਸੈਫ਼ ਅਲੀ ਖਾਨ 'ਤੇ ਬੁੱਧਵਾਰ ਵੱਡੇ ਤੜਕੇ ਇਕ ਅਣਪਛਾਤੇ ਵਿਅਕਤੀ ਨੇ ਘਰ ਵਿੱਚ ਵੜ ਕੇ ਚਾਕੂ ਨਾਲ ਹਮਲਾ ਕਰ ਦਿੱਤਾ। ਇਹ ਘਟਨਾ ਉਸ ਦੇ ਖਾਰ ਸਥਿਤ ਸਤਿਗੁਰੂ ਸ਼ਰਣ ਅਪਾਰਟਮੈਂਟ ਦੇ 12ਵੇਂ ਫਲੋਰ 'ਤੇ ਕਰੀਬ 2.30 ਵਜੇ ਵਾਪਰੀ। ਸੈਫ਼ ਨੂੰ 3.30 ਵਜੇ ਲੀਲਾਵਤੀ ਹਸਪਤਾਲ ਲਿਜਾਇਆ ਗਿਆ। ਉਸ ਦੇ ਗਲੇ, ਪਿੱਠ, ਹੱਥ ਤੇ ਸਿਰ ਸਣੇ 6 ਥਾਈਂ ਚਾਕੂ ਲੱਗਿਆ। ਹਸਪਤਾਲ ਦੇ ਡਾ. ਨੀਰਜ ਉਤਮਾਨੀ ਨੇ ਦੱਸਿਆ ਕਿ ਸੈਫ਼ ਦੀ ਰੀੜ੍ਹ ਦੀ ਹੱਡੀ ਵਿੱਚ ਚਾਕੂ ਦਾ ਟੁਕੜਾ ਫਸਿਆ ਸੀ ਤੇ ਫਲੂਡ ਵੀ ਲੀਕ ਹੋ ਰਿਹਾ ਸੀ। ਸਰਜਰੀ ਕਰਕੇ ਚਾਕੂ ਦਾ ਟੁਕੜਾ ਕੱਢ ਦਿੱਤਾ ਗਿਆ। ਧੌਣ 'ਤੇ ਇੱਕ ਤੇ ਖੱਬੇ ਹੱਥ 'ਤੇ ਦੋ ਡੂੰਘੇ ਜ਼ਖਮ ਸਨ। ਇਨ੍ਹਾਂ ਦੀ ਪਲਾਸਟਿਕ ਸਰਜਰੀ ਕਰਨੀ ਪਈ। ਹਸਪਤਾਲ ਨੇ ਬਾਅਦ ਵਿੱਚ ਉਸ ਦੀ ਹਾਲਤ ਸਥਿਰ ਦੱਸੀ। ਡੀ ਸੀ ਪੀ ਗੋਦਾਮ ਦੀਕਸ਼ਤ ਨੇ ਕਿਹਾ ਕਿ ਇੱਕ ਹਮਲਾਵਰ ਦੀ ਪਛਾਣ ਕਰ ਲਈ ਗਈ ਹੈ। ਉਹ ਚੋਰੀ ਦੇ ਇਰਾਦੇ ਨਾਲ ਪੌੜੀਆਂ ਰਾਹੀਂ ਘਰ ਵਿੱਚ ਵੜਿਆ ਸੀ ਤੇ ਹਮਲੇ ਦੇ ਬਾਅਦ ਉਧਰੋਂ ਹੀ ਭੱਜਿਆ। ਸੀ ਸੀ ਟੀ ਵੀ ਫੁਟੇਜ਼ 'ਚ ਉਹ ਛੇਵੀਂ ਮੰਜ਼ਲ 'ਤੇ ਨਜ਼ਰ ਆਇਆ। ਪੁਲਸ ਨੇ ਦੱਸਿਆ ਕਿ ਹਮਲੇ ਦੌਰਾਨ ਜ਼ਖਮੀ ਹੋਈ ਹਾਊਸ ਕੀਪਰ ਸਣੇ ਤਿੰਨ ਲੋਕਾਂ ਤੋਂ ਪੁੱਛਗਿੱਛ ਕੀਤੀ ਗਈ ਹੈ। ਸ਼ੁਰੂਆਤੀ ਜਾਂਚ 'ਚ ਪਤਾ ਲੱਗਿਆ ਹੈ ਕਿ ਘਰ ਅੰਦਰਲੇ ਕਿਸੇ ਬੰਦੇ ਨੇ ਹਮਲਾਵਰ ਨੂੰ ਅੰਦਰ ਆਉਣ 'ਚ ਮਦਦ ਦਿੱਤੀ। ਰਿਪੋਰਟਾਂ ਮੁਤਾਬਕ ਘਟਨਾ ਸੈਫ਼-ਕਰੀਨਾ ਦੇ ਬੱਚਿਆਂ ਤੈਮੂਰ ਤੇ ਜੇਹ ਦੇ ਕਮਰੇ ਦੀ ਹੈ। ਕਮਰੇ ਵਿੱਚ ਉਨ੍ਹਾਂ ਦੀ ਹਾਊਸ ਕੀਪਰ ਅਰਿਆਮਾ ਫਿਲਿਪ ਉਰਫ ਲੀਮਾ ਮੌਜੂਦ ਸੀ, ਜਿਸ ਨੂੰ ਅਗਿਆਤ ਬੰਦੇ ਨੇ ਫੜ ਲਿਆ। ਉਸ ਦੇ ਚੀਕਣ 'ਤੇ ਸੈਫ਼ ਬੱਚਿਆਂ ਦੇ ਕਮਰੇ ਵਿੱਚ ਪੁੱਜਾ। ਸੈਫ਼ ਨੂੰ ਦੇਖਦੇ ਹੀ ਬੰਦੇ ਨੇ ਉਸ 'ਤੇ ਚਾਕੂ ਨਾਲ ਹਮਲਾ ਕਰਨਾ ਸ਼ੁਰੂ ਕਰ ਦਿੱਤਾ। ਇਸ ਦੌਰਾਨ ਜ਼ਖਮੀ ਹੋਈ ਲੀਮਾ ਨੂੰ ਵੀ ਲੀਲਾਵਤੀ ਹਸਪਤਾਲ ਲਿਜਾਇਆ ਗਿਆ।

ਮੁਕਾਬਲੇ 'ਚ ਗੈਂਗਸਟਰ ਹਲਾਕ

ਬਟਾਲਾ : ਬੁੱਧਵਾਰ ਦੇਰ ਰਾਤ ਪਿੰਡ ਨੱਤ ਨੇੜੇ ਮੁਕਾਬਲੇ ਦੌਰਾਨ ਇੱਕ ਗੈਂਗਸਟਰ ਹਲਾਕ ਹੋ ਗਿਆ, ਜਦਕਿ ਉਸ ਦਾ ਸਾਥੀ ਅਤੇ ਇੱਕ ਪੁਲਸ ਮੁਲਾਜ਼ਮ ਜ਼ਖਮੀ ਹੋ ਗਏ। ਮ੍ਰਿਤਕ ਦੀ ਪਛਾਣ ਰਣਜੀਤ ਸਿੰਘ ਰਾਣਾ ਵਾਸੀ ਪਿੰਡ ਮਰੜੀ ਵਜੋਂ ਹੋਈ ਹੈ। ਪੁਲਸ ਅਨੁਸਾਰ ਰਾਣਾ ਵਿਦੇਸ਼ ਤੋਂ ਗੈਂਗ ਚਲਾ ਰਹੇ ਗੈਂਗਸਟਰ ਪ੍ਰਭ ਦਾਸੂਵਾਲ ਅਤੇ ਡੋਨੀ ਬੱਲ ਲਈ ਕੰਮ ਕਰਦਾ ਆ ਰਿਹਾ ਸੀ। ਡੀ ਆਈ ਜੀ ਬਾਰਡਰ ਰੇਂਜ ਸਤਿੰਦਰ ਸਿੰਘ ਨੇ ਦੱਸਿਆ ਕਿ ● ਬਾਕੀ ਸਫ਼ਾ 2 'ਤੇ

ਕਾਮਰੇਡ ਦਰਸ਼ਨ ਲਾਧੂਕਾ ਦੇ ਜੀਵਨ ਫਲਸਫੇ ਤੋਂ ਆਉਣ ਵਾਲੀਆਂ ਪੀੜ੍ਹੀਆਂ ਪ੍ਰੇਰਨਾ ਲੈਂਦੀਆਂ ਰਹਿਣਗੀਆਂ : ਅਰਸ਼ੀ, ਜਗਰੂਪ

ਮੰਡੀ ਲਾਧੂਕਾ (ਪਰਮਜੀਤ ਢਾਬਾਂ)

ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਮਰਹੂਮ ਕਾਮਰੇਡ ਦਰਸ਼ਨ ਲਾਧੂਕਾ ਦੇ ਵੀਰਵਾਰ ਇੱਥੇ ਸ਼ਰਧਾਂਜਲੀ ਸਮਾਗਮ ਮੌਕੇ ਵੱਖ-ਵੱਖ ਪਾਰਟੀਆਂ, ਸਮਾਜਿਕ ਜਥੇਬੰਦੀਆਂ ਤੇ ਉੱਘੀਆਂ ਸ਼ਖਸੀਅਤਾਂ ਵੱਲੋਂ ਉਹਨਾਂ ਨੂੰ ਇਨਕਲਾਬੀ ਸ਼ਰਧਾਂਜਲੀ ਭੇਟ ਕੀਤੀ ਗਈ। 'ਬਨੇਗਾ' ਪ੍ਰਾਪਤੀ ਮੁਹਿਮ ਦੇ ਮੁੱਖ ਸਲਾਹਕਾਰ ਸਾਥੀ ਜਗਰੂਪ ਸਿੰਘ, ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਕਾਮਰੇਡ ਹਰਦੇਵ ਅਰਸ਼ੀ, ਕਾਮਰੇਡ ਦਰਸ਼ਨ ਦੇ ਨਾਲ ਕੰਮ ਕਰਨ ਵਾਲੇ ਕਾਮਰੇਡ ਹੰਸ ਰਾਜ ਗੋਲਡਨ, ਕਾਮਰੇਡ ਸੁਰਿੰਦਰ ਢੰਡੀਆਂ, ਸਾਥੀ ਤੇਜਾ ਸਿੰਘ ਫਤਹਿਗੜ੍ਹ, ਕਾਂਗਰਸੀ ਆਗੂ ਅਤੇ ਸਾਬਕਾ ਮੰਤਰੀ ਹੰਸ ਰਾਜ ਜੋਸਨ, ਸਾਬਕਾ ਵਿਧਾਇਕ ਮਹਿਤਾਬ ਸਿੰਘ, ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਵਨਾ ਦੇ ਪਿਤਾ ਖਜਾਨ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਪੰਧੇਰ) ਦੇ ਸੂਬਾ ਆਗੂ ਹਰੀਸ਼ ਨੱਢਾ, ਬਹੁਜਨ ਸਮਾਜ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਭਜਨ ਲਾਲ, ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਛਾਂਗਾ ਰਾਏ, ਸਾਬਕਾ ਪ੍ਰਧਾਨ ਪਰਮਜੀਤ ਸਿੰਘ ਢਾਬਾਂ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਰੇਸ਼ਮ ਮਿੱਡਾ, ਕਿਸਾਨ ਯੂਨੀਅਨ ਕਾਦੀਆਂ ਦੇ ਸੂਬਾ ਆਗੂ ਮਾਸਟਰ ਬੂਟਾ ਸਿੰਘ ਆਦਿ ਨੇ ਕਾਮਰੇਡ ਦਰਸ਼ਨ ਲਾਧੂਕਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਕਾਮਰੇਡ ਦਰਸ਼ਨ ਜੀ ਦੀ ਮੌਤ ਨਾਲ ਪਰਵਾਰ ਅਤੇ ਸਮਾਜ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਹਨਾਂ ਇਹ ਵੀ ਕਿਹਾ ਕਿ ਕਾਮਰੇਡ ਦਰਸ਼ਨ ਲਾਧੂਕਾ ਲੋਕ ਸੰਘਰਸ਼ਾਂ ਦੀ ਜਿੰਦ-ਜਾਨ ਸੀ, ਕਿਉਂਕਿ ਅਜਿਹਾ ਕੋਈ ਵੀ ਸੰਘਰਸ਼ ਜਾਂ ਮੋਰਚਾ ਨਹੀਂ ਜਿਸ ਵਿੱਚ ਕਾਮਰੇਡ ਦਰਸ਼ਨ ਨੇ ਹਿੱਸਾ ਨਾ ਲਿਆ ਹੋਵੇ।

ਕਾਮਰੇਡ ਦਰਸ਼ਨ ਲਾਧੂਕਾ ਨੇ ਲੋੜਵੰਦ ਨੂੰ ਜਦੋਂ ਵੀ ਕੋਈ ਲੋੜ ਪਈ ਤਾਂ ਉਹਦੀ ਹਰ ਤਰ੍ਹਾਂ ਦੀ ਮਦਦ ਕੀਤੀ ਹੈ। ਨੌਜਵਾਨਾਂ-ਵਿਦਿਆਰਥੀਆਂ, ਕਿਸਾਨਾਂ, ਮਜ਼ਦੂਰਾਂ, ਔਰਤਾਂ, ਨਰੇਗਾ ਵਰਕਰਾਂ, ਕੰਡਿਆਲੀ ਤਾਰ ਤੋਂ ਪਾਰ ਦੇ ਕਿਸਾਨਾਂ ਆਦਿ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਲੜੇ ਜਾਂਦੇ ਸੰਘਰਸ਼ਾਂ ਨੂੰ ਕਾਮਰੇਡ ਦਰਸ਼ਨ ਲਾਧੂਕਾ ਨੇ ਲਾਲ ਝੰਡਾ ਚੁੱਕ ਕੇ ਅਗਵਾਈ ਕੀਤੀ ਹੈ, ਜਿਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਅਤੇ ਹਮੇਸ਼ਾ ਆਉਣ ਵਾਲੀਆਂ ਪੀੜ੍ਹੀਆਂ ਉਹਨਾਂ ਦੇ ਜੀਵਨ ਫਲਸਫੇ ਤੋਂ ਪ੍ਰੇਰਨਾ ਲੈਂਦੀਆਂ ਰਹਿਣਗੀਆਂ।

ਇਸ ਮੌਕੇ ਕਾਮਰੇਡ ਦਰਸ਼ਨ ਲਾਧੂਕਾ ਨੂੰ ਹੋਰਨਾਂ ਤੋਂ ਇਲਾਵਾ ਕਾਮਰੇਡ ਵਧਾਵਾ ਰਾਮ ਯਾਦਗਾਰੀ ਕਮੇਟੀ ਦੇ ਪ੍ਰਧਾਨ ਕਾਮਰੇਡ ਮਹਿੰਗਾ ਰਾਮ ਕਟੈਹੜਾ, ਤਰਕਸ਼ੀਲ ਸੁਸਾਇਟੀ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਸੁਰਿੰਦਰ ਗੰਜੂਆਣਾ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਲਾਧੂਕਾ, ਸਾਬਕਾ ਸਰਪੰਚ ਰਜਿੰਦਰ ਲਾਧੂਕਾ, ਮੁਲਾਜ਼ਮ ਆਗੂ ਸੁਰਿੰਦਰ ਸੁਆਹ ਵਾਲਾ, ਭਜਨ ਲਾਲ ਰਿਟਾਇਰ ਜੇ.ਈ. ਨੇ ਸ਼ਰਧਾ ਦੇ ਫੁੱਲ ਭੇਟ ਕੀਤੇ।

ਦਿੱਲੀ 'ਚ ਮੁੱਖ ਮੰਤਰੀ ਭਗਵੰਤ ਮਾਨ ਨੇ ਕੀਤਾ ਰੋਡ ਸ਼ੋਅ

ਚੰਡੀਗੜ੍ਹ (ਗੁਰਜੀਤ ਬਿੱਲਾ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਨੂੰ ਦਿੱਲੀ ਦੇ ਗਾਂਧੀ ਨਗਰ ਵਿਧਾਨ ਸਭਾ ਵਿੱਚ ਇੱਕ ਵੱਡਾ ਰੋਡ ਸ਼ੋਅ ਕੀਤਾ। ਮੁੱਖ ਮੰਤਰੀ ਮਾਨ ਇੱਥੇ ਗਾਂਧੀ ਨਗਰ ਤੋਂ 'ਆਪ' ਉਮੀਦਵਾਰ ਨਵੀਨ ਚੌਧਰੀ ਦੀਪੂ ਦੀ ਨਾਮਜ਼ਦਗੀ ਮੌਕੇ ਪੁੱਜੇ ਸਨ।ਰੋਡ ਸ਼ੋਅ ਵਿੱਚ ਵੱਡੀ ਗਿਣਤੀ ਵਿੱਚ 'ਆਪ' ਵਰਕਰਾਂ ਅਤੇ ਸਥਾਨਕ ਲੋਕਾਂ ਨੇ ਸ਼ਮੂਲੀਅਤ ਕੀਤੀ।ਲੋਕਾਂ ਨੇ ਨਾਅਰੇਬਾਜ਼ੀ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਅਤੇ 'ਆਪ' ਉਮੀਦਵਾਰ ਦਾ ਸਵਾਗਤ ਕੀਤਾ।ਮਾਨ ਨੇ ਪਾਰਟੀ ਦੀ ਵੱਡੀ ਜਿੱਤ ਦਾ ਦਾਅਵਾ ਕਰਦਿਆਂ ਕਿਹਾ ਕਿ ਲੋਕਾਂ ਦੀ ਭਿੜ ਨੇ ਸਾਬਤ ਕਰ ਦਿੱਤਾ ਹੈ ਕਿ ਦਿੱਲੀ ਦੇ ਲੋਕ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਜਾ ਰਹੇ ਹਨ।ਮਾਨ ਨੇ ਲੋਕਾਂ ਨੂੰ ਕਿਹਾ ਕਿ 5 ਤਰੀਕ ਨੂੰ ਤੁਸੀਂ ਆਪਣੇ ਪਰਵਾਰ ਅਤੇ ਬੱਚਿਆਂ ਦੀ ਕਿਸਮਤ ਦਾ ਫ਼ੈਸਲਾ ਕਰਨਾ ਹੈ।ਇਸ ਲਈ ਅਜਿਹੇ ਵਿਅਕਤੀ ਨੂੰ ਚੁਣੋ ਜੋ ਕੰਮ ਕਰਨਾ ਜਾਣਦਾ ਹੋਵੇ ਅਤੇ ਨਫ਼ਰਤ ਦੀ ਰਾਜਨੀਤੀ ਨਾ ਕਰਦਾ ਹੋਵੇ। ਉਨ੍ਹਾਂ ਕਿਹਾ ਕਿ ਦੁਰਵਿਵਹਾਰ ਕਰਨ ● ਬਾਕੀ ਸਫ਼ਾ 2 'ਤੇ

ਨਗਰ ਪੰਚਾਇਤ ਸ਼ਾਹਕੋਟ ਦੀ ਪ੍ਰਧਾਨਗੀ ਤੇ ਉਪ ਪ੍ਰਧਾਨਗੀ ਲਈ ਰੱਖੀ ਮੀਟਿੰਗ ਮੁਲਤਵੀ

ਇਹ ਜਮਹੂਰੀਅਤ ਦੀ ਤੌਹੀਨ ਹੈ : ਸ਼ੇਰੋਵਾਲੀਆ

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ।

ਸ਼ਾਹਕੋਟ (ਗਿਆਨ ਸੈਦਪੁਰੀ)

21 ਦਸੰਬਰ 2024 ਨੂੰ ਨਗਰ ਪੰਚਾਇਤ ਸ਼ਾਹਕੋਟ ਦੀ ਹੋਈ ਚੋਣ ਉਪਰੰਤ ਸ਼ਾਹਕੋਟ ਵਾਸੀਆਂ ਵੱਲੋਂ ਤੀਬਰਤਾ ਨਾਲ ਇੰਤਜ਼ਾਰ ਕੀਤੀ ਜਾ ਰਹੀ ਸੀ ਇਹ ਵੇਖਣ ਲਈ ਕਿ ਪ੍ਰਧਾਨਗੀ ਅਤੇ ਉੱਪ ਪ੍ਰਧਾਨਗੀ ਦੀ ਕਲਗੀ ਕਿਸ ਦੇ ਸਿਰ ਦੀ ਸ਼ੋਭਾ ਵਧਾਏਗੀ। ਇਸ ਇੰਤਜ਼ਾਰ ਦੀਆਂ ਘੜੀਆਂ ਖ਼ਤਮ ਕਰਨ ਲਈ 16 ਜਨਵਰੀ ਦਾ ਐੱਸ ਡੀ ਐੱਮ ਵੱਲੋਂ ਸਮਾ ਰੱਖਿਆ ਗਿਆ ਸੀ। 11 ਵਜੇ ਦੇ ਨਿਸ਼ਚਤ ਸਮੇਂ ਤੋਂ 10 ਮਿੰਟ ਪਹਿਲਾਂ ਹੀ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਕਾਂਗਰਸ ਪਾਰਟੀ ਦੇ ਚੁਣੇ ਗਏ 9 ਮੈਂਬਰਾਂ ਨੂੰ ਨਾਲ ਲੈ ਕੇ ਨਗਰ ਪੰਚਾਇਤ ਦੇ ਦਫ਼ਤਰ ਪਹੁੰਚ ਗਏ। ਇੱਥੇ ਕਨਵੀਨਰ-ਕਮ-ਐੱਸ ਡੀ ਐੱਮ ਮੌਜੂਦ ਨਹੀਂ ਸੀ। ਇਹ ਪਤਾ ਲੱਗਣ 'ਤੇ ਕਿ ਚੋਣ ਲਈ ਰੱਖੀ ਮੀਟਿੰਗ ਮੁਲਤਵੀ ਹੈ, ਤਾਂ ਹਲਕਾ ● ਬਾਕੀ ਸਫ਼ਾ 2 'ਤੇ

ਯੂ ਜੀ ਸੀ ਨਿਯਮ-2025 ਵਾਪਸ ਲਓ : ਸੀ ਪੀ ਆਈ

ਲੁਧਿਆਣਾ (ਐੱਮ ਐੱਸ ਭਾਟੀਆ)

ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਸਕੱਤਰੇਤ ਨੇ ਕਿਹਾ ਹੈ ਕਿ ਪਾਰਟੀ ਹਾਲ ਹੀ ਵਿੱਚ ਪੇਸ਼ ਕੀਤੇ ਗਏ ਯੂ ਜੀ ਸੀ ਨਿਯਮ-2025 ਦਾ ਸਖ਼ਤ ਵਿਰੋਧ ਕਰਦੀ ਹੈ, ਜੋ ਸਾਡੇ ਦੇਸ਼ ਦੇ ਸੰਘੀ ਢਾਂਚੇ 'ਤੇ ਇੱਕ ਸਪੱਸ਼ਟ ਹਮਲਾ ਹੈ ਅਤੇ ਰਾਜ ਸਰਕਾਰਾਂ ਦੇ ਖੇਤਰ ਵਿੱਚ ਕੇਂਦਰ ਸਰਕਾਰ ਦੀ ਪਹੁੰਚ ਹੈ। ਇਹ ਨਿਯਮ ਇੱਕ ਗੈਰ-ਲੋਕਤੰਤਰੀ ਥੋਪਣਾ ਹੈ, ਜੋ ਰਾਜ ਦੀਆਂ ਯੂਨੀਵਰਸਿਟੀਆਂ ਅਤੇ ਵਿਦਿਅਕ ਸੰਸਥਾਵਾਂ ਦੀ ਖੁਦਮੁਖਤਿਆਰੀ ਨੂੰ ਕਮਜ਼ੋਰ ਕਰਦਾ ਹੈ ਅਤੇ ਪਾਠਕ੍ਰਮ, ਫੈਕਲਟੀ ਨਿਯੁਕਤੀਆਂ ਅਤੇ ਸੰਸਥਾਗਤ ਸ਼ਾਸਨ 'ਤੇ ਨਿਯੰਤਰਣ ਦਾ ਕੇਂਦਰੀਕਰਨ ਕਰਦਾ ਹੈ।

ਇਹ ਕਦਮ ਆਰ ਐੱਸ ਐੱਸ-ਭਾਜਪਾ ਸ਼ਾਸਨ ਦੁਆਰਾ ਪੂਰੇ ਸਿੱਖਿਆ ਖੇਤਰ 'ਤੇ ਆਪਣੀ ਵਿਚਾਰਧਾਰਕ ਪਕੜ ਵਧਾਉਣ ਦੀ ਇੱਕ ਸਪੱਸ਼ਟ ਕੋਸ਼ਿਸ਼ ਹੈ, ਇੱਕ ਏਕਾਧਿਕਾਰ, ਉੱਪਰ ਤੋਂ ਹੇਠਾਂ ਪ੍ਰਣਾਲੀ ਨੂੰ ਮਜਬੂਰ ਕਰਦਾ ਹੈ, ਜੋ ● ਬਾਕੀ ਸਫ਼ਾ 2 'ਤੇ

17-JAN-PAGE-1.qxd 1/16/2025 9:28 PM Page 2

ਲੋਹੜੀ ਤੇ ਮਾਘੀ ਮੌਕੇ ਇਸਤਰੀ ਭਲਾਈ ਸਭਾ ਨੇ ਗਰਮ ਸੂਟ ਵੰਡੇ

ਕੋਟ ਈਸੇ ਖਾਂ (ਅਰੋੜਾ)-ਲੋਹੜੀ ਅਤੇ ਮਾਘੀ ਨੂੰ ਮੁੱਖ ਰੱਖਦਿਆਂ ਹੋਇਆਂ ਇਸਤਰੀ ਭਲਾਈ ਸਭਾ ਵੱਲੋਂ ਇਸਤਰੀਆਂ ਨੂੰ ਗਰਮ ਸੂਟ ਵੰਡੇ ਗਏ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮੈਡਮ ਗੁਰਪ੍ਰੀਤ ਕੌਰ ਅਤੇ ਮੀਤ ਪ੍ਰਧਾਨ ਕਮਲਜੀਤ ਕੌਰ, ਖਜ਼ਾਨਚੀ ਗੁਰਜੀਤ ਕੌਰ ਅਤੇ ਕੁਲਵੰਤ ਕੌਰ ਵੱਲੋਂ ਇਸਤਰੀਆਂ ਨੂੰ ਗਰਮ ਸੂਟਾਂ ਦੀ ਵੰਡ ਕਰਨ ਮੌਕੇ ਸਾਰਿਆਂ ਨੂੰ ਲੋਹੜੀ ਤੇ ਮਾਘੀ ਦੀ ਵਧਾਈਆਂ ਦਿੱਤੀਆਂ।ਇਸ ਮੌਕੇ ਨਗਰ ਪੰਚਾਇਤ ਦੇ ਪ੍ਰਧਾਨ ਛਿੰਦਰ ਕੌਰ ਰਾਜਪੂਤ ਤੇ ਪਤੀ ਪ੍ਰਕਾਸ਼ ਸਿੰਘ ਰਾਜਪੂਤ ਨੇ ਵੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਉਨ੍ਹਾ ਕਿਹਾ ਕਿ ਲੋਹੜੀ ਤੇ ਮਾਘੀ ਦੇ ਤਿਉਹਾਰ ਤੇ ਗਰਮ ਸੂਟ ਵੰਡਣਾ ਬਹੁਤ ਵਧੀਆ ਉਪਰਾਲਾ ਹੈ ਅਤੇ ਸਾਨੂੰ ਸਾਰਿਆ ਨੂੰ ਸਮਾਜ ਭਲਾਈ ਦੇ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਇਸ ਮੌਕੇ ਸਮਾਜ ਸੇਵੀ ਹੀਰਾ ਲਾਲ ਡਾਵਰ, ਆਪ ਆਗੂ ਕਾਕਾ ਟੈਲੀਕਾਮ ਆਦਿ ਹਾਜਰ ਸਨ।

ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਨੇ ਫੂਕਿਆ ਮੋਦੀ ਦਾ ਪੁਤਲਾ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਪਿੰਡ ਨੰਗਲ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਇਕਾਈ ਨੰਗਲ ਨੇ ਪਿੰਡ ਨੰਗਲ ਵਿਖੇ ਮੋਦੀ ਦਾ ਪੁੱਤਲਾ ਫੂਕਿਆ ਅਤੇ ਨਾਅਰੇਬਾਜ਼ੀ ਕੀਤੀ।ਇਹ ਪੁਤਲਾ ਮਾਹੀ ਨੰਗਲ ਇਕਾਈ,ਜ਼ੋਨ ਜਨਰਲ ਸਕੱਤਰ ਬਲਾਕ ਨਿਹਾਲ ਸਿੰਘ ਵਾਲਾ, ਸੁਖਚੈਨ ਸੋਨੀ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਰੂਪ ਸਿੰਘ ਦੀ ਅਗਵਾਈ ਵਿੱਚ ਫੂਕਿਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਵੀ ਸ਼ਾਮਲ ਸਨ। ਇਕਾਈ ਪ੍ਰਧਾਨ ਸੁਖਮੰਦਰ ਸਿੰਘ ਮੀਤ ਪ੍ਰਧਾਨ, ਅਮਰਜੀਤ ਸਿੰਘ ਜਨਰਲ ਸਕੱਤਰ, ਰਘਵੀਰ ਸਿੰਘ, ਕਾਲਾ, ਇਕਬਾਲ ਸਿੰਘ, ਪਾਲ ਸਿੰਘ, ਰੂਪ ਸਿੰਘ ਸੁਖਦੇਵ ਸਿੰਘ ਜੈਤੋਂ, ਦੀਪੀ ਗਿੱਲ, ਤਰਨਾ, ਅਮਨਦੀਪ ਸਿੰਘ ਮੰਨਾ, ਗੁਰਪ੍ਰੀਤ ਗੋਪੀ, ਪ੍ਰੈਸ ਸਕੱਤਰ ਬੂਟਾ ਸਿੰਘ, ਗੁਰਦੇਵ ਸਿੰਘ ਸਿੱਧੂ, ਕੁਲਦੀਪ ਸਿੰਘ, ਜਗਦੀਸ਼ ਸ਼ਰਮਾਂ, ਭੋਲਾ ਠੇਕੇਦਾਰ, ਅਮਰਜੀਤ ਸਿੰਘ , ਸੁਖਦੇਵ ਸਿੰਘ ਤੋਤਾ, ਬਲਵੀਰ ਸਿੰਘ ਦੁਸਾਂਝ ਪ੍ਰਧਾਨ, ਜਗਜੀਤ ਸਿੰਘ, ਮਨਦੀਪ ਸਿੰਘ ਮੰਨਾ, ਰਾਜੂ, ਜਰਨੈਲ ਸਿੰਘ, ਨਮਿੱਦਰ ਦੇਵ ਸਿੰਘ, ਬੂਟਾ ਸਿੰਘ ਮੈਹਰਾ, ਇਹ ਪੁਤਲਾ ਮਾਹੀ ਨੰਗਲ ਇਕਾਈ ਅਤੇ ਜ਼ੋਨ ਜਨਰਲ ਸਕੱਤਰ ਬਲਾਕ ਨਿਹਾਲ ਸਿੰਘ ਵਾਲਾ, ਸੁਖਚੈਨ ਸਿੰਘ ਸੋਨੀ, ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਰੂਪ ਸਿੰਘ ਦੀ ਅਗਵਾਈ ਵਿੱਚ ਮੋਦੀ ਸਰਕਾਰ ਦਾ ਫੂਕਿਆ ਗਿਆ।

ਟ੍ਰਾਈਡੈਂਟ ਗਰੁੱਪ ਨੇ ਨੌਕਰੀਆਂ ਦੇਣ ਲਈ 'ਕਰਮਯੋਗੀ' ਭਰਤੀ ਮੁਹਿੰਮ ਕੀਤੀ ਸ਼ੁਰੂ

ਬਰਨਾਲਾ (ਰਾਜਿੰਦਰ ਬਰਾੜ)-ਟ੍ਰਾਈਡੈਂਟ ਗਰੁੱਪ ਸਮੂਹ ਨੇ ਆਪਣੀ 'ਕਰਮਯੋਗੀ' ਭਰਤੀ ਮੁਹਿੰਮ ਦੀ ਘੋਸ਼ਣਾ ਕੀਤੀ ਹੈ, ਜਿਸ ਦਾ ਉਦੇਸ਼ ਪੂਰੇ ਭਾਰਤ ਵਿੱਚ 3,000 ਹੁਨਰਮੰਦ ਵਿਅਕਤੀਆਂ ਨੂੰ ਨੌਕਰੀ ਦੇਣਾ ਹੈ।ਇਹ ਮੁਹਿੰਮ ਪੰਜਾਬ (ਧੌਲਾ ਅਤੇ ਸੰਘੇੜਾ) ਅਤੇ ਮੱਧ ਪ੍ਰਦੇਸ਼ (ਬੁੱਧਨੀ)'ਤੇ ਕੇਂਦ੍ਰਿਤ ਹੋਵੇਗੀ, ਜਿਸ ਵਿੱਚ ਮਹਿਲਾ ਬਿਨੈਕਾਰਾਂ ਅਤੇ ਖੇਡ ਪਿਛੋਕੜ ਵਾਲੀਆਂ ਉਮੀਦਵਾਰਾਂ 'ਤੇ ਜ਼ੋਰ ਦਿੱਤਾ ਜਾਵੇਗਾ। 3,000+ ਵਿਅਕਤੀਆਂ ਨੂੰ ਰੁਜ਼ਗਾਰ ਪ੍ਰਦਾਨ ਕਰਕੇ, ਟ੍ਰਾਈਡੈਂਟ ਗਰੁੱਪ ਅਸਿੱਧੇ ਤੌਰ 'ਤੇ 15,000 ਤੋਂ ਵੱਧ ਪਰਿਵਾਰਕ ਮੈਂਬਰਾਂ ਨੂੰ ਲਾਭ ਪਹੁੰਚਾਏਗਾ।ਇਹ ਪਹਿਲਕਦਮੀ ਹੁਨਰ ਵਿਕਾਸ ਨੂੰ ਵੀ ਉਤਸ਼ਾਹਿਤ ਕਰੇਗੀ, ਮਹਿਲਾ ਮੈਂਬਰਾਂ ਨੂੰ ਸਸ਼ਕਤ ਬਣਾਏਗਾ।ਇਹ ਪਹਿਲ ਨਾ ਸਿਰਫ਼ ਸਾਡੇ ਕਾਰਜਬਲ ਨੂੰ ਮਜ਼ਬੂਤ ਕਰਦੀ ਹੈ ਬਲਕਿ ਰਾਸ਼ਟਰ ਨਿਰਮਾਣ ਵਿੱਚ ਵੀ ਯੋਗਦਾਨ ਪਾਉਂਦੀ ਹੈ। ਭਰਤੀ ਪ੍ਰਕਿਰਿਆ ਵਿੱਚ ਆਲਾਈਨ ਰਜਿਸਟ੍ਰੇਸ਼ਨ, ਅਰਜ਼ੀ ਜਮ੍ਹਾਂ ਕਰਵਾਉਣਾ, ਆਫਲਾਈਨ ਮੁਲਾਂਕਣ ਅਤੇ ਹੁਨਰ ਮੁਲਾਂਕਣ ਸ਼ਾਮਲ ਹੋਣਗੇ।ਸਫਲ ਉਮੀਦਵਾਰ ਟ੍ਰਾਈਡੈਂਟ ਗਰੁੱਪ ਦੇ ਵੱਖ-ਵੱਖ ਵਿਭਾਗਾਂ ਵਿੱਚ ਸ਼ਾਮਲ ਹੋਣਗੇ, ਜਿਨ੍ਹਾਂ ਵਿੱਚ ਸੰਚਾਲਨ, ਇੰਜੀਨੀਅਰਿੰਗ, ਰੱਖ-ਰਖਾਅ ਅਤੇ ਪ੍ਰਸ਼ਾਸਨ ਸ਼ਾਮਲ ਹਨ।ਇਹ ਅਹੁਦੇ 8 ਘੰਟੇ ਦੇ ਕੰਮਕਾਜੀ ਦਿਨ ਲਈ ਪ੍ਰਤੀ ਮਹੀਨਾ 50,000 ਦੀ ਸ਼ੁਰੂਆਤੀ ਤਨਖਾਹ ਦੀ ਪੇਸ਼ਕਸ਼ ਕਰਨਗੇ, ਜਿਸ ਨਾਲ ਸਨਮਾਨਜਨਕ ਤਨਖਾਹ ਅਤੇ ਬਿਹਤਰ ਕੰਮ-ਜੀਵਨ ਸੰਤੁਲਨ ਯਕੀਨੀ ਬਣਾਇਆ ਜਾਵੇਗਾ।

ਡੀ ਏ ਵੀ ਸਕੂਲ ਮਕਰ ਸੰਕ੍ਰਾਂਤੀ 'ਤੇ ਸੁਖਮਨੀ ਸਾਹਿਬ ਦੇ ਪਾਠ

ਰਾਜਪੁਰਾ (ਰਮੇਸ਼ ਕਟਾਰੀਆ)-ਡੀਏਵੀ ਸਕੂਲ ਰਾਜਪੁਰਾ ਵਿਖੇ ਮਕਰ ਸੰਕ੍ਰਾਂਤੀ ਦੇ ਸ਼ੁਭ ਮੌਕੇ 'ਤੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ, ਜਿਸ ਵਿੱਚ ਸਕੂਲ ਦੇ ਪ੍ਰਿੰਸੀਪਲ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਮਿਲ ਕੇ ਸੁਖਮਨੀ ਸਾਹਿਬ ਜੀ ਦਾ ਪਾਠ ਕੀਤਾ।ਗੁਰੂ ਸਾਹਿਬਾਨ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਡੀਏਵੀ ਇੰਸਟੀਚਿਊਟ ਦੀ ਤਰੱਕੀ ਅਤੇ ਮਨੁੱਖਤਾ ਦੀ ਸ਼ਾਂਤੀ ਅਤੇ ਤੰਦਰੁਸਤੀ ਲਈ ਵਿਸ਼ੇਸ਼ ਪ੍ਰਾਰਥਨਾਵਾਂ ਵੀ ਕੀਤੀਆਂ ਗਈਆਂ। ਗੁਰੂ ਮਹਾਰਾਜ ਦਾ ਅਟੂੱਟ ਲੰਗਰ ਵਰਤਾਇਆ ਗਿਆ।ਸਕੂਲ ਪ੍ਰਿੰਸੀਪਲ ਅਲਪਨਾ ਪਾਠਕ, ਅਧਿਆਪਕਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਇਕੱਠੇ ਬੈਠ ਕੇ ਲੰਗਰ ਪ੍ਰਸ਼ਾਦ ਛਕਿਆ।

ਵਿਗਿਆਨ ਪ੍ਰਦਰਸ਼ਨੀ 'ਚ ਛੌੜੀਆਂ ਸਕੂਲ ਦੇ ਵਿਦਿਆਰਥੀ ਮੋਹਰੀ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸ਼ੰਕਰ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਰਕਾਰੀ ਸਕੂਲਾਂ ਦੀ ਬਲਾਕ ਪੱਧਰੀ ਵਿਗਿਆਨ ਪ੍ਰਦਰਸ਼ਨੀ ਕਰਾਈ ਗਈ, ਜਿਸ ਵਿਚ ਕਈ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਵਿਗਿਆਨ ਪ੍ਰਦਰਸ਼ਨੀ ਦੇ ਇਨ੍ਹਾਂ ਮੁਕਾਬਲਿਆਂ 'ਚ ਸਰਕਾਰੀ ਮਿਡਲ ਸਕੂਲ ਛੌੜੀਆਂ ਦੀ ਵਿਦਿਆਰਥਣ ਜਸਪ੍ਰੀਤ ਕੌਰ ਕਲਾਸ ਸੱਤਵੀਂ ਤੇ ਲਵਲੀਨ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਛੌੜੀਆਂ ਸਕੂਲ ਦੇ ਮੋਹਰੀ ਰਹਿਣ ਵਾਲੀਆਂ ਵਿਦਿਆਰਥਣਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ। ਛੌੜੀਆਂ ਸਕੂਲ ਦੀ ਮੁੱਖ ਅਧਿਆਪਕ ਸੋਨਾਲੀ ਡੋਡਾ ਤੇ ਅਧਿਆਪਕ ਰਾਮਪਾਲ ਕੌਰ ਨੇ ਇਨ੍ਹਾਂ ਵਿਦਿਆਰਥੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ।

19 ਦੀ ਰੋਸ ਰੈਲੀ 'ਚ ਭਰਵੀਂ ਸ਼ਮੂਲੀਅਤ ਕਰਨ ਦੀ ਅਪੀਲ

ਲੁਧਿਆਣਾ (ਐਮ ਐਸ ਭਾਟੀਆ)-ਸਾਂਝਾ ਅਧਿਆਪਕ ਮੋਰਚਾ ਪੰਜਾਬ ਅਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਨਾਲ ਸਿਖਿਆ ਮੰਤਰੀ ਵਲੋਂ ਲਿਖਤੀ ਪੱਤਰ ਰਾਹੀਂ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਘਰ ਅੱਗੇ ਕੀਤੇ ਰੋਸ ਪ੍ਰਦਰਸ਼ਨ ਦੇ ਸਿੱਟੇ ਵਜੋਂ ਦਿੱਤੇ ਸੱਦੇ 'ਤੇ ਪੰਜਾਬ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਨਾ ਕਰਕੇ ਸਿੱਖਿਆ ਮੰਤਰੀ ਨੇ ਸਿੱਖਿਆ ਪ੍ਰਤੀ ਗੈਰ ਸੰਜੀਦਗੀ ਦਾ ਪ੍ਰਗਟਾਵਾ ਕੀਤਾ ਹੈ।ਇਸ ਸਬੰਧੀ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਪੁਆਰੀ, ਸਰਪ੍ਰਸਤ ਚਰਨ ਸਿੰਘ ਸਰਾਭਾ, ਕਾਰਜ਼ਕਾਰੀ ਜਨਰਲ ਸਕੱਤਰ ਪ੍ਰਵੀਨ ਕੁਮਾਰ ਲੁਧਿਆਣਾ, ਜਿੰਦਰ ਪਾਇਲਟ, ਪਰਮਿੰਦਰਪਾਲ ਸਿੰਘ ਕਾਲੀਆ, ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ ਆਗੂਆਂ ਵੱਲੋਂ ਸਾਂਝਾ ਪ੍ਰੈਸ ਨੋਟ ਜਾਰੀ ਕਰਦੇ ਹੋਏ ਸਿੱਖਿਆ ਮੰਤਰੀ ਵਲੋਂ ਮੀਟਿੰਗ ਨਾ ਕਰਨ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਸਿੱਖਿਆ ਮੰਤਰੀ ਦੇ ਗੈਰ ਜ਼ਿੰਮੇਵਾਰ ਰਵੱਈਏ ਦੇ ਰੋਸ ਵਜੋਂ ਸਖ਼ਤ ਨਾਅਰੇਬਾਜ਼ੀ ਕੀਤੀ ਗਈ।ਆਗੂਆਂ ਨੇ ਦੱਸਿਆ ਕਿ ਅਧਿਆਪਕਾਂ ਦੇ ਚਿਰਾਂ ਤੋਂ ਲਟਕਦੇ ਮਸਲੇ ਹੱਲ ਨਾ ਕਰਨ ਅਤੇ ਜਨਤਕ ਸਿੱਖਿਆ ਨੂੰ ਤਬਾਹੀ ਵੱਲ ਧੱਕਣ ਲਈ ਮੌਜੂਦਾ ਸਰਕਾਰ ਜਿੰਮੇਵਾਰ ਹੈ, ਜੋ ਸਰਕਾਰੀ ਸਕੂਲਾਂ ਨੂੰ ਬੰਦ ਕਰਕੇ ਪ੍ਰਾਈਵੇਟ ਸਿੱਖਿਆ ਮਾਫੀਆ ਨੂੰ ਫਾਇਦਾ ਪਹੁੰਚਾਉਣਾ ਚਾਹੁੰਦੀ ਹੈ।ਉਨ੍ਹਾਂ ਪੰਜਾਬ ਦੇ ਅਧਿਆਪਕਾਂ ਅਤੇ ਅਧਿਆਪਕ ਜਥੇਬੰਦੀਆਂ ਨੂੰ 19 ਜਨਵਰੀ ਨੂੰ ਸਿੱਖਿਆ ਮੰਤਰੀ ਦੇ ਹਲਕੇ ਆਨੰਦਪੁਰ ਸਾਹਿਬ ਵਿਖੇ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨ ਵਿੱਚ ਭਰਵੀਂ ਸ਼ਮੂਲੀਅਤ ਕਰਨ ਦੀ ਸਮੂਹ ਆਧਿਆਪਕ ਵਰਗ ਨੂੰ ਅਪੀਲ ਕੀਤੀ।

ਜਥੇਦਾਰ ਦਾਦੂਵਾਲ ਨੂੰ ਲੱਡੂਆਂ ਨਾਲ ਤੋਲਿਆ

ਸਿਰਸਾ (ਸੁਰਿੰਦਰ ਪਾਲ ਸਿੰਘ)-ਕਾਲਾਂਵਾਲੀ 35 ਨੰਬਰ ਵਾਰਡ ਤੋਂ ਸਮੁੰਦਰੀ ਜਹਾਜ਼ ਦੇ ਚੋਣ ਨਿਸ਼ਾਨ ਹੇਠ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਉਮੀਦਵਾਰ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਦੇ ਮੁਖੀ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਕਾਲਾਂਵਾਲੀ ਦੀਆਂ ਵੱਖ ਵੱਖ ਥਾਵਾਂ ਸਮੇਤ ਜੰਗੀਰ ਕਲੋਨੀ ਦੇ ਵੋਟਰਾਂ ਵਲੋਂ ਲੱਡੂਆਂ ਨਾਲ ਤੋਲਿਆ ਗਿਆ।ਇਸ ਮੌਕੇ ਪ੍ਰੈਸ ਵਾਰਤਾ ਦੌਰਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਕਿਹਾ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹਰਿਆਣਾ ਦੇ ਸਿੱਖਾਂ ਨੇ ਬੜੀ ਜੱਦੋ ਜਹਿਦ ਉਪਰੰਤ ਹੋਂਦ ਵਿੱਚ ਲਿਆਂਦੀ ਹੈ, ਜਿਸ ਲਈ ਹਰਿਆਣੇ ਦੇ ਸਿੱਖਾਂ ਨੂੰ ਜੇਲੀ ਜਾਣਾ ਪਿਆ ਅਤੇ ਮੁਕੱਦਮੇ ਝੱਲਣੇ ਪਏ ਅਤੇ ਹੜਤਾਲਾਂ ਧਰਨੇ ਤੇ ਮੁਜ਼ਾਹਰੇ ਕਰਨੇ ਪਏ, ਫਿਰ ਜਾ ਕੇ ਲੰਮੀ ਜੱਦੋਜਹਿਦ ਮਗਰੋਂ 2014 ਵਿੱਚ ਵੱਖਰੀ ਕਮੇਟੀ ਹੋਂਦ ਵਿੱਚ ਲਿਆਂਦੀ ਗਈ। ਦਾਦੂਵਾਲ ਨੇ ਕਿਹਾ ਕਿ ਹੁਣ ਫਿਰ ਬਾਦਲ ਦਲ ਹਰਿਆਣਾ ਕਮੇਟੀ ਉੱਪਰ ਕਬਜ਼ਾ ਕਰਨ ਲਈ ਸਰਗਰਮ ਹੋ ਗਿਆ ਹੈ, ਜਿਸ ਨੇ ਹਰਿਆਣਾ ਵਿੱਚ ਡੰਮੀ ਦਲ ਬਣਾ ਕੇ ਅਤੇ ਹਰਿਆਣੇ ਦੇ ਕੁਝ ਅਖੌਤੀ ਆਗੂਆਂ ਨੂੰ ਮੋਹਰੇ ਬਣਾ ਕੇ ਵਰਤਣਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਹਰਿਆਣੇ ਦੀਆਂ ਸਿੱਖ ਸੰਗਤਾਂ ਨੂੰ ਹੁਣ ਬੜੇ ਸੁਚੇਤ ਹੋਣ ਦੀ ਲੋੜ ਹੈ। ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਕਿਹਾ ਕੇ ਹਰਿਆਣੇ ਦੇ ਸਿੱਖ ਫੈਸਲਾ ਕਰਨ ਕੇ ਹਰਿਆਣੇ ਦੀ ਕਮੇਟੀ ਨੂੰ ਵੱਖਰਾ ਰੱਖਣਾ ਹੈ ਜਾਂ ਮੁੜ ਬਾਦਲਾਂ ਦਾ ਕਬਜ਼ਾ ਕਰਾਉਣਾ ਹੈ ਜਾਂ ਅਪਣੀ ਵੱਖਰੀ ਕਮੇਟੀ ਦੀ ਹੋਂਦ ਨੂੰ ਬਰਕਰਾਰ ਵਖਰਾ ਰੱਖਣਾ ਹੈ। ਇਸ ਸਮੇਂ ਉਨ੍ਹਾਂ ਦੇ ਨਾਲ ਸਮਾਜ ਸੇਵਕ ਪ੍ਰਦੀਪ ਜੈਨ, ਰੰਟੀ ਸਿੰਗਲਾ, ਦਰਸ਼ਨ ਕੌਰ ਜੌੜਾਂ, ਹਦਿਆਲ ਸਿੰਘ ਚੈਅਰਮੈਨ, ਗੁਰਬਖਸ਼ ਸਿੰਘ ਬਖਸ਼ਾ, ਮਿੱਠੂ ਸਿੰਘ ਮਾਂਗਟ, ਹਰਬੰਸ ਸਿੰਘ ਐਮ ਸੀ, ਚਰਨਜੀਤ ਸਿੰਘ ਦਾਦੂ ਸਮੇਤ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਸੈਕੜੇ ਕਾਰਜਕਰਤਾ ਮੌਜੂਦ ਰਹੇ।

ਲੋੜਵੰਦ ਲੜਕੀਆਂ ਦਾ ਵਿਆਹ ਸਮਾਗਮ 22 ਨੂੰ

ਹਠੂਰ (ਨਛੱਤਰ ਸੰਧੂ)-ਉਘੇ ਸਮਾਜ ਸੇਵੀ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਸਬਾ ਹਠੂਰ ਵਿਖੇ ਲੋੜਵੰਦ ਲੜਕੀਆਂ ਦੇ ਵਿਆਹ ਸਮਾਗਮ 22 ਫਰਵਰੀ ਨੂੰ ਕਰਾਏ ਜਾ ਰਹੇ ਹਨ।

ਸਮਾਜ ਸੇਵੀ ਕਿਰਨ ਮਹੰਤ ਨੇ ਦੱਸਿਆ ਕਿ 20 ਫਰਵਰੀ ਨੂੰ ਅਖੰਡ ਪਾਠ ਸਾਹਿਬ ਆਰੰਭ ਕਰਾਏ ਜਾਣਗੇ, ਜਿਨ੍ਹਾਂ ਦੇ ਭੋਗ 9-30 ਵਜੇ ਸਵੇਰੇ ਪਾਏ ਜਾਣਗੇ। ਉਪਰੰਤ ਲੋੜਵੰਦ ਲੜਕੀਆਂ ਦੇ ਅਨੰਦ ਕਾਰਜ ਕਰਾਏ ਜਾਣਗੇ, ਜਿਨ੍ਹਾਂ ਨੂੰ ਲੋੜੀਂਦੇ ਸਾਜੋ ਸਾਮਾਨ ਵੀ ਦਿੱਤੇ ਜਾਣਗੇ।

12 ਵਜੇ ਦੁਪਹਿਰੇ ਸਭਿਆਚਾਰਕ ਮੇਲਾ ਕਰਾਇਆ ਜਾਵੇਗਾ, ਜਿਸ ਵਿੱਚ ਫ਼ਿਰੋਜ਼ ਖਾਨ, ਬਲਕਾਰ ਅਣਖੀਲਾ ਤੇ ਮਨਜਿੰਦਰ ਗੁਲਸ਼ਨ ਪੰਜਾਬੀ ਸੱਭਿਆਚਾਰਕ ਗੀਤਾਂ ਰਾਹੀਂ ਲੋਕਾਂ ਦਾ ਮਨੋਰੰਜਨ ਕਰਨਗੇ। ਉਨ੍ਹਾਂ ਕਿਹਾ ਕਿ ਲੋੜਵੰਦ ਪਰਵਾਰ ਵਿਆਹ ਲਈ ਲੜਕੀਆਂ ਦੇ ਨਾਂਅ 10 ਫਰਵਰੀ ਤੱਕ ਡੇਰਾ ਹਠੂਰ ਵਿਖੇ ਲਿਖਵਾਉਣ ਤਾਂ ਜੁ ਲੋੜੀਂਦੇ ਪ੍ਰਬੰਧ ਕੀਤੇ ਜਾ ਸਕਣ।

ਅਮਰ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੀ ਯਾਦ 'ਚ ਸਾਲਾਨਾ ਬਰਸੀ ਸਮਾਗਮ ਭਲਕ ਤੋਂ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਇਤਿਹਾਸਕ ਪਿੰਡ ਠੀਕਰੀਵਾਲਾ ਵਿਖੇ ਅਮਰ ਸ਼ਹੀਦ ਸੇਵਾ ਸਿੰਘ ਠੀਕਰੀਵਾਲਾ ਦੀ ਯਾਦ ਨੂੰ ਸਮਰਪਤ ਸਾਲਾਨਾ ਬਰਸੀ ਸਮਾਗਮ 18, 19 ਤੇ 20 ਜਨਵਰੀ ਨੂੰ ਪੂਰੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ, ਜਿਸ ਦੀਆਂ ਤਿਆਰੀਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਸੰਗਤਾਂ ਵੱਲੋਂ ਜੰਗੀ ਪੱਧਰ ਤੇ ਜਾਰੀ ਹਨ।ਇਸ ਸਬੰਧੀ ਪ੍ਰਬੰਧਕਾਂ ਵੱਲੋਂ ਬਰਸੀ ਸਮਾਗਮ ਦਾ ਰੰਗਦਾਰ ਪੋਸਟਰ ਜਾਰੀ ਕੀਤਾ ਗਿਆ।ਗੁਰਦੁਆਰਾ ਕਮੇਟੀ ਦੇ ਪ੍ਰਧਾਨ ਭਾਈ ਜਗਸੀਰ ਸਿੰਘ, ਸਰਪੰਚ ਕਿਰਨਜੀਤ ਸਿੰਘ ਹੈਪੀ ਨੇ ਦੱਸਿਆ ਕਿ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗ੍ਰਾਮ ਪੰਚਾਇਤ, ਨੌਜਵਾਨ ਸਭਾ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਸਾਲਾਨਾ ਬਰਸੀ ਸਮਾਗਮ ਸ਼ਰਧਾ ਭਾਵਨਾ ਤੇ ਪੂਰੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ।ਇਸ ਵਾਰ 18 ਜਨਵਰੀ ਨੂੰ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ।ਦੂਜ

17-Jan-PAGE-3.qxd 1/16/2025 10:29 PM Page 1

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਖਰੜੇ ਦੀਆਂ ਸਾੜੀਆਂ ਕਾਪੀਆਂ

ਮਜੀਠਾ, (ਸੋਇਮ ਆਨੰਦ)

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਲੋਂ ਨਵੇਂ ਖੇਤੀ ਦੇ ਮੰਡੀਕਰਨ ਨੂੰ ਲੈ ਕੇ ਕੇਂਦਰ ਸਰਕਾਰ ਵਲੋਂ ਸੂਬਿਆਂ ਨੂੰ ਭੇਜੇ ਖਰੜੇ ਦੀਆਂ ਕਾਪੀਆਂ ਤਹਿਸੀਲ ਦਫਤਰ ਮਜੀਠਾ ਵਿਖੇ ਬਲਾਕ ਪ੍ਰਧਾਨ ਜਗਜੀਵਨ ਸਿੰਘ ਦੀ ਅਗਵਾਈ ਵਿਚ ਸਾੜੀਆਂ ਗਈਆਂ। ਇਕੱਠ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਜਗਜੀਵਨ ਸਿੰਘ ਨੇ ਕਿਹਾ ਕਿ ਦੇਸ਼ ਵਿਰੋਧੀ ਮੰਡੀਕਰਨ ਨੀਤੀ ਖਰੜਾ ਰੱਦ ਕਰਵਾਉਣ ਲਈ ਅਤੇ ਸਾਰੀਆਂ ਫਸਲਾਂ ਉਪਰ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਕਮਿਸ਼ਨ ਨਾਲ ਲਾਭਕਾਰੀ ਘੱਟੋ ਘੱਟ ਸਮਰਥਨ ਮੁੱਲ ਦੀ ਗਾਰੰਟੀ ਦਾ ਕਾਨੂੰਨ ਬਣਾਉਣ ਅਤੇ ਲਗਾਤਾਰ ਵਧ ਰਹੇ ਖੇਤੀ ਖਰਚਿਆਂ ਕਾਰਨ 80 ਫੀਸਦੀ ਤੋਂ ਵੱਧ ਕਿਸਾਨ ਤੇ ਖੇਤ ਮਜ਼ਦੂਰ ਭਾਰੀ ਕਰਜ਼ਾ ਜਾਲ ਵਿਚ ਫਸ ਚੁੱਕੇ ਹਨ ਅਤੇ ਖੁਦਕੁਸ਼ੀਆਂ ਕਰਨ ਲਈ ਮਜਬੂਰ ਹਨ। ਖੇਤ ਮਜ਼ਦੂਰਾਂ ਦੇ ਹਰ ਤਰ੍ਹਾਂ ਦੇ ਕਰਜ਼ੇ ਮੁਆਫ ਕਰਾਉਣ ਲਈ ਗਾਰੰਟੀ ਕਾਨੂੰਨ ਬਣਾਉਣ ਲਈ ਅਤੇ ਸ਼ੰਭੂ ਤੇ ਖਨੌਰੀ ਬਾਰਡਰ +ਤੇ ਲਗਾਤਾਰ ਸੰਘਰਸ਼ਸ਼ੀਲ ਕਿਸਾਨ ਜਥੇਬੰਦੀਆਂ ਨਾਲ ਫੌਰੀ ਗੱਲਬਾਤ ਰਾਹੀਂ ਮਸਲੇ ਦਾ ਹੱਲ ਕਰਕੇ ਕਿਸਾਨ ਆਗੂ ਦੀ ਜਾਨ ਬਚਾਈ ਜਾਵੇ। ਇਨ੍ਹਾਂ ਮੰਗਾਂ ਲਈ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਲੋਂ ਤਹਿਸੀਲ ਪੱਧਰ 'ਤੇ ਪ੍ਰਦਰਸ਼ਨ ਕੀਤਾ ਗਿਆ ਅਤੇ ਕਿਹਾ ਕਿ ਕੇਂਦਰ ਸਰਕਾਰ ਨੇ ਸੂਬਿਆਂ ਨੂੰ ਜਿਹੜਾ ਖੇਤੀ ਨੀਤੀ ਦਾ ਖਰੜਾ ਭੇਜਿਆ ਹੈ ਉਹ ਲੋਕ ਵਿਰੋਧੀ ਹੈ ਅਤੇ ਇਹ ਉਹੀ ਖਰੜਾ ਹੈ ਜਿਸ ਦਾ ਬੀ ਜੇ ਪੀ ਦੀ ਕੇਂਦਰ ਸਰਕਾਰ ਲਾਗੂ ਕਰਨਾ ਚਾਹੁੰਦੀ ਹੈ। ਜਿਸ ਨੂੰ ਰੱਦ ਕਰਾਉਣ ਲਈ 13 ਮਹੀਨੇ ਦਿੱਲੀ ਦੇ ਬਾਰਡਰਾਂ 'ਤੇ ਅੰਦੋਲਨ ਕੀਤਾ ਸੀ, ਉਸ ਕਾਨੂੰਨ ਨੂੰ ਅਸਿੱਧੇ ਢੰਗ ਨਾਲ ਸੂਬਿਆਂ ਕੋਲੋਂ ਲਾਗੂ ਕਰਾਉਣਾ ਚਾਹੁੰਦੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਅਗਰ ਸੱਚਮੁੱਚ ਪੰਜਾਬ ਸਰਕਾਰ ਕਿਸਾਨਾਂ ਦਾ ਭਲਾ ਚਾਹੁੰਦੀ ਹੈ ਤਾਂ ਇਸ ਖਰੜੇ ਖਿਲਾਫ ਵਿਧਾਨ ਸਭਾ ਵਿਚ ਮਤਾ ਪਾਇਆ ਜਾਵੇ। ਇਸ ਮੌਕੇ ਮੰਗਲ ਸਿੰਘ, ਰਸ਼ਪਾਲ ਸਿੰਘ ਟਰਪਈ, ਦਲਬੀਰ ਸਿੰਘ ਮੱਜਵਿੰਡ, ਗੁਰਮੁਖ ਸਿੰਘ ਚਵਿੰਡਾ, ਅਜੈਬ ਸਿੰਘ ਟਰਪਈ, ਗੁਰਿਦਰ ਸਿੰਘ ਟਰਪਈ, ਸੁਖਦੇਵ ਸਿੰਘ ਮਰੜੀ, ਜਾਪ ਸਿੰਘ, ਅਮਰਪ੍ਰੀਤ ਸਿੰਘ, ਦਿਲਪ੍ਰੀਤ ਸਿੰਘ, ਰਣਜੀਤ ਸਿੰਘ, ਅਜੀਤ ਸਿੰਘ ਤਲਵੰਡੀ, ਗੋਲਡੀ ਜੈਤੀਪੁਰਾ, ਮਲਕੀਤ ਸਿੰਘ, ਉਪਕਾਰ ਸਿੰਘ, ਮਨਪ੍ਰੀਤ ਸਿੰਘ ਹਮਜਾ, ਬਲਜੀਤ ਸਿੰਘ ਜਿਜੇਆਣੀ, ਹਰਦੇਵ ਸਿੰਘ ਆਦਿ ਹਾਜ਼ਰ ਸਨ।

ਨਗਰ ਕੀਰਤਨ ਦੌਰਾਨ ਹੋਇਆ ਗੁੰਡਾਗਰਦੀ ਦਾ ਨੰਗਾ ਨਾਚ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)

ਚਾਰ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦ ਬਾਬਾ ਸੰਗਤ ਸਿੰਘ ਵੈਲਫੇਅਰ ਸੋਸਾਇਟੀ ਵੱਲੋਂ ਸਜਾਏ ਗਏ ਨਗਰ ਕੀਰਤਨ ਮੌਕੇ ਗੁੰਡਾਗਰਦੀ ਦਾ ਨੰਗਾ ਨਾਚ ਵੇਖਣ ਨੂੰ ਮਿਲਿਆ। ਨਗਰ ਕੀਰਤਨ ਜਦ ਚੌਕ ਚੇਲਿਆਂ ਪੁੱਜਾ ਤਾਂ ਇਸ ਮੌਕੇ ਕੁਝ ਮੋਟਰਸਾਈਕਲ ਸਵਾਰ ਨੌਜਵਾਨ ਜੋ ਬਹੁਤ ਤੇਜ਼ ਸਪੀਡ ਨਾਲ ਰੇਸਾਂ ਲਗਾਉਂਦੇ ਜਾ ਰਹੇ ਸਨ ਅਤੇ ਸੜਕ ਪਾਰ ਕਰਨਾ ਚਾਹੁੰਦੇ ਸਨ, ਨੂੰ ਨਗਰ ਕੀਰਤਨ ਵਿੱਚ ਸ਼ਾਮਿਲ ਮੀਰੀ ਪੀਰੀ ਗਤਕਾ ਅਖਾੜਾ ਦੇ ਇੱਕ ਨੌਜਵਾਨ ਵੱਲੋਂ ਕਥਿਤ ਤੌਰ 'ਤੇ ਰੋਕਣ ਦੀ ਕੋਸ਼ਿਸ਼ ਕੀਤੀ ਗਈ ਤਾਂ ਮਾਹੌਲ ਗਰਮਾ ਗਿਆ। ਮੀਰੀ ਪੀਰੀ ਗਤਕਾ ਪਾਰਟੀ ਦੇ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਕਤ ਨੌਜਵਾਨਾਂ ਨੇ ਸਾਡੇ ਨੌਜਵਾਨ ਸੁਮਿਤ ਸਿੰਘ ਦੀ ਦਾੜੀ ਪੁੱਟੀ ਤੇ ਕੇਸਾਂ ਦੀ ਬੇਅਦਬੀ ਕੀਤੀ। ਉਨਾਂ ਨੂੰ ਰੋਕਣ ਦੀ ਬਹੁਤ ਕੋਸ਼ਿਸ਼ ਕੀਤੀ ਪ੍ਰੰਤੂ ਉਹਨਾਂ ਵੱਲੋਂ ਆਪਣੇ ਹੋਰ ਸਾਥੀਆਂ ਨੂੰ ਬੁਲਾਇਆ ਗਿਆ ਜਿਨ੍ਹਾਂ ਦੇ ਹੱਥਾਂ ਵਿੱਚ ਨੰਗੇ ਤੇਜ਼ਧਾਰ ਹਥਿਆਰ ਕਿਰਪਾਨਾਂ, ਦਾਤਰ ਤੇ ਹੋਰ ਜਾਨ ਲੇਵਾ ਹਥਿਆਰ ਸਨ। ਉਹਨਾਂ ਦੱਸਿਆ ਕਿ ਉਹਨਾਂ ਵਿੱਚ ਇੱਕ ਨੌਜਵਾਨ ਨੇ ਪਹਿਲਾਂ ਇੱਟ ਮਾਰੀ ਜੋ ਨਗਰ ਕੀਰਤਨ ਵਿੱਚ ਜਾ ਰਹੇ ਪੰਜ ਪਿਆਰਿਆਂ ਦੇ ਨਜ਼ਦੀਕ ਤੋਂ ਲੰਘ ਗਈ ਅਤੇ ਫਿਰ ਇਹਨਾਂ ਨੌਜਵਾਨਾਂ ਨੇ ਸਾਡੇ ਗਤਕਾ ਖੇਡਦੇ ਨੌਜਵਾਨ 'ਤੇ ਤੇਜ਼ਧਾਰ ਹਥਿਆਰ ਨੂੰ ਗਰਦਨ 'ਤੇ ਮਾਰ ਕੇ ਬੁਰੀ ਤਰ੍ਹਾਂ ਲਹੂ ਲਹਾਨ ਕਰ ਦਿੱਤਾ ਤੇ ਹਥਿਆਰ ਲਹਿਰਾਉਂਦੇ ਦੌੜ ਗਏ। ਉਹਨਾਂ ਦੱਸਿਆ ਕਿ ਇਹਨਾਂ ਨੌਜਵਾਨਾਂ ਦੇ ਪਹਿਲਾਂ ਵੀ ਅਜਿਹੇ ਕਈ ਕਿਸੇ ਸੁਣਨ ਨੂੰ ਮਿਲਦੇ ਹਨ ਜਿਨ੍ਹਾਂ ਨੇ ਹਮੇਸ਼ਾਂ ਗੁੰਡਾਗਰਦੀ ਵਿਖਾ ਕੇ ਕਈ ਵਾਰਦਾਤਾਂ ਕੀਤੀਆਂ ਹਨ। ਉਹਨਾਂ ਕਿਹਾ ਕਿ ਨਗਰ ਕੀਰਤਨ ਦੌਰਾਨ ਅਜਿਹੀ ਵਾਰਦਾਤ ਬਹੁਤ ਮੰਦਭਾਗੀ ਹੈ ਅਤੇ ਅਸੀਂ ਪ੍ਰਸ਼ਾਸਨ ਤੋਂ ਇਨਾਂ ਸ਼ਰਾਰਤੀ ਤੱਤਾਂ ਦੇ ਵਿਰੁੱਧ ਸਖਤ ਤੋਂ ਸਖਤ ਸਜ਼ਾ ਦੇਣ ਦੀ ਮੰਗ ਕਰਦੇ ਹਾਂ।

ਸੈਦਵਾਲ ਵਿਖੇ ਲੱਗਾ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ

ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਡੇਅਰੀ ਵਿਕਾਸ ਵਿਭਾਗ ਅਤੇ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਡਾਇਰੈਕਟਰ ਕੁਲਦੀਪ ਸਿੰਘ ਜੱਸੋਵਾਲ, ਡਿਪਟੀ ਡਾਇਰੈਕਟਰ ਡੇਅਰੀ ਵਰਿਆਮ ਸਿੰਘ ਦੀ ਯੋਗ ਅਗਵਾਈ ਹੇਠ ਡੀ ਡੀ-6 ਸਕੀਮ ਅਧੀਨ ਬਲਾਕ ਕਾਹਨੂੰਵਾਨ ਦੇ ਪਿੰਡ ਸੈਦਵਾਲ ਵਿਖੇ ਇੱਕ ਦਿਨਾ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿਚ ਦੁੱਧ ਉਤਪਾਦਕਾਂ ਨੂੰ ਪਸ਼ੂਆਂ ਦੀਆਂ ਬਿਮਾਰੀਆਂ, ਇਨ੍ਹਾਂ ਦੇ ਇਲਾਜ ਅਤੇ ਚਾਰੇ ਸਬੰਧੀ ਮਾਹਿਰਾਂ ਵੱਲੋਂ ਵਿਸਥਾਰ ਵਿਚ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਡੇਅਰੀ ਵਿਕਾਸ ਵਿਭਾਗ ਵੱਲੋਂ ਪਸ਼ੂ ਪਾਲਕਾਂ ਵਾਸਤੇ ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ, ਸਬਸਿਡੀਆਂ ਅਤੇ ਬੀਮਾ ਸਕੀਮਾਂ ਸਬੰਧੀ ਵਿਸਥਾਰ ਵਿਚ ਜਾਣੂ ਕਰਵਾਇਆ ਗਿਆ। ਇਸ ਕੈਂਪ ਵਿਚ ਪਿੰਡ ਅਤੇ ਇਲਾਕੇ ਦੇ ਅਗਾਂਹਵਧੂ ਕਿਸਾਨਾਂ, ਦੁੱਧ ਉਤਪਾਦਕਾਂ ਨੇ ਸ਼ਾਮਲ ਹੋ ਕੇ ਲਾਭ ਲਿਆ। ਇਸ ਮੌਕੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਵਰਿਆਮ ਸਿੰਘ, ਡਾ. ਅਸ਼ੋਕ ਸਿੰਘ ਬਸਰਾ ਅਸਿਸਟੈਂਟ ਡਾਇਰੈਕਟਰ, ਬਲਕਾਰ ਸਿੰਘ ਮਿਲਕਫੈੱਡ, ਕਮਲ ਕਿਸ਼ੋਰ ਅਦਵੰਤਾ ਕੰਪਨੀ, ਡੇਅਰੀ ਇੰਸਪੈਕਟਰ ਬਰਜਿੰਦਰ ਸਿੰਘ, ਡੇਅਰੀ ਇੰਸਪੈਕਟਰ ਮਿਸ ਅੰਨੂ, ਅਨਾਮਿਕਾ ਸ਼ਰਮਾ, ਸਰਪੰਚ ਕੁਲਵਿੰਦਰ ਸਿੰਘ ਸੈਦੋਵਾਲ ਅਤੇ ਸਰਪੰਚ ਗੁਰਮੁੱਖ ਸਿੰਘ ਗੁੰਨੋਪੁਰ ਆਦਿ ਸਮੇਤ ਵੱਡੀ ਗਿਣਤੀ ਵਿਚ ਅਗਾਂਹਵਧੂ ਕਿਸਾਨ ਦੁੱਧ ਉਤਪਾਦਨ ਵੀ ਹਾਜ਼ਰ ਸਨ।

ਸਰਪੰਚ ਮਨਿੰਦਰ ਸਿੰਘ ਸੁਜਾਨਪੁਰ ਨੂੰ ਸਦਮਾ, ਦਾਦੇ ਦਾ ਦੇਹਾਂਤ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਿੰਡ ਸੁਜਾਨਪੁਰ ਦੇ ਨੌਜਵਾਨ ਸਰਪੰਚ ਮਨਿੰਦਰ ਸਿੰਘ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾ ਦੇ ਦਾਦਾ ਜੀ ਹਰਭਜਨ ਸਿੰਘ ਆਪਣੇ ਸਵਾਸਾਂ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਅਤੇ ਹਰਭਜਨ ਸਿੰਘ ਦਾ ਅੰਤਿਮ ਸੰਸਕਾਰ ਪਿੰਡ ਦੇ ਸ਼ਮਸ਼ਾਨਘਾਟ ਵਿੱਚ ਕੀਤਾ ਗਿਆ। ਮ੍ਰਿਤਕ ਹਰਭਜਨ ਸਿੰਘ ਦੀ ਅੰਤਿਮ ਯਾਤਰਾ ਵਿੱਚ ਵੱਖ-ਵੱਖ ਰਾਜਨੀਤਿਕ, ਧਾਰਮਿਕ, ਸਮਾਜਿਕ ਅਤੇ ਇਲਾਕੇ ਦੇ ਲੋਕਾਂ ਸਮੇਤ ਮਹਾਨ ਸ਼ਖਸੀਅਤਾਂ ਅਤੇ ਰਿਸ਼ਤੇਦਾਰਾਂ ਤੇ ਸੱਜਣਾਂ ਮਿੱਤਰਾਂ ਵੱਲੋਂ ਸਰਪੰਚ ਮਨਿੰਦਰ ਸਿੰਘ ਦੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਵਿਛੜੀ ਰੂਹ ਲਈ ਪਰਮਾਤਮਾ ਅੱਗੇ ਅਰਦਾਸ ਕੀਤੀ। ਕਿਹਾ ਕਿ ਹਰਭਜਨ ਸਿੰਘ ਬਹੁਤ ਹੀ ਨੇਕ ਦਿਲ ਸੁਭਾਅ ਦੇ ਇਨਸਾਨ ਸਨ ਅਤੇ ਹਮੇਸ਼ਾ ਹੀ ਲੋਕਾਂ ਦੀ ਮਦਦ ਲਈ ਅੱਗੇ ਆਉਣ ਲਈ ਸਿੱਖਿਆ ਦਿੱਤੀ। ਉਨ੍ਹਾਂ ਦੀ ਦਿੱਤੀ ਹੋਈ ਸਿੱਖਿਆ 'ਤੇ ਅੱਜ ਉਨ੍ਹਾਂ ਦਾ ਪੂਰਾ ਪਰਵਾਰ ਚੱਲ ਰਿਹਾ ਹੈ।

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਪ੍ਰਧਾਨ ਸੁਖਬੀਰ ਸਿੰਘ ਮੰਨਣ ਨੂੰ ਸਦਮਾ, ਭੂਆ ਦਾ ਦੇਹਾਂਤ

ਝਬਾਲ (ਹਰਜਿੰਦਰ ਸਿੰਘ ਸੋਨੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਅਧੀਨ ਜ਼ਿਲ੍ਹਾ ਤਰਨ ਤਾਰਨ ਦੇ ਜੋਨ ਬਾਬਾ ਦੀਪ ਸਿੰਘ ਜੀ ਦੇ ਪਿੰਡ ਮੰਨਣ ਇਕਾਈ ਦੇ ਪ੍ਰਧਾਨ ਸੁਖਬੀਰ ਸਿੰਘ ਮੰਨਣ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੀ ਸਤਿਕਾਰਯੋਗ ਭੂਆ ਮਾਤਾ ਚਰਨ ਕੌਰ ਦਾ ਕੱਲ੍ਹ ਉਨ੍ਹਾਂ ਦੇ ਗ੍ਰਹਿ ਵਿਖੇ 95 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ।ਮਾਤਾ ਚਰਨ ਕੌਰ ਦਾ ਅੰਤਿਮ ਸੰਸਕਾਰ ਉਨ੍ਹਾਂ ਦੀ ਜਨਮਭੂਮੀ ਪਿੰਡ ਮੰਨਣ ਵਿੱਚ ਕਰ ਦਿੱਤਾ ਗਿਆ।ਇਸ ਮੌਕੇ ਜ਼ਿਲ੍ਹਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਪ੍ਰਧਾਨ ਸੁਖਬੀਰ ਸਿੰਘ ਮੰਨਣ, ਸਕੱਤਰ ਹਰਜੀਤ ਸਿੰਘ ਮੰਨਣ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਦੱਸਿਆ ਕਿ ਮਾਤਾ ਚਰਨ ਕੌਰ ਮੰਨਣ ਨੇ ਆਪਣੀਆਂ ਸੇਵਾਵਾਂ ਬੜੇ ਸੁਚੱਜੇ ਢੰਗ ਨਾਲ ਵੱਧ ਚੜ੍ਹ ਕੇ ਨਿਭਾਈਆਂ, ਇਸ ਫਾਨੀ ਸੰਸਾਰ ਤੋਂ ਜਾਣ ਨਾਲ ਪਰਵਾਰ ਨੂੰ ਘਾਟਾ ਪਿਆ ਹੈ, ਉੱਥੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨੂੰ ਵੀ ਬਹੁਤ ਵੱਡਾ ਘਾਟਾ ਪਿਆ ਹੈ। ਉਨ੍ਹਾਂ ਦੇ ਜਾਣ ਨਾਲ ਇੱਕ ਯੁੱਗ ਦਾ ਅੰਤ ਹੋਇਆ ਹੈ। ਅਜਿਹੇ ਨੇਕ ਅਤੇ ਸੁਲਝੇ ਹੋਏ ਇਨਸਾਨਾਂ ਦੀ ਸੰਸਾਰ ਵਿੱਚ ਬਹੁਤ ਲੋੜ ਹੁੰਦੀ ਹੈ ਜੋ ਲੋਕ ਭਲਾਈ ਦੇ ਕੰਮਾਂ ਲਈ ਆਪਣਾ ਸਮਾਂ ਕੱਢਦੇ ਹਨ। ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਆਗੂਆਂ ਵੱਲੋਂ ਮਾਤਾ ਚਰਨ ਕੌਰ ਮੰਨਣ ਨੂੰ ਸਜੇਬੰਦੀ ਦਾ ਝੰਡਾ ਪਾ ਕੇ ਸ਼ਰਧਾਂਜਲੀ ਦਿੱਤੀ ਗਈ। ਪਿੰਡ ਤੋਂ ਆਗੂ ਤੀਰ ਸਿੰਘ ਮੰਨਣ, ਦਲਜੀਤ ਸਿੰਘ ਮੰਨਣ, ਹਰਜਿੰਦਰ ਸਿੰਘ ਮੰਨਣ, ਗੁਰਲਾਲ ਸਿੰਘ ਮੰਨਣ, ਸਰਪ੍ਰਸਤ ਗੱਜਣ ਸਿੰਘ ਪੰਡੋਰੀ ਸਿੱਧਵਾਂ, ਡਾ. ਭਾਨ ਸਿੰਘ ਪੰਡੋਰੀ ਸਿੱਧਵਾਂ ਅਤੇ ਪਾਰਟੀ ਆਗੂ ਤੇ ਮੈਂਬਰ ਹਾਜ਼ਰ ਸਨ।

ਜਵਾਹਰ ਨਵੋਦਿਆ ਵਿਦਿਆਲਿਆ ਪ੍ਰੀਖਿਆ 2025 ਦੀਆਂ ਤਿਆਰੀਆਂ ਮੁਕੰਮਲ

ਤਰਨ ਤਾਰਨ (ਪ੍ਰਿਤਪਾਲ ਸਿੰਘ)

ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਹੋਰ ਵਧੇਰੇ ਉਤਸ਼ਾਹਤ ਕਰਨ ਅਤੇ ਸਿੱਖਿਆ ਵਿੱਚ ਗੁਣਵੱਤਾ ਲਿਆਉਣ ਦੇ ਉਦੇਸ਼ ਨਾਲ ਹਰ ਸਾਲ ਸਰਕਾਰ ਵੱਲੋਂ ਨਵੋਦਿਆ ਵਿਦਿਆਲਿਆ ਪ੍ਰੀਖਿਆ ਕਰਵਾਈ ਜਾਂਦੀ ਹੈ। ਇਸ ਪ੍ਰੀਖਿਆ ਵਿੱਚ ਪੰਜਵੀਂ ਸ਼੍ਰੇਣੀ ਵਿੱਚ ਪੜ੍ਹ ਰਹੇ ਵਿਦਿਆਰਥੀ ਛੇਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਲਈ ਪ੍ਰੀਖਿਆ ਦਿੰਦੇ ਹਨ। ਇਸ ਸਾਲ ਵੀ ਨਵੋਦਿਆ ਵਿਦਿਆਲਿਆ ਪ੍ਰੀਖਿਆ 18 ਜਨਵਰੀ ਨੂੰ ਪੂਰੇ ਪੰਜਾਬ ਵਿੱਚ ਹੋ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ/ਸਕੈਂਡਰੀ ਸਿੱਖਿਆ (ਤਰਨ ਤਾਰਨ) ਰਾਜੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਪ੍ਰੀਖਿਆ ਨੂੰ ਨਿਰਵਿਘਨ ਕਰਵਾਉਣ ਦੀ ਉਦੇਸ਼ ਨਾਲ ਜ਼ਿਲਾ ਤਰਨ ਤਾਰਨ ਵਿੱਚ ਕੁਲ 11 ਪ੍ਰੀਖਿਆ ਕੇਂਦਰ ਬਣਾਏ ਗਏ ਹਨ, ਜਿਨ੍ਹਾਂ ਵਿੱਚ 3631 ਵਿਦਿਆਰਥੀ ਪ੍ਰੀਖਿਆ ਦੇਣਗੇ ਅਤੇ ਪ੍ਰੀਖਿਆ ਕੇਂਦਰਾਂ ਦੇ ਪ੍ਰਿੰਸੀਪਲ/ਸੁਪਰਡੈਂਟ ਸਾਹਿਬਾਨ ਨੂੰ ਪ੍ਰੀਖਿਆ ਨਾਲ ਸੰਬੰਧਤ ਸਮੁੱਚਾ ਰਿਕਾਰਡ ਪੁੱਜਦਾ ਕਰਵਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪ੍ਰੀਖਿਆ ਨੂੰ ਨਕਲ ਰਹਿਤ ਕਰਵਾਉਣ ਲਈ ਹਰੇਕ ਸੈਂਟਰ ਉੱਤੇ ਪੂਰੀ ਤਰ੍ਹਾਂ ਚੌਕਸੀ ਰੱਖਣ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ ਰਜੇਸ਼ ਕੁਮਾਰ ਦੀ ਅਗਵਾਈ ਹੇਠ ਫਲਾਇੰਗ ਸਕੂਐਡ ਦੀ ਡਿਊਟੀ ਲਗਾ ਦਿੱਤੀ ਗਈ ਹੈ। ਉਪ ਜ਼ਿਲ੍ਹਾ ਸਿੱਖਿਆ ਅਫਸਰ ਸਕੈਂਡਰੀ ਪਰਮਜੀਤ ਸਿੰਘ ਨੇ ਦੱਸਿਆ ਕਿ ਹਰੇਕ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰੀਖਿਆ ਪੂਰੇ ਸ਼ਾਂਤਮਈ ਤਰੀਕੇ ਨਾਲ ਕਰਵਾਉਣ ਲਈ ਦਫਤਰੀ ਅਮਲੇ ਵੱਲੋਂ ਪੂਰੀ ਤਰਾਂ ਤਿਆਰੀ ਕਰ ਲਈ ਗਈ ਹੈ। ਇਸ ਮੀਟਿੰਗ ਵਿੱਚ ਦਫਤਰ ਦੇ ਇੰਚਾਰਜ ਸੁਪਰਡੈਂਟ ਸਰਬਜੀਤ ਸਿੰਘ, ਤਰਸੇਮ ਸਿੰਘ ਡੀਲਿੰਗ ਸਹਾਇਕ, ਜਵਾਹਰ ਨਵੋਦਿਆ ਵਿਦਿਆਲਿਆ ਦੇ ਵਾਈਸ ਪ੍ਰਿੰਸੀਪਲ ਹਿੰਮਤ ਸ਼ਰਮਾ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

ਠੱਠੇ ਤੋਂ ਬਾਬਾ ਬੁੱਢਾ ਸਾਹਿਬ ਤੱਕ ਸੜਕ ਦਾ ਹੋਵੇਗਾ ਨਵੀਨੀਕਰਨ : ਡਾ. ਸੋਹਲ

ਝਬਾਲ (ਹਰਜਿੰਦਰ ਸਿੰਘ ਸੋਨੀ)-ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਪਿੰਡ ਠੱਠੇ ਦੇ ਗੁਰਦੁਆਰਾ ਸਾਹਿਬ ਤੋਂ ਬਾਬਾ ਬੁੱਢਾ ਸਾਹਿਬ ਰੋਡ ਤੱਕ ਜਾਂਦੀ ਸੜਕ ਦਾ ਉਦਘਾਟਨ ਕੀਤਾ। ਇਸ ਸੜਕ ਦਾ ਤਕਰੀਬਨ 8 ਲੱਖ ਦੀ ਲਾਗਤ ਨਾਲ ਨਵੀਨੀਕਰਨ ਕੀਤਾ ਜਾਵੇਗਾ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਵਿਧਾਇਕ ਸੋਹਲ ਨੇ ਦੱਸਿਆ ਕਿ ਹਲਕੇ ਦੇ ਪਿੰਡਾਂ ਵਿੱਚ ਆਮ ਆਦਮੀ ਪਾਰਟੀ ਦੇ ਸਰਪੰਚ ਬਣ ਚੁੱਕੇ ਹਨ ਅਤੇ ਪਿੰਡਾਂ ਦੇ ਵਿਕਾਸ ਦਾ ਕੰਮ ਜੰਗੀ ਪੱਧਰ ਤੇ ਕਰਵਾਇਆ ਜਾ ਰਿਹਾ

ਨਵਾਂ ਜ਼ਮਾਨਾ
ਸ਼ੁੱਕਰਵਾਰ, 17 ਜਨਵਰੀ 2025

ਭਾਜਪਾ ਆਗੂਆਂ ਦੇ ਕਾਰੇ

ਹਰਿਆਣਾ ਭਾਜਪਾ ਦੇ ਪ੍ਰਧਾਨ ਮੋਹਨ ਲਾਲ ਬੜੌਲੀ ਦਾ ਨਾਂਅ ਵੀ ਉਨ੍ਹਾਂ ਭਾਜਪਾ ਆਗੂਆਂ ਦੀ ਲਿਸਟ ਵਿੱਚ ਜੁੜ ਗਿਆ ਹੈ, ਜਿਨ੍ਹਾਂ 'ਤੇ ਬਲਾਤਕਾਰ ਦੇ ਦੋਸ਼ ਲੱਗੇ ਹਨ। ਪਛੜ ਕੇ ਬਾਹਰ ਆਈ ਖਬਰ ਮੁਤਾਬਕ ਦਿੱਲੀ ਦੀ ਇਕ ਮਹਿਲਾ ਨੇ 13 ਦਸੰਬਰ ਨੂੰ ਹਿਮਾਚਲ ਦੇ ਸੋਲਨ ਜ਼ਿਲ੍ਹੇ ਦੇ ਕਸੌਲੀ ਥਾਣੇ ਵਿੱਚ ਐੱਫ ਆਈ ਆਰ ਦਰਜ ਕਰਾਈ ਕਿ ਉਸ ਨਾਲ 3 ਜੁਲਾਈ 2023 ਨੂੰ ਕਸੌਲੀ ਦੇ ਮੰਕੀ ਪੁਆਇੰਟ ਰੋਡ 'ਤੇ ਹਿਮਾਚਲ ਪ੍ਰਦੇਸ਼ ਸੈਰ-ਸਪਾਟਾ ਵਿਕਾਸ ਨਿਗਮ ਦੇ ਹੋਟਲ 'ਚ ਬੜੌਲੀ ਤੇ ਗਾਇਕ ਰੌਕੀ ਮਿੱਤਲ ਉਰਫ ਜੈ ਭਗਵਾਨ ਨੇ ਗੈਂਗਰੇਪ ਕੀਤਾ। ਮਾਮਲਾ ਪੁਰਾਣਾ ਹੈ ਤੇ ਹੁਣ ਹਿਮਾਚਲ ਪੁਲਸ ਦੀ ਪਰਖ ਹੋਵੇਗੀ ਕਿ ਉਹ ਇਸ ਨੂੰ ਕਿਵੇਂ ਸਿਰੇ ਲਾਉਂਦੀ ਹੈ। ਹਾਲਾਂਕਿ ਬੜੌਲੀ ਨੇ ਦੋਸ਼ਾਂ ਦਾ ਖੰਡਨ ਕਰਦਿਆਂ ਦਾਅਵਾ ਕੀਤਾ ਹੈ ਕਿ ਦਿੱਲੀ ਅਸੈਂਬਲੀ ਚੋਣਾਂ ਨੂੰ ਪ੍ਰਭਾਵਤ ਕਰਨ ਲਈ ਉਨ੍ਹਾ ਦਾ ਨਾਂਅ ਘਸੀਟਿਆ ਜਾ ਰਿਹਾ ਹੈ, ਪਰ ਹਰਿਆਣਾ ਦੇ ਟਰਾਂਸਪੋਰਟ ਮੰਤਰੀ ਤੇ ਸੀਨੀਅਰ ਭਾਜਪਾ ਆਗੂ ਅਨਿਲ ਵਿੱਜ ਨੇ ਦੋਸ਼ ਨੂੰ ਬਹੁਤ ਗੰਭੀਰ ਦੱਸਦਿਆਂ ਵਿਸ਼ਵਾਸ ਪ੍ਰਗਟਾਇਆ ਹੈ ਕਿ ਭਾਜਪਾ ਹਾਈਕਮਾਨ ਢੁੱਕਵੀਂ ਕਾਰਵਾਈ ਕਰੇਗੀ।

ਪਿਛਲੇ ਦਿਨੀਂ ਮੱਧ ਪ੍ਰਦੇਸ਼ ਦੇ ਸੀਧੀ ਜ਼ਿਲ੍ਹੇ ਦੇ ਭਾਜਪਾ ਆਗੂ ਅਜੀਤ ਪਾਲ ਸਿੰਘ ਚੌਹਾਨ ਨੂੰ ਭਾਜਪਾ ਮਹਿਲਾ ਆਗੂ ਨਾਲ ਬਲਾਤਕਾਰ ਤੇ ਜਬਰੀ ਵਸੂਲੀ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। ਐੱਫ ਆਈ ਆਰ ਮੁਤਾਬਕ ਮਹਿਲਾ ਆਗੂ ਨਾਲ ਟਿਕਟ ਦੇਣ ਦੇ ਬਹਾਨੇ ਕਥਿਤ ਤੌਰ 'ਤੇ ਬਲਾਤਕਾਰ ਕੀਤਾ ਗਿਆ। ਮਹਿਲਾ ਨੇ ਦੋਸ਼ ਲਾਇਆ ਕਿ ਚੌਹਾਨ ਨੇ ਘਟਨਾ ਦੀ ਵੀਡੀਓ ਬਣਾ ਕੇ ਪੈਸੇ ਮੰਗੇ। ਉਸ ਦੇ ਪਤੀ ਨੂੰ ਮਾਰਨ ਦੀ ਧਮਕੀ ਵੀ ਦਿੱਤੀ ਤੇ ਸਹੁਰੇ ਨੂੰ ਅਸ਼ਲੀਲ ਵੀਡੀਓ ਦਿਖਾ ਕੇ ਪੈਸੇ ਦੇਣ ਲਈ ਮਜਬੂਰ ਕੀਤਾ। ਨਮੋਸ਼ੀ ਦੇ ਬਾਅਦ ਭਾਜਪਾ ਵੱਲੋਂ ਚੌਹਾਨ ਨੂੰ ਪਾਰਟੀ ਵਿੱਚੋਂ ਕੱਢਣਾ ਪਿਆ। ਪਿਛਲੇ ਸਾਲ ਹਿਮਾਚਲ ਦੇ ਭਾਜਪਾ ਵਿਧਾਇਕ ਹੰਸ ਰਾਜ ਉੱਤੇ 20 ਸਾਲਾ ਮੁਟਿਆਰ ਨੇ ਛੇੜਛਾੜ ਦਾ ਦੋਸ਼ ਲਾਇਆ ਸੀ। ਹਾਲਾਂਕਿ ਬਾਅਦ ਵਿੱਚ ਉਸ ਨੇ ਇਹ ਕਹਿੰਦਿਆਂ ਦੋਸ਼ ਵਾਪਸ ਲੈ ਲਿਆ ਸੀ ਕਿ ਉਹ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਸੀ। ਉਸ ਦੇ ਪਿਤਾ ਭਾਜਪਾ ਦੇ ਹੀ ਬੂਥ ਆਗੂ ਹਨ। ਸਾਬਕਾ ਭਾਜਪਾ ਸਾਂਸਦ ਤੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਵੇਲੇ ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਣ ਸਿੰਘ 'ਤੇ ਮਹਿਲਾ ਭਲਵਾਨਾਂ ਵੱਲੋਂ ਲਾਏ ਗਏ ਜਿਨਸੀ ਸ਼ੋਸ਼ਣ ਦੇ ਦੋਸ਼ ਤੇ ਮਹਿਲਾ ਭਲਵਾਨਾਂ ਵੱਲੋਂ ਚਲਾਏ ਗਏ ਅੰਦੋਲਨ ਬਾਰੇ ਇੱਥੇ ਵਿਸਥਾਰ 'ਚ ਦੱਸਣ ਦੀ ਲੋੜ ਨਹੀਂ। ਯੂ ਪੀ ਦੇ ਭਾਜਪਾ ਦੇ ਵੇਲੇ ਦੇ ਵਿਧਾਇਕ ਕੁਲਦੀਪ ਸਿੰਘ ਸੇਂਗਰ 'ਤੇ ਵੀ ਬਲਾਤਕਾਰ ਦਾ ਦੋਸ਼ ਲੱਗਿਆ ਸੀ। ਕੁੜੀ ਨੇ ਕਿਹਾ ਸੀ ਕਿ ਜਦੋਂ ਜੂਨ 2017 ਵਿੱਚ ਉਹ ਨੌਕਰੀ ਮੰਗਣ ਉਹਦੇ ਕੋਲ ਗਈ ਤਾਂ ਸੇਂਗਰ ਨੇ ਬਲਾਤਕਾਰ ਕੀਤਾ। ਵਿਧਾਇਕ ਦੇ ਭਰਾ ਅਤੁਲ ਸਿੰਘ ਸੇਂਗਰ ਤੇ ਉਸ ਦੇ ਸਾਥੀਆਂ ਨੇ ਪੀੜਤਾ ਨਾਲ ਕੁੱਟਮਾਰ ਕੀਤੀ ਸੀ ਤੇ ਉਸ ਦੇ ਬਾਅਦ ਪੁਲਸ ਹਿਰਾਸਤ 'ਚ ਪੀੜਤਾ ਦੇ ਪਿਤਾ ਦੀ ਮੌਤ ਹੋ ਗਈ ਸੀ। ਕਰਨਾਟਕ ਵਿੱਚ ਭਾਜਪਾ ਦੇ ਸਹਿਯੋਗੀ ਜਨਤਾ ਦਲ (ਸੈਕੂਲਰ) ਦੇ ਵੇਲੇ ਦੇ ਸਾਂਸਦ ਪ੍ਰਜਵਲ ਰੇਵੰਨਾ ਖਿਲਾਫ ਬਲਾਤਕਾਰ ਤੇ ਅਗਵਾ ਦੀ ਐੱਫ ਆਈ ਆਰ ਦਰਜ ਕੀਤੀ ਗਈ। ਐੱਫ ਆਈ ਆਰ ਵਿੱਚ ਵਾਰ-ਵਾਰ ਬਲਾਤਕਾਰ ਕਰਨ, ਧਮਕੀਆਂ, ਨਗਨ ਤੇ ਅਰਧ-ਨਗਨ ਤਸਵੀਰਾਂ ਅਪਲੋਡ ਕਰਨ ਦੀਆਂ ਧਾਰਾਵਾਂ ਸ਼ਾਮਲ ਕਰਕੇ ਵਿਸ਼ੇਸ਼ ਜਾਂਚ ਟੀਮ ਜਾਂਚ ਕਰ ਰਹੀ ਹੈ। ਇਨ੍ਹਾਂ ਦੋਸ਼ਾਂ ਦਰਮਿਆਨ ਲੋਕ ਸਭਾ ਚੋਣਾਂ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰੇਵੰਨਾ ਦੇ ਹੱਕ 'ਚ ਪ੍ਰਚਾਰ ਕੀਤਾ। ਅਗਸਤ 2019 ਵਿੱਚ ਸਾਬਕਾ ਭਾਜਪਾ ਕੇਂਦਰੀ ਮੰਤਰੀ ਤੇ ਯੂ ਪੀ ਦੇ ਸ਼ਾਹਜਹਾਂਪੁਰ ਦੇ ਲਾਅ ਕਾਲਜ 'ਸਵਾਮੀ ਸ਼ੁਕਦੇਵਾਨੰਦ ਵਿਧੀ ਮਹਾਂਵਿਦਿਆਲਿਆ' ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਵਾਮੀ ਚਿਨਮਯਾਨੰਦ ਉੱਤੇ ਵਿਦਿਆਰਥਣ ਨੇ ਸੋਸ਼ਲ ਮੀਡੀਆ 'ਤੇ ਵੀਡੀਓ ਅਪਲੋਡ ਕਰਕੇ ਉਸ ਦਾ ਹੀ ਨਹੀਂ, ਕਈ ਕੁੜੀਆਂ ਦਾ ਸਰੀਰਕ ਸ਼ੋਸ਼ਣ ਕਰਕੇ ਜ਼ਿੰਦਗੀ ਬਰਬਾਦ ਕਰਨ ਦੇ ਦੋਸ਼ ਲਾਏ ਸਨ। ਵਿਦਿਆਰਥਣ ਨੇ ਕਿਹਾ ਸੀ ਕਿ ਚਿਨਮਯਾਨੰਦ ਨੇ ਇਕ ਸਾਲ ਤੱਕ ਉਸ ਨਾਲ ਬਲਾਤਕਾਰ ਕੀਤਾ। ਪੀੜਤਾ ਨੇ ਆਤਮਦਾਹ ਦੀ ਧਮਕੀ ਵੀ ਦਿੱਤੀ ਸੀ। ਇਸ ਦੇ ਬਾਅਦ ਸੁਪਰੀਮ ਕੋਰਟ ਨੇ ਮਾਮਲੇ 'ਚ ਦਖਲ ਦਿੱਤਾ ਤਾਂ ਜਾ ਕੇ ਕੇਸ ਦਰਜ ਕਰਕੇ 2019 ਦੇ ਸਤੰਬਰ ਮਹੀਨੇ 'ਚ ਉਸ ਨੂੰ ਗ੍ਰਿਫਤਾਰ ਕੀਤਾ ਗਿਆ। ਆਈ ਆਈ ਟੀ-ਬਨਾਰਸ ਹਿੰਦੂ ਯੂਨੀਵਰਸਿਟੀ ਦੀ ਬੀ ਟੈੱਕ ਦੀ 20 ਸਾਲਾ ਵਿਦਿਆਰਥਣ ਨਾਲ 2023 ਵਿੱਚ ਤਿੰਨ ਜਣਿਆਂ ਨੇ ਗੈਂਗਰੇਪ ਕੀਤਾ। ਇਹ ਤਿੰਨੋਂ ਭਾਜਪਾ ਦੇ ਆਈ ਟੀ ਸੈੱਲ ਦੇ ਅਹੁਦੇਦਾਰ ਸਨ। ਇਨ੍ਹਾਂ ਦੀਆਂ ਤਸਵੀਰਾਂ ਮੋਦੀ, ਯੋਗੀ ਤੇ ਜੇ ਪੀ ਨੱਢਾ ਵਰਗੇ ਆਗੂਆਂ ਨਾਲ ਸਾਹਮਣੇ ਆਈਆਂ ਸਨ। ਇਨ੍ਹਾਂ ਨੂੰ ਫੜਨ 'ਚ ਪੁਲਸ ਨੂੰ ਕਈ ਮਹੀਨੇ ਲੱਗੇ। ਭਾਜਪਾ ਦੀ ਇੱਕ ਤਰਜਮਾਨ ਨੇਹਾ ਸ਼ਾਲਿਨੀ ਨੇ ਦੋਸ਼ ਲਾਇਆ ਸੀ ਕਿ ਭਾਜਪਾ ਵਿੱਚ ਸ਼ਕਲ-ਸੂਰਤ ਦੇਖ ਕੇ ਮਹਿਲਾਵਾਂ ਨੂੰ ਅਹੁਦੇ ਦਿੱਤੇ ਜਾਂਦੇ ਹਨ। ਜਿਹੜੀਆਂ ਸਮਝੌਤੇ ਨਹੀਂ ਕਰਦੀਆਂ, ਉਨ੍ਹਾਂ ਨੂੰ ਤੰਗ ਕੀਤਾ ਜਾਂਦਾ ਹੈ।

ਮਹਿਲਾ ਕਾਂਗਰਸ ਦੀ ਪ੍ਰਧਾਨ ਅਲਕਾ ਲਾਂਬਾ ਦਾ ਕਹਿਣਾ ਹੈ ਕਿ ਭਾਜਪਾ ਆਗੂ ਬਿਨਾਂ ਡਰ ਦੇ ਅਜਿਹੀਆਂ ਹਰਕਤਾਂ ਇਸ ਲਈ ਕਰਦੇ ਹਨ, ਕਿਉਂਕਿ ਪਾਰਟੀ ਉਨ੍ਹਾਂ ਨਾਲ ਖੜ੍ਹਦੀ ਹੈ। ਪ੍ਰਧਾਨ ਮੰਤਰੀ ਦਾ 'ਬੇਟੀ ਬਚਾਓ-ਬੇਟੀ ਪੜ੍ਹਾਓ' ਦਾ ਨਾਅਰਾ ਖੋਖਲਾ ਹੈ। ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ, ਭਾਜਪਾ ਮਹਿਲਾ ਮੋਰਚਾ ਤੇ ਭਾਜਪਾ ਦੇ ਕੌਮੀ ਪ੍ਰਧਾਨ ਅਤੇ ਹੋਰ ਵੱਡੇ ਆਗੂਆਂ ਨੂੰ ਜਵਾਬ ਦੇਣਾ ਚਾਹੀਦਾ ਹੈ ਕਿ ਏਨੇ ਗੰਭੀਰ ਦੋਸ਼ ਦੇ ਬਾਵਜੂਦ ਉਨ੍ਹਾਂ ਦਾ ਹਰਿਆਣਾ ਦਾ ਪ੍ਰਧਾਨ ਅਹੁਦੇ 'ਤੇ ਕਾਇਮ ਕਿਵੇਂ ਹੈ?

ਕੁਦਰਤੀ ਸੋਮਿਆਂ ਨੂੰ ਤਹਿਸ-ਨਹਿਸ ਕਰ ਦੇਵੇਗੀ ਵਧਦੀ ਮਨੁੱਖੀ ਵਸੋਂ

ਜਿਹੜੇ ਵੀ ਜੀਵ ਪ੍ਰਿਥਵੀ ਉੱਪਰ ਵਿਚਰ ਰਹੇ ਹਨ, ਉਹ ਇਸ ਲਈ ਕਿਉਂਕਿ ਇਸ ਉੱਪਰ ਵਿਆਪਕ ਪ੍ਰਸਥਿਤੀਆਂ ਨੇ ਇਨ੍ਹਾਂ ਨੂੰ ਜੀਵਨ ਭੋਗਣ ਦੀ ਆਗਿਆ ਦਿੱਤੀ ਹੋਈ ਹੈ। ਮਨੁੱਖ ਵੀ ਇਸ ਵਿਧਾਨ ਤੋਂ ਮੁਕਤ ਨਹੀਂ ਹੈ। ਇਹ ਵੀ ਕੁਦਰਤ ਲਈ ਹੋਰਨਾਂ ਜੀਵਾਂ ਵਰਗਾ ਇਕ ਜੀਵ ਹੈ, ਜਿਹੜਾ ਮਨੁੱਖ ਵਰਗਾ ਇਹ ਜੀਵ ਅੱਜ ਤੋਂ 50 ਹਜਾਰ ਵਰ੍ਹੇ ਪਹਿਲਾਂ ਇਸ ਧਰਤੀ 'ਤੇ ਸੀ, ਉਹ ਵੀ ਹਿਮਯੁੱਗ ਦੀ ਬਰਫੀਲੀ ਠੰਢ ਨਾਲ ਬਣਵਾਸ ਵਾਂਗ ਜੂਝ ਰਿਹਾ ਸੀ। ਕਰੀਬ ਕੋਈ 11000 ਵਰ੍ਹੇ ਪਹਿਲਾਂ ਹਿਮਯੁੱਗ ਦਾ ਅੰਤ ਹੋਣ ਨਾਲ ਇਹ ਸੰਜਮੀ ਵਾਤਾਵਰਣ 'ਚ ਰਹਿਣ ਲੱਗਾ ਅਤੇ ਖੇਤੀ ਕਰਨ ਲੱਗਾ ਅਤੇ ਚੁਣ-ਚੁਣ ਕੇ ਫਸਲਾਂ ਉਗਾਉਣ ਲੱਗਾ, ਜਿਸ ਉੱਪਰ ਸਾਡਾ ਜੀਵਨ ਨਿਰਭਰ ਹੈ। ਵੀਹਵੀਂ ਸਦੀ ਦੇ ਅੱਧ ਤੱਕ ਇਹ ਸਭ ਕੁਝ ਠੀਕ-ਠਾਕ ਚੱਲਦਾ ਰਿਹਾ। ਉਸ ਸਮੇਂ ਕੁਦਰਤੀ ਸਰੋਤ ਉਪਲੱਬਧ ਸਨ, ਉਦਯੋਗ ਵੀ ਆਪਣੇ ਮੱਠੀ ਰਫਤਾਰ ਨਾਲ ਚੱਲ ਰਹੇ ਸਨ, ਜਿਹੜਾ ਵੀ ਪ੍ਰਦੂਸ਼ਣ ਉਪਜਾਉਂਦੇ, ਕੁਦਰਤੀ ਸਰੋਤ ਆਪਣੇ ਅੰਦਰ ਸਮੇਟ ਲੈਂਦੇ ਸਨ । ਕਾਸ਼ਤ ਲਈ ਨਾ ਕੀਟਨਾਸ਼ਕ ਵਰਤੇ ਜਾਂਦੇ ਸਨ ਅਤੇ ਨਾ ਹੀ ਪਰਾਲੀ ਆਦਿ ਸਾੜਨ ਦਾ ਰੁਝਾਨ ਸੀ।

ਵੀਹਵੀਂ ਸਦੀ ਦੇ ਮੱਧ 'ਚ ਜਦੋਂ ਮਨੁੱਖੀ ਵਸੋਂ ਵਧਣ ਲੱਗੀ, ਉਦੋਂ ਹੀ ਉਦਯੋਗ ਵਧਣ ਲੱਗ ਪਏ ਅਤੇ ਆਲੇ-ਦੁਆਲੇ ਨੂੰ ਪ੍ਰਦੂਸ਼ਤ ਕਰਨ ਲੱਗੇ। 2000 ਤੱਕ ਇਸ ਸਭ ਕੁਝ ਦੇ ਜਦ ਸਿੱਟੇ ਸਾਹਮਣੇ ਆਏ, ਤਦ ਅਸੀਂ ਇਕ ਵੱਖਰੇ ਹੀ ਸੰਸਾਰ ਵਿਚ ਵਿਚਰ ਰਹੇ ਸਾਂ, ਸਾਡੇ ਆਪਣੇ ਭਵਿੱਖ ਬਾਰੇ ਲਏ ਮਨਮੋਹਕ ਸੁਪਨੇ ਇਕ-ਇਕ ਕਰਕੇ ਚਕਨਾਚੂਰ ਹੋਣ ਲੱਗ ਪਏ। ਸਾਲ 2000 ਵਿਚ ਮਨੁੱਖੀ ਵਸੋਂ 6 ਅਰਬ ਸੀ। ਏਨੀ ਵਸੋਂ ਲਈ ਖਾਣ-ਪੀਣ ਦੀ ਥੁੜ੍ਹ ਸਤਾਉਣ ਲੱਗੀ। ਲਗਾਤਾਰ ਵਧ ਰਹੀ ਵਸੋਂ ਦਾ ਢਿੱਡ ਭਰਨ ਅਤੇ ਹੋਰ ਜ਼ਰੂਰਤਾਂ ਪੂਰੀਆਂ ਕਰਨ ਲਈ ਰਸਾਇਣਕ ਖੇਤੀ ਹੱਦਾਂ-ਬੰਨੇ ਟੱਪਣ ਲੱਗੀ, ਜਿਸ ਦੇ ਸਿੱਟੇ ਵਜੋਂ ਵਾਤਾਵਰਣ ਵਿਚ ਵਿਗਾੜ ਪੈਦਾ ਹੋਣ ਲੱਗਾ। ਪਾਣੀ ਦੀ ਥੁੜ੍ਹ ਮਹਿਸੂਸ ਹੋਣ ਲੱਗੀ ਅਤੇ ਭੂਗੋਲਿਕ ਤਾਪਮਾਨ ਜ਼ੋਰ ਫੜਨ ਲੱਗਾ। ਲਗਾਤਾਰ ਵਧਦੇ ਜਾ ਰਹੇ ਤਾਪਮਾਨ ਨੇ ਮੌਸਮਾਂ ਅਤੇ ਰੁੱਤਾਂ ਵਿਚ ਭਾਰੀ ਬਦਲਾਅ ਲੈ ਆਂਦੇ। ਅੱਜ ਮਨੁੱਖ ਪ੍ਰਗਤੀ ਨਾਲ ਖੀਵਾ ਹੋਇਆ ਕੁਦਰਤ ਨੂੰ ਅਸ਼ਲੀਲ ਘਸਮੈਲੇਪਣ ਨਾਲ ਪੋਦੀ ਜਾ ਰਿਹਾ ਹੈ ਅਤੇ ਆਪਣੀਆਂ ਜੜ੍ਹਾਂ ਖੋਖਲੀਆਂ ਕਰੀ ਜਾ ਰਿਹਾ ਹੈ। ਮਨੁੱਖ ਨੂੰ ਅਨੁਭਵ ਹੀ ਨਹੀਂ ਕਿ ਆਪਣੀ ਥਾਵੇਂ ਸਰਕੀ ਕੁਦਰਤ ਦੇ ਨਹੋਰਿਆਂ ਨੂੰ ਝੱਲਣਯੋਗ ਯੋਗਤਾ ਦੇ ਯੋਗ ਇਹ ਆਪ ਨਹੀਂ। ਪਹਿਲਾਂ ਦੰਗੇ-ਫਸਾਦ ਭਾਵਨਾਤਮਕ ਬਖੇੜਿਆਂ ਕਾਰਨ ਹੁੰਦੇ ਸਨ, ਪਰ ਅੱਜ ਇਹ ਪਾਣੀਆਂ ਪਿੱਛੇ ਹੋ ਰਹੇ ਹਨ ਅਤੇ ਸਾਡੇ ਆਪਣੇ ਦੇਸ਼ ਵਿਚ ਹੋ ਰਹੇ ਹਨ, ਜਿੱਥੇ ਅਣਗਿਣਤ ਨਦੀਆਂ ਵਗ ਰਹੀਆਂ ਹਨ। ਪਾਣੀ ਦੀ ਕਦਰ ਪਾਉਣੀ ਸਾਨੂੰ ਆਈ ਹੀ ਨਹੀਂ। ਹਰ ਤਰ੍ਹਾਂ ਦਾ ਜਲ ਸਾਡੇ ਲਈ ਇਕਸਾਰ ਹੈ, ਅਜਿਹਾ ਨਹੀਂ ਹੈ। ਵਰਖਾ ਵਾਲਾ ਜਲ ਹੋਰ ਅਤੇ ਧਰਤੀ ਹੇਠਲਾ ਅਤੇ ਨਦੀਆਂ ਵਾਲਾ ਜਲ ਹੋਰ ਹੈ। ਅਸੀਂ ਹਾਂ, ਵਰਖਾ ਵਾਲਾ ਜਲ ਸਾਂਭਣ ਦੀ ਬਜਾਏ ਨਦੀਆਂ ਅਤੇ ਭੂਮੀ ਹੇਠਲੇ ਜਲ ਨੂੰ ਬੇਕਿਰਕੀ ਨਾਲ ਖਤਮ ਕਰਨ ਵਿਚ ਲੱਗੇ ਹੋਏ ਹਾਂ। ਇਸੇ ਜਲ ਦੀ ਘਾਟ ਨੇ ਅਫਰੀਕਾ, ਆਸਟਰੇਲੀਆ ਅਤੇ ਹੋਰ ਦੇਸ਼ਾਂ ਦੇ ਕਈ ਹਰੇ-ਭਰੇ ਖੇਤਰ ਮਾਰੂਥਲ ਵਿਚ ਤਬਦੀਲ ਕਰ ਦਿੱਤੇ ਹਨ।

ਮੁੱਕਦੀ ਗੱਲ ਇਹ ਹੈ ਕਿ ਅੱਜ ਸਾਡੀਆਂ ਜਿੰਨੀਆਂ ਵੀ ਸਮੱਸਿਆਵਾਂ ਹਨ, ਉਹ ਵਧਦੀ ਜਾ ਰਹੀ ਮਨੁੱਖੀ ਵਸੋਂ ਕਾਰਨ ਹਨ ਅਤੇ ਇਕ-ਦੂਸਰੀ ਉੱਪਰ ਨਿਰਭਰ ਸਥਿਤੀਆਂ ਦਾ ਫਲ ਹੈ। ਇਸ ਨੂੰ ਨਿਯੰਤਰਣ ਰੱਖਣ ਲਈ ਸਾਨੂੰ ਪਹਿਲਕਦਮੀ ਕਰਨੀ ਪਵੇਗੀ। ਜੇਕਰ ਇਸ ਨੂੰ ਘਟਾਉਣ ਦੇ ਉਪਰਾਲੇ ਕੁਦਰਤ 'ਤੇ ਛੱਡ ਦਿੱਤੇ ਤਾਂ ਇਹ ਅਤਿ-ਨਿਰਦਈ ਅਤੇ ਦੁਖਦਾਈ ਹੋਣਗੇ, ਜਿਸ ਦੀ ਸਾਨੂੰ ਆਉਣ ਵਾਲੇ ਸਮੇਂ ਵਿਚ ਭਾਰੀ ਕੀਮਤ ਚੁਕਾਉਣੀ ਪੈ ਸਕਦੀ ਹੈ।

ਸੁਖਮੰਦਰ ਸਿੰਘ ਤੂਰ, ਪਿੰਡ ਤੇ ਡਾਕ - ਖੋਸਾ ਪਾਂਡੋ, (ਮੋਗਾ) ।

ਸੰਕਟਾਂ ਦੇ ਦੌਰ 'ਚੋਂ ਲੰਘ ਰਿਹਾ ਪੰਜਾਬ

ਗੁਰਚਰਨ ਸਿੰਘ ਨੂਰਪੁਰ

ਕਦੇ ਬੜੇ ਫਖ਼ਰ ਨਾਲ ਕਿਹਾ ਜਾਂਦਾ ਸੀ, 'ਪੰਜਾਬ ਵੱਸਦਾ ਗੁਰਾਂ ਦੇ ਨਾਂਅ ਉੱਤੇ' ਉਹ ਪੰਜਾਬ ਅੱਜ ਕਈ ਤਰ੍ਹਾਂ ਦੇ ਸੰਕਟਾਂ ਦਾ ਸ਼ਿਕਾਰ ਹੋ ਗਿਆ ਹੈ। ਉਂਝ ਤਾਂ ਇਸ ਧਰਤੀ 'ਤੇ ਸਦੀਆਂ ਤੋਂ ਉਥਲ-ਪੁਥਲ ਚਲਦੀ ਆਈ ਹੈ, ਪਰ ਅੱਜ ਦਾ ਦੌਰ ਪੰਜਾਬੀ ਸਮਾਜ ਲਈ ਵੱਖਰੀ ਤਰ੍ਹਾਂ ਦੀਆਂ ਸਮੱਸਿਆਵਾਂ, ਮੁਸ਼ਕਲਾਂ ਤੇ ਸੰਕਟ ਲੈ ਕੇ ਆਇਆ ਹੈ। ਅਜਿਹੇ ਸੰਕਟ ਜਿਹਨਾਂ ਦੇ ਹੱਲ ਲਈ ਆਸ ਦੀ ਕਿਰਨ ਫਿਲਹਾਲ ਕਿਸੇ ਪਾਸੇ ਦਿਖਾਈ ਨਹੀਂ ਦੇ ਰਹੀ। ਅਸੀਂ ਉਸ ਦੌਰ ਵਿੱਚੋਂ ਲੰਘ ਰਹੇ ਹਾਂ, ਜਿੱਥੇ ਸਮਾਜ ਦੀ ਬਹੁਗਿਣਤੀ ਅਜੇ ਵੀ ਰਾਜਸੀ ਪਾਰਟੀਆਂ ਅਤੇ ਰਾਜਸੀ ਆਗੂ ਬਦਲਣ ਦੇ ਅਮਲ ਵਿੱਚੋਂ ਇਸ ਦਾ ਹੱਲ ਤਲਾਸ਼ ਰਹੀ ਹੈ।

ਕਿਸਾਨ ਅੰਦੋਲਨ ਮਗਰੋਂ ਪੰਜਾਬੀ ਸਮਾਜ ਨੇ ਆਪਣੀਆਂ ਮੁਸ਼ਕਲਾਂ, ਸਮੱਸਿਆਵਾਂ ਨੂੰ ਕੁਝ ਹੱਦ ਤੱਕ ਸਮਝਿਆ ਹੈ। ਲੋਕਾਂ ਵਿੱਚ ਰਾਜਸੀ ਸੂਝ ਵੀ ਆਈ ਹੈ। ਪਿਛਲੇ ਅਰਸੇ ਦੌਰਾਨ ਪੰਜਾਬ ਵਿੱਚ ਵੱਡੇ ਰਾਜਸੀ ਬਦਲ ਵੀ ਹੋਏ, ਪਰ 'ਮਰਜ ਬੜਤਾ ਗਿਆ ਜਿਉਂ-ਜਿਉਂ ਦਵਾ ਕਿਆ' ਅਨੁਸਾਰ ਹਾਲਤ ਹਰ ਦਿਨ ਬਦ ਤੋਂ ਬਦਤਰ ਹੀ ਹੋ ਰਹੀ ਹੈ। ਇਸ ਸਮੇਂ ਪੰਜਾਬ ਦੀਆਂ ਪ੍ਰਮੁੱਖ ਪਾਰਟੀਆਂ ਆਮ ਆਦਮੀ ਪਾਰਟੀ, ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਤੋਂ ਇਲਾਵਾ ਬੀ ਜੇ ਪੀ ਕੋਲ ਕੋਈ ਪੰਜਾਬ ਲਈ ਅਜਿਹਾ ਪ੍ਰੋਗਰਾਮ ਨਹੀਂ, ਜੋ ਮੋਜੂਦਾ ਦੌਰ ਦੇ ਸੰਕਟਾਂ ਤੋਂ ਇਸ ਨੂੰ ਨਿਜ਼ਾਤ ਦਿਵਾ ਸਕੇ। ਅਫਸੋਸ ਦੀ ਗੱਲ ਤਾਂ ਇਹ ਹੈ ਕਿ ਰਾਜਸੀ ਗਲਿਆਰਿਆਂ ਵਿੱਚ ਜੇਕਰ ਕਿਸੇ ਗੱਲ ਦਾ ਚਿੰਤਨ-ਮੰਥਨ ਹੋ ਰਿਹਾ ਹੈ ਤਾਂ ਕੇਵਲ ਇਸ ਲਈ ਹੈ ਕਿ ਕਿਹੜੀ ਚੋਣ ਕਿਵੇਂ ਜਿੱਤਣੀ ਹੈ। ਸੱਤਾ ਹਾਸਲ ਕਿਵੇਂ ਕਰਨੀ ਹੈ ਅਤੇ ਇਸ ਨੂੰ ਬਣਾ ਕੇ ਕਿਵੇਂ ਰੱਖਣਾ ਹੈ, ਇਸ ਲਈ ਸਿਰਤੋੜ ਯਤਨ ਹੋ ਰਹੇ ਹਨ। ਲੋਕਾਂ ਦੇ ਦੁੱਖ, ਤਕਲੀਫਾਂ, ਮੁਸ਼ਕਲਾਂ, ਸਮੱਸਿਆਵਾਂ ਲਈ ਚਿੰਤਨ-ਮੰਥਨ ਕਰਨ ਦੀ ਬਜਾਏ ਲੋਕਾਂ ਨੂੰ ਵਰਗਲਾਉਣ ਦੀ ਕਵਾਇਦ 'ਤੇ ਕੰਮ ਕੀਤਾ ਜਾ ਰਿਹਾ ਹੈ। ਇਸ ਸਮੇਂ ਪੰਜਾਬ ਦੀ ਧਰਤੀ ਦੀਆਂ ਲੱਖਾਂ ਮਾਵਾਂ, ਭੈਣਾਂ, ਧੀਆਂ ਜਿਹਨਾਂ ਦੇ ਪੁੱਤ, ਭਰਾ ਇਸ ਨਸ਼ੇ ਦੀ ਭੱਠੀ ਦਾ ਬਾਲਣ ਬਣ ਗਏ ਅਤੇ ਬਣ ਰਹੇ ਹਨ, ਉਹ ਵੱਡੇ ਸੰਤਾਪ ਭੋਗ ਰਹੀਆਂ ਹਨ। ਪੰਜਾਬ ਦੇ ਕੁਝ ਪਿੰਡ ਜਾਂ ਕੁਝ ਖੇਤਰ ਅਜਿਹੇ ਹਨ, ਜਿੱਥੇ ਘਰਾਂ ਦੇ ਘਰ ਨਸ਼ੇ ਦੀ ਅੱਗ ਨਾਲ ਤਬਾਹ ਹੋ ਗਏ। ਨੌਜਵਾਨ ਪੀੜ੍ਹੀ ਆਪਣੇ ਦੌਰ ਦੇ ਨਾਇਕਾਂ ਤੋਂ ਸੇਧ ਲੈ ਕੇ ਚੱਲਦੀ ਹੈ ਪਰ ਇਸ ਸਮੇਂ ਉਸਾਰੂ ਸੇਧ ਦੇਣ ਵਾਲੇ ਰੋਲ ਮਾਡਲ ਗਾਇਬ ਹਨ। ਇਹ ਕਿਹੋ ਜਿਹੀ ਵਿਡੰਬਨਾ ਹੈ ਕਿ ਪੰਜਾਬ ਜਦੋਂ ਵੱਖ-ਵੱਖ ਸਮੱਸਿਆਵਾਂ

17-JAN-PAGE-5.qxd 1/16/2025 9:33 PM Page 1

ਪੁਲਸ ਨੂੰ ਕੁੰਭਕਰਨੀ ਨੀਂਦੋਂ ਜਗਾਉਣ ਲਈ ਪੱਤਰਕਾਰ ਭਾਈਚਾਰਾ ਦੂਜੀ ਵਾਰ ਉੱਤਰਿਆ ਸੜਕਾਂ 'ਤੇ

ਫਿਰੋਜ਼ਪੁਰ (ਗੁਰਬਚਨ ਸਿੰਘ)

ਫ਼ਿਰੋਜ਼ਪੁਰ ਪੁਲਸ ਦੀ ਨਸ਼ਾ ਤਸਕਰਾਂ, ਲੁਟੇਰਿਆਂ ਤੇ ਚੋਰਾਂ ਨਾਲ ਗੰਢਤੁੱਪ ਦੇ ਚੱਲਦਿਆਂ ਉਨ੍ਹਾਂ ਖ਼ਿਲਾਫ਼ ਕੋਈ ਕਾਰਵਾਈ ਅਮਲ ਵਿੱਚ ਲਿਆਉਣ ਦੀ ਬਜਾਏ ਉਲਟਾ ਪੀੜਤ ਲੋਕਾਂ ਨੂੰ ਦਬਾਉਣ ਤੇ ਪੀੜਤ ਲੋਕਾਂ ਦੀ ਆਵਾਜ਼ ਬਣਦੇ ਪੱਤਰਕਾਰ ਭਾਈਚਾਰੇ ਨੂੰ ਨਿਸ਼ਾਨਾ ਬਣਾਏ ਜਾਣ ਦੇ ਵਿਰੋਧ ਵਿੱਚ ਸਮੂੱਚਾ ਪੱਤਰਕਾਰ ਭਾਈਚਾਰਾ ਦੂਸਰੀ ਵਾਰ ਸੜਕਾਂ 'ਤੇ ਉੱਤਰਿਆ ਅਤੇ ਫ਼ਿਰੋਜ਼ਪੁਰ ਪੁਲਸ ਦੀਆਂ ਵਧੀਕੀਆਂ ਖ਼ਿਲਾਫ਼ ਫਿਰੋਜ਼ਪੁਰ ਛਾਉਣੀ ਦੇ ਬਜ਼ਾਰਾਂ ਵਿੱਚ ਜ਼ਬਰਦਸਤ ਰੋਸ ਮੁਜ਼ਾਹਰਾ ਕਰਦਿਆਂ ਲਾਈਟਾਂ ਵਾਲੇ ਚੌਕ ਵਿੱਚ ਧਰਨਾ ਦੇ ਕੇ ਸੜਕੀ ਆਵਾਜਾਈ ਠੱਪ ਕਰ ਦਿੱਤੀ।ਸਤਲੁਜ ਪ੍ਰੈਸ ਕਲੱਬ ਫਿਰੋਜ਼ਪੁਰ ਦੇ ਸੱਦੇ 'ਤੇ ਫਿਰੋਜ਼ਪੁਰ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਕੀਤੀ ਦੂਜੀ ਪੋਲ ਖੋਲ੍ਹ ਰੈਲੀ ਵਿੱਚ ਜ਼ਿਲ੍ਹੇ ਭਰ ਦੀਆਂ ਪ੍ਰੈਸ ਕਲੱਬਾਂ ਤੋਂ ਪੱਤਰਕਾਰ ਭਾਈਚਾਰੇ, ਪੁਲਸ ਦੀਆਂ ਵਧੀਕੀਆਂ ਤੋਂ ਪੀੜਤਾਂ, ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ, ਸਮਾਜਿਕ ਤੇ ਧਾਰਮਿਕ ਜੱਥੇਬੰਦੀਆਂ, ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ।ਰੋਸ ਪ੍ਰਦਰਸ਼ਨ ਦੌਰਾਨ ਨਿੱਤ ਦਿਹਾੜੇ ਲੁੱਟਾਂ ਖੋਹਾਂ ਦਾ ਸ਼ਿਕਾਰ ਹੋ ਰਹੇ ਅਤੇ ਪੁਲਸੀਆ ਕਾਰਗੁਜ਼ਾਰੀ ਤੋਂ ਮਾਯੂਸ ਫ਼ਿਰੋਜ਼ਪੁਰ ਛਾਉਣੀ ਦੇ ਦੁਕਾਨਦਾਰਾਂ ਵੱਲੋਂ ਪ੍ਰਦਰਸ਼ਨਕਾਰੀ ਪੱਤਰਕਾਰ ਭਾਈਚਾਰੇ ਦੀ ਹਮਾਇਤ ਵਿੱਚ ਉੱਤਰਦਿਆਂ ਫੁੱਲਾਂ ਦੀ ਵਰਖਾ ਕਰ ਸਵਾਗਤ ਕੀਤਾ।ਸਤਲੁਜ ਪ੍ਰੈਸ ਕਲੱਬ ਦੇ ਪ੍ਰਧਾਨ ਗੁਰਨਾਮ ਸਿੰਘ ਸਿੱਧੂ ਤੇ ਚੇਅਰਮੈਨ ਵਿਜੇ ਸ਼ਰਮਾ ਦੀ ਅਗਵਾਈ ਵਿੱਚ ਕੀਤੇ ਰੋਸ ਪ੍ਰਦਰਸ਼ਨ ਦੌਰਾਨ ਲਾਈਟਾਂ ਵਾਲੇ ਚੌਕ ਵਿੱਚ ਕੀਤੀ ਪੋਲ ਖੋਲ੍ਹ ਰੈਲੀ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਪੁਲਸ ਪ੍ਰਸ਼ਾਸਨ ਵੱਲੋਂ ਫ਼ਿਰੋਜ਼ਪੁਰ ਵਿੱਚ ਵਧੀਆਂ ਲੁੱਟਾਂ ਖੋਹਾਂ, ਨਸ਼ਿਆਂ ਤੇ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਨ ਦੀ ਬਜਾਏ ਇਨਸਾਫ਼ ਲੈਣ ਲਈ ਪੁਲਿਸ ਦਰਬਾਰ ਪਹੁੰਚਦੇ ਪੀੜਤਾਂ ਨੂੰ ਇਨਸਾਫ਼ ਦੇਣ ਤੋਂ ਇਨਕਾਰੀ ਅਧਿਕਾਰੀਆਂ, ਕੁਮਚਾਰੀਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਪੱਤਰਕਾਰ ਭਾਈਚਾਰੇ ਨੂੰ ਨਿਸ਼ਾਨਾ ਬਣਾਏ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪੁਲਿਸ ਪ੍ਰਸ਼ਾਸਨ ਨੂੰ ਆਪਣੀ ਕਾਰਜਸ਼ੈਲੀ ਵਿੱਚ ਸੁਧਾਰ ਲਿਆਉਣਾ ਅਤੇ ਸਮਾਜ ਵਿਰੋਧੀ ਅਨਸਰਾਂ, ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਉਣੀ ਚਾਹੀਦੀ ਹੈ ਨਾ ਕਿ ਪੁਲਿਸ ਦੀ ਢਿੱਲੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਣ ਵਾਲੇ ਪੱਤਰਕਾਰਾਂ ਨੂੰ ਨਿਸ਼ਾਨਾ ਬਣਾਇਆ ਜਾਵੇ, ਜਿਹੜਾ ਕਿ ਪੁਲਸ ਵੱਲੋਂ ਪਿਛਲੇ ਕੁਝ ਸਮੇਂ ਤੋਂ ਕੀਤਾ ਜਾ ਰਿਹਾ ਹੈ।

ਜ਼ਿਕਰਯੋਗ ਹੈ ਕਿ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਪੱਤਰਕਾਰ ਭਾਈਚਾਰੇ ਨੂੰ ਫੀਲਡ ਵਿੱਚ ਦਰਪੇਸ਼ ਸਮੱਸਿਆਵਾਂ ਤੇ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਪੱਤਰਕਾਰਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਕੀਤੀ ਜਾ ਰਹੀ ਬੇਲੋੜੀ ਦੇਰੀ ਅਤੇ ਪੁਲਿਸ ਵਧੀਕੀਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਪੱਤਰਕਾਰਾਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਨਿਸ਼ਾਨਾ ਬਣਾਏ ਜਾਣ ਤੋਂ ਅੱਕੇ ਜ਼ਿਲ੍ਹੇ ਭਰ ਦੇ ਪੱਤਰਕਾਰਾਂ ਵੱਲੋਂ ਵੱਖ-ਵੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਇਸ ਤੋਂ ਪਹਿਲਾਂ ਵੀ 12 ਦਸੰਬਰ ਨੂੰ ਫਿਰੋਜ਼ਪੁਰ ਸ਼ਹਿਰ ਦੇ ਬਜ਼ਾਰਾਂ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ, ਪਰ ਇੱਕ ਮਹੀਨੇ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਪੁਲਸ ਪ੍ਰਸ਼ਾਸਨ ਦੇ ਕੰਨਾਂ 'ਤੇ ਜੂੰ ਤੱਕ ਨਹੀਂ ਸਰਕੀ ਜਿਸ ਤੋਂ ਬਾਅਦ ਇੱਕ ਵਾਰ ਫਿਰ ਪੱਤਰਕਾਰ ਭਾਈਚਾਰੇ ਨੂੰ ਸੜਕਾਂ 'ਤੇ ਉੱਤਰਣਾ ਪਿਆ ਹੈ।

ਬੁਲਾਰਿਆਂ ਨੇ ਪੁਲਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਇਸ ਤੋਂ ਬਾਅਦ ਵੀ ਪੁਲਿਸ ਖ਼ਿਲਾਫ਼ ਰੋਸ ਪ੍ਰਦਰਸ਼ਨ ਜਾਰੀ ਰਹਿਣਗੇ ਤੇ ਜ਼ਿਲ੍ਹੇ ਦੇ ਵੱਖ-ਵੱਖ ਕਸਬਿਆਂ ਵਿੱਚ ਰੋਸ ਪ੍ਰਦਰਸ਼ਨ ਕਰਨ ਤੋਂ ਇਲਾਵਾ ਐੱਸ ਐੱਸ ਪੀ ਫਿਰੋਜ਼ਪੁਰ ਦਫ਼ਤਰ ਦਾ ਘੇਰਾਓ ਕਰਨ ਦੇ ਨਾਲ ਨਾਲ ਸੜਕੀ ਆਵਾਜਾਈ ਠੱਪ ਕੀਤੀ ਜਾਵੇਗੀ, ਜਿਸ ਦੀ ਨਿਰੋਲ ਜ਼ਿੰਮੇਵਾਰੀ ਪੁਲਸ ਪ੍ਰਸ਼ਾਸਨ ਦੀ ਹੋਵੇਗੀ।

ਫ਼ਰਿਸ਼ਤੇ ਜ਼ਖ਼ਮੀਆਂ ਦੀ ਜਾਨ ਬਚਾਉਣ ਲਈ ਕਾਰਗਰ : ਸਿਵਲ ਸਰਜਨ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)-ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਬੇਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਪੰਜਾਬ ਸਰਕਾਰ ਵੱਲੋਂ ਸੜਕੀ ਹਾਦਸਿਆਂ ਦੌਰਾਨ ਹੋਣ ਵਾਲੀਆਂ ਮੌਤਾਂ ਨੂੰ ਘੱਟ ਕਰਨ ਲਈ ਫਰਿਸ਼ਤੇ ਸਕੀਮ ਸ਼ੁਰੂ ਕੀਤੀ ਗਈ ਹੈ।ਸਿਹਤ ਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾ ਤਹਿਤ ਸੂਬੇ ਵਿੱਚ ਠੰਡ ਅਤੇ ਧੁੰਦ ਕਾਰਣ ਵਧ ਰਹੇ ਸੜਕੀ ਹਾਦਸਿਆਂ ਵਿੱਚ ਜ਼ਖ਼ਮੀ ਹੋਏ ਮਰੀਜ਼ਾਂ ਦਾ ਫ਼ਰਿਸ਼ਤੇ ਸਕੀਮ ਤਹਿਤ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ।ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਅਧੀਨ ਸੜਕ ਹਾਦਸਿਆਂ ਵਿੱਚ ਜ਼ਖ਼ਮੀਆਂ ਨੂੰ ਹਸਪਤਾਲਾਂ ਵਿੱਚ ਪਹੁੰਚਾਉਣ ਵਾਲੇ ਲੋਕਾਂ ਨੂੰ ਦੋ ਹਜਾਰ ਰੁਪਏ ਆਰਥਿਕ ਮੱਦਦ ਦੇ ਨਾਲ ਪ੍ਰਸ਼ੰਸਾ ਪੱਤਰ ਵੀ ਦਿੱਤਾ ਜਾਂਦਾ ਹੈ ਅਤੇ ਜ਼ਖ਼ਮੀਆਂ ਦਾ ਮੁਫਤ ਇਲਾਜ ਕੀਤਾ ਜਾਂਦਾ ਹੈ।ਪੰਜਾਬ ਸਰਕਾਰ ਦੀ ਫਰਿਸ਼ਤੇ ਸਕੀਮ ਅਧੀਨ ਜ਼ਿਲ੍ਹਾ ਫ਼ਰੀਦਕੋਟ ਵਿੱਚ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫ਼ਰੀਦਕੋਟ, ਸਿਵਲ ਹਸਪਤਾਲ ਫ਼ਰੀਦਕੋਟ, ਸਬ ਡਵੀਜ਼ਨਲ ਹਸਪਤਾਲ ਕੋਟਕਪੂਰਾ, ਬਿਕਰਮ ਜੁਆਇੰਟ ਐਂਡ ਟਰੋਮਾ ਸੈਂਟਰ ਫਰੀਦਕੋਟ, ਰਾਜਨ ਹਸਪਤਾਲ ਤੇ ਹਾਰਟ ਸੈਂਟਰ ਕੋਟਕਪੂਰਾ ਇਨਪੈਨਲਡ ਕੀਤੇ ਗਏ ਹਨ, ਜਿਥੇ ਸੜਕ ਹਾਦਸੇ ਦੇ ਸ਼ਿਕਾਰ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਦੁਰਘਟਨਾ ਦੌਰਾਨ ਜ਼ਖ਼ਮੀਆਂ ਨੂੰ ਹਸਪਤਾਲ ਤੱਕ ਪੁਚਾਉਣ ਵਿੱਚ ਕੀਤੀ ਗਈ ਦੇਰੀ ਸੜਕ ਹਾਦਸਿਆਂ ਵਿੱਚ ਜ਼ਖ਼ਮੀਆਂ ਲਈ ਜਾਨਲੇਵਾ ਸਿੱਧ ਹੋ ਸਕਦੀ ਹੈ।ਜ਼ਿਆਦਾਤਰ ਰਾਹਗੀਰ ਵੀ ਸੜਕ ਹਾਦਸਿਆਂ ਵਿੱਚ ਜ਼ਖ਼ਮੀ ਲੋਕਾਂ ਦੀ ਸਹਾਇਤਾ ਕਰਨ ਵਿੱਚ ਸੰਕੋਚ ਕਰਦੇ ਹਨ ਤੇ ਸੋਚਦੇ ਹਨ ਕਿ ਉਹ ਕਿਸੇ ਪੁਲਸ ਕੇਸ ਵਿੱਚ ਨਾ ਫਸ ਜਾਣ।ਇਸ ਲਈ ਪੰਜਾਬ ਸਰਕਾਰ ਵੱਲੋਂ ਫ਼ਰਿਸ਼ਤੇ ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਕਿਸੇ ਵੀ ਸੜਕ ਹਾਦਸੇ ਵਿੱਚ ਜ਼ਖ਼ਮੀ ਵਿਅਕਤੀ ਨੂੰ ਹਸਪਤਾਲ ਵਿੱਚ ਲੈ ਕੇ ਆਉਣ ਵਾਲੇ ਵਿਅਕਤੀ ਤੋਂ ਪੁਲਿਸ ਵੱਲੋਂ ਕੋਈ ਪੁੱਛਗਿੱਛ ਨਹੀਂ ਕੀਤੀ ਜਾਵੇਗੀ, ਜਦੋਂ ਤੱਕ ਉਹ ਖੁਦ ਚਸ਼ਮਦੀਦ ਗਵਾਹ ਬਣਨ ਲਈ ਤਿਆਰ ਨਾ ਹੋਵੇ।

ਸ਼ਹਿਰੀਆਂ ਨੇ ਸੋਨੀਆ ਗੁਪਤਾ ਦੀ ਨਗਰ ਕੌਂਸਲ ਦੀ ਪ੍ਰਧਾਨਗੀ ਲਈ ਚੋਣ ਨੂੰ ਦੱਸਿਆ ਸਹੀ

***ਗੁਪਤਾ ਪਰਿਵਾਰ ਦੀ ਸਾਦਗੀ, ਹਲੀਮੀ ਦੀਆਂ ਤਰੀਫ਼ਾਂ ਦੇ ਸ਼ਹਿਰੀ ਬੰਨ੍ਹ ਰਹੇ ਨੇ 'ਪੁਲ'**

ਬਾਘਾ ਪੁਰਾਣਾ (ਮਨੀ ਸਿਗਲਾ)

ਨਗਰ ਕੌਂਸਲ ਬਾਘਾ ਪੁਰਾਣਾ ਦੀਆਂ 21 ਦਸੰਬਰ 2024 ਨੂੰ ਸੰਪੰਨ ਹੋਈਆਂ ਚੋਣਾਂ ਦੇ ਬਾਅਦ ਬੀਤੇ ਦਿਨ 15 ਜਨਵਰੀ 2025 ਨੂੰ ਨਗਰ ਕੌਂਸਲ ਬਾਘਾ ਪੁਰਾਣਾ ਦੇ 15 ਕੌਂਸਲਰਾਂ ਵੱਲੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪਵਨ ਗੁਪਤਾ ਦੀ ਧਰਮਪਤਨੀ ਸ੍ਰੀਮਤੀ ਸੋਨੀਆ ਗੁਪਤਾ (ਕੌਂਸਲਰ ਵਾਰਡ ਨੰਬਰ 9) ਨੂੰ ਸਰਬਸੰਮਤੀ ਦੇ ਨਾਲ ਆਪਣਾ ਲੀਡਰ ਚੁਣਦਿਆਂ ਨਗਰ ਕੌਂਸਲ ਬਾਘਾ ਪੁਰਾਣਾ ਦਾ ਪ੍ਰਧਾਨ ਬਣਾਏ ਜਾਣ ਦੀ ਖ਼ਬਰ ਸ਼ਹਿਰ ਵਿਚ ਹੀ ਨਹੀਂ ਸਗੋਂ ਮੋਗਾ ਜ਼ਿਲ੍ਹੇ ਵਿਚ ਜਦੋਂ ਅੱਗ ਵਾਂਗ ਫੈਲ ਗਈ ਹੈ। ਸ਼ਹਿਰ ਵਾਸੀਆਂ ਦੇ ਨਾਲ-ਨਾਲ ਜ਼ਿਲ੍ਹਾ ਵਾਸੀਆਂ ਵੱਲੋਂ ਆਦਮੀ ਪਾਰਟੀ ਦੇ ਸੀਨੀਅਰ ਆਗੂ ਦੀ ਧਰਮਪਤਨੀ ਸ੍ਰੀਮਤੀ ਸੋਨੀਆ ਗੁਪਤਾ ਦੀ ਪ੍ਰਧਾਨ ਵਜੋਂ ਚੋਣ ਨੂੰ ਸਹੀ ਦੱਸਦਿਆਂ ਕਿਹਾ ਕਿ ਗੁਪਤਾ ਪਰਿਵਾਰ ਇਕ ਬਹੁਤ ਹੀ ਵਧੀਆ ਪਰਿਵਾਰ ਹੈ, ਜੋ ਸਮੇਂ-ਸਮੇਂ 'ਤੇ ਆਪਣੇ ਸ਼ਹਿਰ ਵਾਸੀਆਂ ਦੇ ਦੁੱਖ-ਸੁੱਖ 'ਚ ਖੜਣ ਦੇ ਨਾਲ ਨਾਲ ਜ਼ਿਲ੍ਹੇ ਵਿਚ ਜਿੱਥੇ ਵੀ ਇਸ ਪਰਿਵਾਰ ਦੀ ਜ਼ਰੂਰਤ ਪਈ ਉਹ ਲੋਕਾਂ ਦੇ ਨਾਲ ਖੜੇ ਹਨ। ਅੱਜ ਇਸ ਪਰਿਵਾਰ ਦੇ ਘਰ ਨਗਰ ਕੌਂਸਲ ਦੀ ਪ੍ਰਧਾਨਗੀ ਆਉਣ ਦੇ ਨਾਲ ਇੰਨ੍ਹਾਂ ਨੂੰ ਵਧਾਈਆਂ ਦੇਣ ਦੇ ਲਈ ਘਰ ਤਾਂਤਾ ਲੱਗਿਆ ਹੋਇਆ ਹੈ।ਇੱਥੇ ਵੀ ਦੱਸਿਆ ਜਾਂਦਾ ਹੈ ਕਿ ਬਾਘਾ ਪੁਰਾਣਾ ਸ਼ਹਿਰ ਅੰਦਰ ਬਹੁਤ ਸਾਰੀਆਂ ਸਮਾਜ ਸੇਵੀ ਸੰਸਥਾਵਾਂ ਬਣੀਆਂ ਹੋਈਆਂ ਹਨ, ਜੋ ਜ਼ਰੂਰਤਮੰਦਾਂ ਦੀਆਂ ਮਦਦ ਅੱਗੇ ਹੋ ਕੇ ਕਰਦੀਆਂ ਹਨ। ਸੋਨੀਆ ਗੁਪਤਾ ਨੂੰ ਨਗਰ ਕੌਂਸਲ ਦਾ ਪ੍ਰਧਾਨ ਬਣਾਏ ਜਾਣ 'ਤੇ ਅੱਜ ਹਰ ਇਕ ਸ਼ਹਿਰੀ ਦੇ ਚਿਹਰੇ 'ਤੇ ਖੁਸ਼ੀ ਦੀ ਝਲਕ ਦਿਖਾਈ ਦੇ ਰਹੀ ਹੈ। ਨਗਰ ਕੌਂਸਲ ਪ੍ਰਧਾਨ ਸੋਨੀਆ ਗੁਪਤਾ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਪਹਿਲਾਂ ਤਾਂ ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ, ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ, ਅਮਨ ਅਰੋੜਾ ਸੂਬਾ ਪ੍ਰਧਾਨ , ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ (ਨਗਰ ਕੌਂਸਲ, ਨਗਰ ਪੰਚਾਇਤ ਅਤੇ ਨਗਰ ਨਿਗਮ ਚੋਣਾਂ ਦੇ ਇੰਚਾਰਜ), ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਇਲਾਵਾ ਸਮੂਹ ਸ਼ਹਿਰ ਬਾਘਾ ਪੁਰਾਣਾ ਦੇ 15 ਦੇ 15 ਕੌਂਸਲਰਾਂ ਦੇ ਉਹ ਧੰਨਵਾਦੀ ਹਨ, ਜਿਨ੍ਹਾਂ ਨੇ ਮੈਨੂੰ ਇਸ ਵੱਡੀ ਜ਼ਿੰਮੇਵਾਰੀ ਦੇ ਕਾਬਿਲ ਸਮਝਦਿਆਂ ਪ੍ਰਧਾਨਗੀ ਦੀ ਇੰਨ੍ਹੀ ਵੱਡੀ ਜ਼ਿੰਮੇਵਾਰੀ ਸੌਂਪੀ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਦੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਸੁਲਝਾਇਆ ਜਾਵੇਗਾ। ਇਸ ਲਈ ਸ਼ਹਿਰ ਵਾਸੀ ਉਨ੍ਹਾਂ ਦਾ ਸਹਿਯੋਗ ਕਰਨ ।ਮੈਂ ਸ਼ਹਿਰ ਵਾਸੀਆਂ ਨੂੰ ਵਿਸ਼ਵਾਸ਼ ਦਿਵਾਉਂਦੀ ਹਾਂ ਕਿ ਉਨ੍ਹਾਂ ਨੂੰ ਕੋਈ ਵੀ ਸ਼ਿਕਾਇਤ ਦਾ ਮੌਕਾ ਨਹੀਂ ਦਿੱਤਾ ਜਾਵੇਗਾ, ਕੋਈ ਵੀ ਸ਼ਹਿਰ ਵਾਸੀ ਬਿਨਾਂ ਵਿਚੋਲੇ ਉਨ੍ਹਾਂ ਨੂੰ ਸਿੱਧੇ ਤੌਰ 'ਤੇ ਆ ਕੇ ਮਿਲ ਸਕਦਾ ਹੈ।

ਕਾਤਰਾਂ

25 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਲੱਖੋਕੇ ਬਹਿਰਾਮ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ 25 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਗੁਰਕੰਵਲਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਪਿੰਡ ਕਰੀ ਕਲਾਂ ਤੋਂ ਬੁੱਟਰ ਪਿੰਡ ਵੱਲ ਜਾਂਦੀ ਲਿੰਕ ਸੜਕ ਪਿੰਡ ਕਰੀ ਕਲਾਂ ਤੋਂ ਅੱਗੇ ਪੁਲ ਨਹਿਰ ਪਾਸ ਪੁੱਜੀ ਤਾਂ ਇਕ ਵਿਅਕਤੀ ਸਰਬਜੀਤ ਸਿੰਘ ਉਰਫ ਵਿਜੇ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਲੱਖੋਕੇ ਬਹਿਰਾਮ ਪੈਦਲ ਆ ਰਿਹਾ ਸੀ, ਜੋ ਪੁਲਸ ਪਾਰਟੀ ਦੀ ਗੱਡੀ ਨੂੰ ਵੇਖ ਕੇ ਘਬਰਾ ਕੇ ਪਿੱਛੇ ਵੱਲ ਨੂੰ ਮੁੜ ਪਿਆ ਤੇ ਆਪਣੀ ਪਹਿਨੀ ਹੋਈ ਪੈਂਟ ਦੀ ਜੇਬ ਵਿਚੋਂ ਮੋਮੀ ਲਿਫ਼ਾਫ਼ੇ ਵਿਚੋਂ ਲਪੇਟੀ ਕੋਈ ਨਸ਼ੀਲੀ ਵਸਤੂ ਸਕੜ ਦੇ ਕਿਨਾਰੇ ਸੁੱਟ ਕੇ ਅੱਖ ਬਚਾ ਕੇ ਕਾਹਲੀ ਨਾਲ ਤੁਰ ਪਿਆ। ਪੁਲਸ ਨੇ ਦੱਸਿਆ ਕਿ ਜਦ ਦੋਸ਼ੀ ਵੱਲੋਂ ਸੁੱਟੇ ਗਏ ਮੋਮੀ ਲਿਫਾਫੇ ਦੀ ਤਲਾਸ਼ੀ ਕੀਤੀ ਤਾਂ 25 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

ਸੱਟਾਂ ਮਾਰਨ ਦੇ ਦੋਸ਼ 'ਚ ਇੱਕ ਵਿਅਕਤੀ ਨਾਮਜ਼ਦ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਫੋਜੀਆ ਵਾਲੀ ਢਾਣੀ ਦਾਖਲੀ ਪਿੰਡ ਲੱਧੂ ਵਾਲਾ ਹਿਠਾੜ ਵਿਖੇ ਹੋਈ ਲੜਾਈ ਦੇ ਸਬੰਧ ਵਿਚ ਕੁੱਟਮਾਰ ਕਰਨ ਵਾਲੇ ਵਿਅਕਤੀ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐਚ.ਸੀ. ਅਮਨਦੀਪ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਬੋਹੜ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਫੋਜੀਆ ਵਾਲੀ ਢਾਣੀ ਦਾਖਲੀ ਲੱਧੂਵਾਲਾ ਹਿਠਾੜ ਨੇ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਹਨ ਕਿ ਉਹ ਘਰ ਤੋਂ ਆਪਣੇ ਸ਼ਰੀਕੇ ਵਿਚ ਪੈਂਦੇ ਤਾਏ ਦੇ ਲੜਕੇ ਕੋਲ ਜਾ ਰਿਹਾ ਸੀ ਅਤੇ ਜਦੋਂ ਉਹ ਘਰ ਤੋਂ ਬਾਹਰ ਨਿਕਲਿਆ ਤਾਂ ਹਰਜੀਤ ਸਿੰਘ ਨੇ ਪਿੱਛੇ ਤੋਂ ਧੱਕਾ ਮਾਰ ਕੇ ਗੇਟ ਵਿਚ ਸੁੱਟ ਦਿੱਤਾ ਤੇ ਬਾਅਦ ਵਿਚ ਉਹ ਭੱਜ ਕੇ ਘਰ ਚਲਾ ਗਿਆ ਤਾਂ ਹਰਜੀਤ ਸਿੰਘ ਉਸਦੇ ਘਰ ਅੰਦਰ ਦਾਖਲ ਹੋ ਗਿਆ ਤ

17 - January - Page - 6.qxd 1/16/2025 10:31 PM Page 1

ਮਿਲਟਰੀ ਸਟੇਸ਼ਨ 'ਚ ਮਨਾਇਆ ਭਾਰਤੀ ਸੈਨਾ ਦਿਵਸ

ਬਠਿੰਡਾ (ਪਰਵਿੰਦਰ ਜੀਤ ਸਿੰਘ) ਸੈਨਾ ਦਿਵਸ ਦੇ ਮੌਕੇ 'ਤੇ ਭਾਰਤੀ ਫੌਜ ਦੇ ਸੈਨਿਕਾਂ ਦੀ ਬਹਾਦਰੀ ਤੇ ਸਰਵਉੱਚ ਕੁਰਬਾਨੀ ਦਾ ਸਨਮਾਨ ਕਰਨ ਲਈ ਇੱਕ ਪੁਸ਼ਪਾਂਜਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਲੈਫਟੀਨੈਂਟ ਜਨਰਲ ਨਰੋਂਦਰ ਸਿੰਘ, ਜਨਰਲ ਅਫਸਰ ਕਮਾਂਡਿੰਗ, ਚੇਤਕ ਕੋਰ ਨੇ ਯੋਧਾ ਯਾਦਗਾਰੀ ਯੁੱਧ ਸਮਾਰਕ ਵਿਖੇ ਬਹਾਦਰਾਂ ਦੀ ਯਾਦ ਵਿੱਚ ਪੁਸ਼ਪਾਂਜਲੀ ਭੇਟ ਕੀਤੀ, ਜਿਨ੍ਹਾਂ ਨੇ ਸਾਡੇ ਰਾਸਟਰ ਦੀ ਪ੍ਰਭੂਸੱਤਾ ਦੀ ਰੱਖਿਆ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ। ਸਮਾਗਮ ਵਿੱਚ ਇੰਟਰਐਕਟਿਵ ਪ੍ਰਦਰਸ਼ਨੀਆਂ ਅਤੇ ਲਾਈਵ ਪ੍ਰਦਰਸ਼ਨਾਂ ਰਾਹੀਂ ਅਤਿ-ਆਧੁਨਿਕ ਹਥਿਆਰਾਂ, ਫੌਜੀ ਵਾਹਨਾਂ ਤੇ ਤਕਨੀਕੀ ਤਰੱਕੀ ਦਾ ਪ੍ਰਦਰਸ਼ਨ ਕੀਤਾ ਗਿਆ। ਸਮਾਗਮ ਵਿੱਚ ਉਤਸ਼ਾਹੀ ਨਾਗਰਿਕਾਂ ਨੇ ਸੈਨਿਕਾਂ ਨਾਲ ਵਿਚਾਰ ਸਾਂਝੇ ਕੀਤੇ।

COURT NOTICE

(U/O 5 Rule 20 Cpc)
In The Court Of Ms. Sumit Sabharwal Additional Civil Judge (Senior Division), Sangrur
CNR No. PBSG02-001205-2020
Next Date:- 21-02-2025
ICICI Bank Limited Through Its Attorney Mr. Arashdeep Kumar
Vs.
Balvinder Singh
Publication Issued To:
1 Balvinder Singh S/O Dalip Singh
2 Gagan Kaur W/O Balvinder Singh
Both R/O H.no.223, Village Kalbanjara, Tehsil Sunam, Sangrur, Punjab
In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 21.02.2025 at 10:00 a.m.
For details logon to https://highcourtchd.gov.in/?trs=district notice&_district=Sangrur
Additional Civil Judge (Senior Division) Sangrur
Dated, this day of 10.01.2025

COURT NOTICE

(U/O 5 Rule 20 CPC)
In The Court Of
Sh. Barjinder Pal Singh
Principal Judge, Family Court, Dera Bassi
CNR No. PBSAF3-000127-2023
CIS No. MNT-22-2023
Next Date :- 27-02-2025
Shalu Mahant
Vs.
Ravi Kumar
Petition u/s 125 CRPC for the Grant of maintenace to the petitioner to the tune of Rs. 1,50,000/- Per Month.
Publication Issued To:
Ravi Kumar Mahant S/o Subhash Chander Mahant R/o H. No. 124, Gali No. 2, Sant Vihar, Rajan Estate, Badi Habowal, Ludhiana
In above titled case, the defendant(s)/ respondent(s) could not be served. It is ordered that defendant(s)/ respondent (s) should appear in person or through counsel on 27.02.2025 at 10:00 A.M.
For details logon to https://highcourtchd.gov.in/?trs=district_notice&district=SAS Nagar
Principal Judge, Family Court, Dera Bassi
Dated this day of 10-01-2025

COURT NOTICE

(U/O 5 Rule 20 CPC)
In The Court Of
Ms. Rashmi Sharma
Additional Principal Judge Family Court-1, Jalandhar
CNR NO. PBJL01-010102-2024
Next Date: 20-02-2025
1. Ramanpreet Kaur Walia Aged 36 Years W/O Jupinder Singh Walia D/o Harcharan Singh, 2. Pearl Walia Aged 7½ Years Minor D/o Jupinder Singh Walia Through Her Mother And Natural Guardian Ramandeep Kaur Walia Both R/O Flat No. 1003 Jalandhar Heights -II Jalandhar
Vs
Jupinder Singh Walia So Late Sh Charanjit Singh Walia Ro House, No. A-12 South City Ayali Khurd Ludhiana
Publication Issued To:
Jupinder Singh Walia So Late Sh. Charanjit Singh Walia R/o House No. A-12 South City Ayali Khurd Ludhiana
In above titled case, the defendant(s)/ respondent(s) could not be served. It is ordered that defendant(s)/ respondent (s) should appear in person or through counsel on 20.02.2025 at 10:00 a.m.
For details logon to https://highcourtchd.gov.in/?trs=district_notice&district=Jalandhar
Additional Principal Judge Family Court-1, Jalandhar
Dated, this day of 14.01.2025

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਅਰਵਿੰਦ ਪ੍ਰਕਾਸ਼ ਵਰਮਾ, ਪੀ. ਆਰ. ਐੱਸ. ਜ਼ਿਲ੍ਹਾ ਮਾਲ ਅਫਸਰ-ਕਮ-ਚੱਕਬੰਦੀ ਅਫਸਰ, ਹੁਸ਼ਿਆਰਪੁਰ।
(ਦੀ ਈਸਟ ਪੰਜਾਬ ਹੋਲਡਿੰਗਜ਼ (ਕਸੋਲੀਡੇਸ਼ਨ ਐਂਡ ਫਰੈਗਮੈਨਟੇਸ਼ਨ) ਐਕਟ 1948 ਦੀ ਧਾਰਾ 21(2) ਦੇ ਅਧਿਕਾਰਾਂ ਸਹਿਤ)
ਰਮਨ ਕੁਮਾਰ ਪੁੱਤਰ ਸੀਤਾ ਰਾਮ (ਪਟੀਸ਼ਨਰ) ਬਨਾਮ ਉਰਮਲਾ ਦੇਵੀ ਆਦਿ (ਉੱਤਰਵਾਦੀ)
ਉਪਰੋਕਤ ਚੱਕਬੰਦੀ ਕੇਸ ਪਿੰਡ ਟੋਹਲੂ, ਸਬ-ਤਹਿਸੀਲ ਤਲਵਾੜਾ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਇਸ ਅਦਾਲਤ ਵਿਚ ਚੱਲ ਰਿਹਾ ਹੈ। ਇਸ ਕੇਸ ਵਿਚ ਹੇਠ ਲਿਖੇ ਅਨੁਸਾਰ ਉੱਤਰਵਾਦੀਆਂ ਦੀ ਤਾਮੀਲ ਸਧਾਰਨ ਤਰੀਕੇ ਨਾਲ ਨਹੀਂ ਹੋ ਸਕੀ। ਇਸ ਲਈ ਇਨ੍ਹਾਂ ਉੱਤਰਵਾਦੀਆਂ ਦੀ ਇਤਲਾਹ ਪੰਜਾਬੀ ਅਖਬਾਰੀ ਨੋਟਿਸ ਰਾਹੀਂ ਤਾਮੀਲ ਕਰਵਾਈ ਜਾਂਦੀ ਹੈ ਕਿ ਉਹ ਅਸਾਲਤਨ/ਵਕਾਲਤਨ ਮਿਤੀ 02.02.2025 ਨੂੰ ਬਾਅਦ ਦੁਪਹਿਰ 2.00 ਵਜੇ ਇਸ ਅਦਾਲਤ ਵਿਚ ਹਾਜ਼ਰ ਆ ਕੇ ਆਪਣੇ ਕੇਸ ਦੀ ਪੈਰਵੀ ਕਰਨ। ਜੇਕਰ ਹੇਠ ਲਿਖੇ ਧਿਰਾਂ ਵਿਚੋਂ ਕਿਸੇ ਦੀ ਮੌਤ ਹੋ ਚੁੱਕੀ ਹੋਵੇ ਤਾਂ ਉਸ ਦੇ ਵਾਰਸ ਅਦਾਲਤ ਵਿਚ ਪੇਸ਼ ਹੋ ਕੇ ਕੇਸ ਦੀ ਪੈਰਵੀ ਕਰ ਸਕਦੇ ਹਨ। ਹਾਜ਼ਰ ਨਾ ਹੋਣ ਦੀ ਸੂਰਤ ਵਿਚ ਕੇਸ 'ਤੇ ਹਦਾਇਤਾਂ ਅਨੁਸਾਰ ਅਗਲੇਰੀ ਕਾਰਵਾਈ ਕਰ ਦਿੱਤੀ ਜਾਵੇਗੀ।
ਨਾਂਅ ਫਰੀਕ ਵੇਰਵੇ ਸਹਿਤ ਉੱਤਰਵਾਦੀ :-
1) ਉਰਮਲਾ ਦੇਵੀ ਵਿਧਵਾ ਕੇਵਲ ਕਿਸ਼ਨ ਪੁੱਤਰ ਜਗਦੀਸ਼ ਰਾਮ, 2) ਰਾਮ ਪ੍ਰਕਾਸ਼ ਪੁੱਤਰ ਹੰਸ ਰਾਜ ਪੁੱਤਰ ਚੁੰਨੀ, ਵਾਸੀਆਨ ਪਿੰਡ ਟੋਹਲੂ, ਸਬ-ਤਹਿਸੀਲ ਤਲਵਾੜਾ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ, 3) ਬਿਮਲਾ ਦੇਵੀ ਵਿਧਵਾ ਕਰਮ ਚੰਦ ਪੁੱਤਰ ਖੁਸ਼ੀ ਰਾਮ, ਵਾਸੀ ਪਿੰਡ ਭੰਬੋਤਾੜ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ।
ਜ਼ਿਲ੍ਹਾ ਮਾਲ ਅਫਸਰ-ਕਮ-ਚੱਕਬੰਦੀ ਅਫਸਰ, ਹੁਸ਼ਿਆਰਪੁਰ।
ਕਮਰਾ ਨੰ: 205, ਫਲੋਰ ਨੰ: 2, ਮਿੰਨੀ ਸੈਕਟਰੀਏਟ, ਹੁਸ਼ਿਆਰਪੁਰ।

Shri Guru Ravidass Temple (Foleshill)

475 Foleshill Road, Foleshill, Coventry, CV6 5AQ
email sgr.475coventry@hotmail.com

Job Title : Religious Worker Job Description
Location : Shri Guru Ravidas Ji Temple Foleshill
475 Foleshill Road, Foleshill, Coventry, CV6 5AQ
The Applicant is required to :
Have Knowledge of the mission, teachings and the philosophy of Shri Guru Ravidass Ji. Be Fluent in Speaking, reading and writing Punjabi. Have Knowledge and be able to read the Gurbani in the Guru Granth Sahib Ji Change the bedding on which the Guru Granth Sahib Ji is Kept as and when required. Maintain a clean and tidy Darbar Sahib (Main prayer hall) and Sachkhand Sahib (residence for holy scriptures). Be able to play traditional musical instruments and take part in Kirtan (Singing of hymns). Assist in the performance of Anand Karaj (Marriage Ceremony) and funeral Service. The Applicant may be required to perform other tasks that can reasonably be expected of a religious worker. Minimum of 10 Hours per week Salary £ 11.44 per hour.

Accommodation is available.
Contact : Joshi Ram 00447867972254

Note : The Religious Worker will Report to the Minister of Religion for the Temple who lead the Religious Sub - Committee.

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ - ਤਹਿਸੀਲਦਾਰ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ।
ਨੋਟਿਸ ਮੁਨਾਦੀ ਅਖਬਾਰ ਇਸ਼ਤਿਹਾਰ
ਤਕਸੀਮ ਕੇਸ : ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ, ਤਹਿਸੀਲ ਖੇਵਟ ਨੰਬਰ-47
1. ਜਸਪਾਲ ਸਿੰਘ 2. ਜੋਗਾ ਸਿੰਘ ਪੁੱਤਰਾਨ ਹਰਨਾਮ ਸਿੰਘ ਵਾਸੀਆਨ ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ। ਸਾਇਲ
ਬਨਾਮ
1. ਜਗਤਾਰ ਸਿੰਘ ਪੁੱਤਰ ਟਹਿਲ ਸਿੰਘ 2. ਅਜੈਬ ਸਿੰਘ ਪੁੱਤਰ ਟਹਿਲ ਸਿੰਘ 3. ਬਚਨ ਕੌਰ ਵਿਧਵਾ ਮਲੂਕ ਸਿੰਘ ਸੁਰਜੀਤ ਕੌਰ ਪੁੱਤਰੀ ਮਲੂਕ ਸਿੰਘ 5. ਪ੍ਰੀਤਮ ਕੌਰ ਪੁੱਤਰੀ ਮਲੂਕ ਸਿੰਘ 6. ਕਪੂਰ ਕੌਰ ਪੁੱਤਰੀ ਮਲੂਕ ਸਿੰਘ 7. ਇਕਬਾਲ ਸਿੰਘ ਪੁੱਤਰ ਟਹਿਲ ਸਿੰਘ 8. ਜਸਵੰਤ ਸਿੰਘ ਪੁੱਤਰ ਸ਼ੀਸ਼ਾ ਸਿੰਘ 9, ਨਿਰਮਲ ਸਿੰਘ ਪੁੱਤਰ ਵਿਰਸ਼ਾ ਸਿੰਘ (10), ਬਲਵਿੰਦਰ ਸਿੰਘ ਪੁੱਤਰ ਸ਼ੀਸ਼ਾ ਸਿੰਘ 11. ਸਰਦੂਲ ਸਿੰਘ ਪੁੱਤਰ ਵਿਰਸ਼ਾ ਸਿੰਘ 12. ਸੁਰਜੀਤ ਸਿੰਘ ਪੁੱਤਰ ਵਿਰਸ਼ਾ ਸਿੰਘ 13. ਗੁਰਮੀਤ ਸਿੰਘ ਪੁੱਤਰ ਸ਼ੀਸ਼ਾ ਸਿੰਘ 14. ਅਰਸ਼ਦੀਪ ਸਿੰਘ ਪੁੱਤਰ ਅਜੈਬ ਸਿੰਘ 15. ਰਵਿੰਦਰ ਸਿੰਘ ਪੁੱਤਰ ਜਗਤਾਰ ਸਿੰਘ 16. ਜੋਬਨਪ੍ਰੀਤ ਸਿੰਘ ਪੁੱਤਰ ਗੁਰਮੀਤ ਸਿੰਘ 17. ਮਨਜੀਤ ਕੌਰ ਪਤਨੀ ਹਰਜੀਤ ਸਿੰਘ 18. ਕੁਲਵੰਤ ਕੌਰ ਵਿਧਵਾ ਸਰਦੂਲ ਸਿੰਘ 19. ਦਵਿੰਦਰ ਸਿੰਘ ਪੁੱਤਰ ਸਰਦੂਲ ਸਿੰਘ 20. ਭੁਪਿੰਦਰ ਸਿੰਘ ਪੁੱਤਰ ਸਰਦੂਲ ਸਿੰਘ ਵਾਸੀਆਨ ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ 21, ਐਸ.ਬੀ.ਪੀ.ਓ. ਬੈਂਕ ਕਾਲਾਝਾੜ ਰਾਹੀਂ ਮੈਨੇਜਰ 22. ਕਾਲਾਝਾੜ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸੋਵਾ ਸਭਾ ਲਿਮ: ਰਾਹੀਂ ਮੈਨੇਜਰ । ਮਸੂਲਇਲਮ
ਦਰਖਾਸਤ ਜ਼ੇਰ ਧਾਰਾ 111 ਪੰਜਾਬ ਲੈਂਡ ਰੈਵੇਨਿਊ ਐਕਟ 1887 ਅਧੀਨ ਕੀਤੇ ਜਾਣੇ ਤਕਸੀਮ ਬਾਬਤ ਖੇਵਟ ਨੰਬਰ-47 ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ।
ਇਸ ਨੋਟਿਸ ਅਖਬਾਰ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਅਨੁਵਾਨ ਕੇਸ ਵਿਚ ਉਕਤ ਖੇਵਟ ਆਦਿ ਵਿਚ ਜੋ ਵੀ ਹਿੱਸੇਦਾਰ ਹਨ, ਜਿਨ੍ਹਾਂ ਦੀ ਇਤਲਾਹ ਸਧਾਰਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਲਈ ਤਕਸੀਮ ਕੇਸ ਵਿਚ ਉਕਤ ਉੱਤਰਵਾਦੀ/ਉੱਤਰਵਾਦੀਆਨ/ ਉਨ੍ਹਾਂ ਦੇ ਵਾਰਸ ਜਾਂ ਉਨ੍ਹਾਂ ਦਾ ਕੋਈ ਵਕੀਲ ਪੈਰਵੀ ਕਰਨਾ ਚਾਹੁੰਦਾ ਹੈ ਤਾਂ ਇਸ ਨੋਟਿਸ ਦੇ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਨਿਮਨਹਸਤਾਖਰ ਦੀ ਅਦਾਲਤ ਵਿਚ ਹਾਜ਼ਰ ਹੋ ਕਰ ਕੇਸ ਦੀ ਪੈਰਵੀ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਵੀ ਇਤਰਾਜ਼ ਕਾਬਲੇ ਸਮਾਇਤ ਨਹੀਂ ਹੋਵੇਗਾ। ਇਹ ਨੋਟਿਸ ਅੱਜ ਮੇਰੇ ਹਸਤਾਖਰਾਂ/ਮੋਹਰ ਹੇਠ ਜਾਰੀ ਕੀਤਾ ਗਿਆ ਹੈ।
ਨੰਬਰ :1667 ਰੀਡਰ-1 ਮਿਤੀ : 14.01.25
ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ ਤਹਿਸੀਲਦਾਰ ਭਵਾਨੀਗੜ੍ਹ।

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਤਹਿਸੀਲਦਾਰ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ
ਨੋਟਿਸ ਮਨਾਦੀ ਅਖਬਾਰ ਇਸ਼ਤਿਹਾਰ
ਤਕਸੀਮ ਕੇਸ ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ ਤਹਿਸੀਲ ਖੇਵਟ ਨੰਬਰ-55
1. ਜਸਪਾਲ ਸਿੰਘ ਪੁੱਤਰ ਹਰਨਾਮ ਸਿੰਘ 2. ਦਲਜਿੰਦਰ ਸਿੰਘ ਪੁੱਤਰ ਜੋਗਾ ਸਿੰਘ ਵਾਸੀਆਨ ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ। ਸਾਇਲ
ਬਨਾਮ
1. ਹਜਾਰਾ ਸਿੰਘ ਪੁੱਤਰ ਮੈਗਲ ਸਿੰਘ 2. ਕਰਨੈਲ ਸਿੰਘ ਪੁੱਤਰ ਸਰੂਪ ਸਿੰਘ 3. ਗੁਲਜ਼ਾਰ ਸਿੰਘ ਪੁੱਤਰ ਪਾਨ ਸਿੰਘ 4. ਗੁਰਮੇਲ ਸਿੰਘ ਪੁੱਤਰ ਪੂਰਨ ਸਿੰਘ 5, ਅਮਰਜੀਤ ਕੌਰ ਪਤਨੀ ਬਲਦੇਵ ਸਿੰਘ 6. ਮੱਘਰ ਸਿੰਘ ਪੁੱਤਰ ਸਮੁੰਦ ਸਿੰਘ 7, ਸੁਖਪ੍ਰੀਤ ਸਿੰਘ ਪੁੱਤਰ ਨਛੱਤਰ ਸਿੰਘ 8. ਅਮਰਜੀਤ ਕੌਰ ਪਤਨੀ ਬਲਦੇਵ ਸਿੰਘ 9. ਸੁਖਚੈਨ ਸਿੰਘ ਪੁੱਤਰ ਬਲਦੇਵ ਸਿੰਘ 10. ਗੁਰਚਰਨ ਸਿੰਘ ਖਹਿਰਾ ਪੁੱਤਰ ਬਾਲ ਸਿੰਘ ਖਹਿਰਾ 11, ਗੁਰਦੀਪ ਸਿੰਘ 12. ਲੱਖਾ ਸਿੰਘ 13, ਸੁਰਜੀਤ ਸਿੰਘ 14. ਜੋਗਿੰਦਰ ਸਿੰਘ ਪੁੱਤਰਾਨ ਹਜਾਰਾ ਸਿੰਘ 15. ਸੁਰਜੀਤ ਕੌਰ 16. ਗੁਰਪ੍ਰੀਤ ਕੌਰ ਪੁੱਤਰੀਆਨ ਜੋਗਿੰਦਰ ਸਿੰਘ 17. ਜਸਵਿੰਦਰ ਕੌਰ ਵਿਧਵਾ ਗੁਰਦੀਪ ਸਿੰਘ 18. ਜਤਿੰਦਰ ਕੌਰ ਪੁੱਤਰੀ ਗੁਰਦੀਪ ਸਿੰਘ 19, ਕਾਕਾ ਸਿੰਘ ਪੁੱਤਰ ਗੁਰਦੀਪ ਸਿੰਘ 20. ਸੁਖਵਿੰਦਰ ਸਿੰਘ ਪੁੱਤਰ ਗੁਰਦੀਪ ਸਿੰਘ 21, ਲਖਵਿੰਦਰ ਕੌਰ ਵਿਧਵਾ ਲੱਖਾ ਸਿੰਘ 22. ਸਾਹਿਬ ਸਿੰਘ ਪੁੱਤਰ ਲੱਖਾ ਸਿੰਘ 23. ਦਿਲਪ੍ਰੀਤ ਕੌਰ ਪੁੱਤਰੀ ਗੁਰਪ੍ਰੀਤ ਸਿੰਘ 24. ਅਜੀਤ ਸਿੰਘ ਪੁੱਤਰ ਗੁਰਪ੍ਰੀਤ ਸਿੰਘ 25, ਰਣਦੀਪ ਸਿੰਘ ਪੁੱਤਰ ਸੁਖਚੈਨ ਸਿੰਘ 26. ਬਲਦੇਵ ਸਿੰਘ ਪੁੱਤਰ ਬਾਰਾ ਸਿੰਘ 27, ਗੁਰਸਿਮਰਨ ਕੌਰ ਪੁੱਤਰੀ ਸੁਖਚੈਨ ਸਿੰਘ ਵਾਸੀਆਨ ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ। ਮਸੂਲਇਲਮ
ਦਰਖਾਸਤ ਜ਼ੇਰ ਧਾਰਾ 111 ਪੰਜਾਬ ਲੈਂਡ ਰੈਵੇਨਿਊ ਐਕਟ 1887 ਅਧੀਨ ਕੀਤੇ ਜਾਣੇ ਤਕਸੀਮ ਬਾਬਤ ਖੇਵਟ ਨੰਬਰ 55 ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ।
ਇਸ ਨੋਟਿਸ ਅਖਬਾਰ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਅਨੁਵਾਨ ਕੇਸ ਵਿਚ ਉਕਤ ਖੇਵਟ ਆਦਿ ਵਿਚ ਜੋ ਵੀ ਹਿੱਸੇਦਾਰ ਹਨ, ਜਿਨ੍ਹਾਂ ਦੀ ਇਤਲਾਹ ਸਧਾਰਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਲਈ ਤਕਸੀਮ ਕੇਸ ਵਿਚ ਉਕਤ ਉਤਰਵਾਦੀ/ਉਤਰਵਾਦੀਆਨ। ਉਨ੍ਹਾਂ ਦਾ ਵਾਰਸ ਜਾਂ ਉਨ੍ਹਾਂ ਦਾ ਕੋਈ ਵਕੀਲ ਪੈਰਵੀ ਕਰਨਾ ਚਾਹੁੰਦਾ ਹੈ ਤਾਂ ਇਸ ਨੋਟਿਸ ਦੇ ਜਾਰੀ ਹੋਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਨਿਮਨਹਸਤਾਖਰ ਦੀ ਅਦਾਲਤ ਵਿਚ ਹਾਜ਼ਰ ਹੋ ਕਰ ਕੇਸ ਦੀ ਪੈਰਵੀ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਵੀ ਇਤਰਾਜ਼ ਕਾਬਲੇ ਸਮਾਇਤ ਨਹੀਂ ਹੋਵੇਗਾ। ਇਹ ਨੋਟਿਸ ਅੱਜ ਮੇਰੇ ਹਸਤਾਖਰਾਂ/ ਮੋਹਰ ਹੇਠ ਜਾਰੀ ਕੀਤਾ ਗਿਆ ਹੈ।
ਨੰਬਰ 1673/ਰੀਡਰ-1 ਮਿਤੀ : 14.01.25 ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਤਹਿਸੀਲਦਾਰ ਭਵਾਨੀਗੜ੍ਹ।

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਤਹਿਸੀਲਦਾਰ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ।
ਨੋਟਿਸ ਮੁਨਾਦੀ ਅਖਬਾਰ ਇਸ਼ਤਿਹਾਰ
ਤਕਸੀਮ ਕੇਸ : ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ, ਤਹਿਸੀਲ ਖੇਵਟ ਨੰਬਰ-53
1. ਜਸਪਾਲ ਸਿੰਘ ਪੁੱਤਰ ਹਰਨਾਮ ਸਿੰਘ 2. ਦਲਜਿੰਦਰ ਸਿੰਘ ਪੁੱਤਰ ਜੋਗਾ ਸਿੰਘ ਵਾਸੀਆਨ ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ। ਸਾਇਲ
ਬਨਾਮ
1. ਹਜਾਰਾ ਸਿੰਘ ਪੁੱਤਰ ਮੈਗਲ ਸਿੰਘ 2. ਰਣਧੀਰ ਸਿੰਘ ਪੁੱਤਰ ਕਪੂਰ ਸਿੰਘ 3. ਬਲਵੀਰ ਕੌਰ ਪੁੱਤਰੀ ਕਪੂਰ ਸਿੰਘ 4, ਰਣਜੀਤ ਕੌਰ ਪੁੱਤਰੀ ਕਪੂਰ ਸਿੰਘ 5. ਬਲਦੇਵ ਸਿੰਘ ਪੁੱਤਰ ਬਾਰਾ ਸਿੰਘ 6. ਅਮਰਜੀਤ ਕੌਰ ਪਤਨੀ ਬਲਦੇਵ ਸਿੰਘ 7. ਸੁਖਚੈਨ ਸਿੰਘ ਪੁੱਤਰ ਬਲਦੇਵ ਸਿੰਘ 8. ਸੁਖਪ੍ਰੀਤ ਸਿੰਘ ਪੁੱਤਰ ਨਛੱਤਰ ਸਿੰਘ 9. ਮੱਘਰ ਸਿੰਘ ਪੁੱਤਰ ਸਮੁੰਦ ਸਿੰਘ) 10. ਗੁਰਚਰਨ ਸਿੰਘ ਖਹਿਰਾ ਪੁੱਤਰ ਬਾਲ ਸਿੰਘ ਖਹਿਰਾ 11. ਗੁਰਮੇਲ ਸਿੰਘ ਪੁੱਤਰ ਦਲੀਪ ਸਿੰਘ 12. ਰਣਦੀਪ ਸਿੰਘ ਪੁੱਤਰ ਸੁਖਚੈਨ ਸਿੰਘ 13. ਮੇਗਲ ਸਿੰਘ ਪੁੱਤਰ ਹਜਾਰਾ ਸਿੰਘ 14. ਜੋਗਿੰਦਰ ਸਿੰਘ ਪੁੱਤਰ ਹਜਾਰਾ ਸਿੰਘ 15. ਸੁਰਜੀਤ ਸਿੰਘ 16. ਜੋਗਿੰਦਰ ਸਿੰਘ ਪੁੱਤਰਾਨ ਹਜਾਰਾ ਸਿੰਘ 17, ਸੁਰਜੀਤ ਕੌਰ 18. ਗੁਰਪ੍ਰੀਤ ਕੌਰ ਪੁੱਤਰੀਆਨ ਹਜਾਰਾ ਸਿੰਘ 19. ਜਸਵਿੰਦਰ ਕੌਰ ਵਿਧਵਾ ਗੁਰਦੀਪ ਸਿੰਘ 20. ਜਤਿੰਦਰ ਕੌਰ ਪੁੱਤਰੀ ਗੁਰਦੀਪ ਸਿੰਘ 21. ਕਾਕਾ ਸਿੰਘ ਪੁੱਤਰ ਗੁਰਦੀਪ ਸਿੰਘ 22. ਸੁਖਵਿੰਦਰ ਸਿੰਘ ਪੁੱਤਰ ਗੁਰਦੀਪ ਸਿੰਘ 23. ਲਖਵਿੰਦਰ ਕੌਰ ਵਿਧਵਾ ਲੱਖਾ ਸਿੰਘ 24. ਸਾਹਿਬ ਸਿੰਘ ਪੁੱਤਰ ਲੱਖਾ ਸਿੰਘ 25, ਅਮਨਦੀਪ ਕੌਰ 26. ਦਿਲਪ੍ਰੀਤ ਕੌਰ ਪੁੱਤਰੀਆਨ ਲੱਖਾ ਸਿੰਘ 27. ਗੁਰਮੀਤ ਕੌਰ ਵਿਧਵਾ ਗੁਰਪ੍ਰੀਤ ਸਿੰਘ 28. ਅਜੀਤ ਸਿੰਘ ਪੁੱਤਰ ਗੁਰਪ੍ਰੀਤ ਸਿੰਘ 29. ਅਮਰਜੀਤ ਕੌਰ ਮਾਤਾ ਸੁਖਚੈਨ ਸਿੰਘ 30, ਮਨਪ੍ਰੀਤ ਕੌਰ ਵਿਧਵਾ ਸੁਖਚੈਨ ਸਿੰਘ 31. ਗੁਰਸਿਮਰਨ ਕੌਰ ਪੁੱਤਰੀ ਸੁਖਚੈਨ ਸਿੰਘ ਵਾਸੀਆਨ ਪਿੰਡ ਫਤਿਹਨਗਰ ਉਰਫ ਮੁਨਸ਼ੀਵਾਲਾ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ। ਮਸੂਲਇਲਮ
ਦਰਖਾਸਤ ਜ਼ੇਰ ਧਾਰਾ 111 ਪੰਜਾਬ ਲੈਂਡ ਰੈਵੇਨਿਊ ਐਕਟ 1887 ਅਧੀਨ ਕੀਤੇ ਜਾਣੇ ਤਕਸੀਮ ਬਾਬਤ ਖੇਵਟ ਨੰਬਰ 53 ਪਿੰਡ ਫਤਿਹਨਗਰ ਉਰਫ ਮੁਨਸ਼ੀ

17-JAN-PAGE-7.qxd 1/16/2025 9:32 PM Page 1

ਧੂਰਕੋਟ ਰਣਸੀਂਹ ਦਾ ਕਿਸਾਨ ਆਤਮਾ ਸਿੰਘ ਵੀ ਬੈਠਾ ਮਰਨ ਵਰਤ 'ਤੇ

ਨਿਹਾਲ ਸਿੰਘ ਵਾਲਾ (ਲਵਲੀ)-ਨਿਹਾਲ ਸਿੰਘ ਵਾਲਾ ਅਧੀਨ ਪੈਂਦੇ ਪਿੰਡ ਧੂਰਕੋਟ ਰਣਸੀਂਹ ਦੇ ਸ਼ੇਰੇ ਪੰਜਾਬ ਕਿਸਾਨ ਯੂਨੀਅਨ ਮੋਗਾ ਜ਼ਿਲ੍ਹਾ ਦੇ ਪ੍ਰਧਾਨ ਆਤਮਾ ਸਿੰਘ ਵੱਲੋਂ ਆਪਣਾ ਮਰਨ ਵਰਤ ਬਾਰਡਰ ਉੱਪਰ ਰੱਖਦਿਆਂ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ 111 ਕਿਸਾਨਾਂ ਆਗੂਆਂ ਵੱਲੋਂ ਵੀ 111 ਆਗੂਆਂ ਵੱਲੋਂ ਵੀ ਆਪਣਾ ਮਰਨ ਵਰਤ ਸ਼ੁਰੂ ਕਰ ਦਿੱਤਾ ਗਿਆ ਹੈ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਇਹ ਭੁੱਖ ਹੜਤਾਲ ਨਾ ਹੋ ਕੇ ਮਰਨ ਵਰਤ ਹੈ। ਉਨ੍ਹਾਂ ਕਿਹਾ ਕਿ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਵੀ ਮਰਨ ਵਰਤ ਉਦੋਂ ਰੱਖਣਾ ਪਿਆ ਜਦੋਂ ਸਰਕਾਰ ਨੇ ਕਿਸਾਨਾਂ ਨੂੰ ਨਜ਼ਰਬੰਦ ਕਰ ਰੱਖਿਆ ਹੈ। ਹੁਣ111 ਕਿਸਾਨਾਂ ਨੂੰ ਮਰਨ ਵਰਤ 'ਤੇ ਬੈਠਣਾ ਪਿਆ ਹੈ। ਕਿਸਾਨ ਆਗੂ ਆਤਮਾ ਸਿੰਘ ਤੇ ਬਿੱਕਰ ਸਿੰਘ ਸੂਬਾ ਸਕੱਤਰ ਨੇ ਕਿਹਾ ਕਿ ਡੱਲੇਵਾਲ ਨੇ ਸਾਰਿਆਂ 'ਚ ਉਤਸ਼ਾਹ ਭਰਿਆ ਹੈ ਅਤੇ ਹੁਣ ਹਜ਼ਾਰਾਂ ਕਿਸਾਨ ਮਰਨ ਲਈ ਤਿਆਰ ਹਨ।ਇਸ ਅੰਦੋਲਨ ਲਈ ਕਿਸਾਨਾਂ ਦਾ ਜੋਸ਼ ਸਿਖਰਾਂ ਉੱਤੇ ਪੁੱਜ ਚੁੱਕਿਆ।

2 ਕੌਂਸਲਰਾਂ ਨੂੰ 'ਆਪ' ਦੇ ਹੱਕ 'ਚ ਵੋਟ ਪਾਉਣ 'ਤੇ ਸਪੱਸ਼ਟੀਕਰਨ ਨੋਟਿਸ ਜਾਰੀ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਲੰਘੀ 10 ਜਨਵਰੀ ਨੂੰ ਨਗਰ ਕੌਂਸਲ ਦੇ ਪ੍ਰਧਾਨ ਦੀ ਚੋਣ ਦੌਰਾਨ ਕਾਂਗਰਸ ਦੇ 2 ਕੌਂਸਲਰ ਰਸ਼ਮੀ ਜੈਨ ਤੇ ਸੁਰਿੰਦਰ ਕੁਮਾਰ ਛਿੰਦੀ ਨੇ 'ਆਪ' ਕੌਂਸਲਰ ਮੋਹਿਤ ਕੁੰਦਰਾ ਦੇ ਹੱਕ ਵਿਚ ਵੋਟ ਪਾਈ, ਜਿਸ 'ਤੇ ਜ਼ਿਲ੍ਹਾ ਕਾਂਗਰਸ ਦੇ ਪ੍ਰਧਾਨ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਨੇ ਦੋਵਾਂ ਨੂੰ ਨੋਟਿਸ ਜਾਰੀ ਕਰ ਸਪੱਸ਼ਟੀਕਰਨ ਮੰਗਿਆ ਹੈ। ਜ਼ਿਲ੍ਹਾ ਪ੍ਰਧਾਨ ਵਲੋਂ ਜਾਰੀ ਨੋਟਿਸ ਅਨੁਸਾਰ ਬਲਾਕ ਕਾਂਗਰਸ ਪ੍ਰਧਾਨ ਪਰਮਿੰਦਰ ਤਿਵਾੜੀ ਨੇ ਇੱਕ ਸ਼ਿਕਾਇਤ ਦਿੱਤੀ ਕਿ ਨਗਰ ਕੌਂਸਲ ਮਾਛੀਵਾੜਾ ਸਾਹਿਬ ਦੀ 10 ਜਨਵਰੀ ਨੂੰ ਪ੍ਰਧਾਨਗੀ ਉਮੀਦਵਾਰ ਦੀ ਚੋਣ ਵਿਚ ਕਾਂਗਰਸ ਪਾਰਟੀ ਦੀਆਂ ਹਦਾਇਤਾਂ ਖਿਲਾਫ਼ ਜਾ ਕੇ ਆਮ ਆਦਮੀ ਪਾਰਟੀ ਦੇ ਪ੍ਰਧਾਨਗੀ ਉਮੀਦਵਾਰ ਮੋਹਿਤ ਕੁੰਦਰਾ ਦੇ ਹੱਕ ਵਿਚ ਵੋਟ ਪਾਈ ਜੋ ਬਹੁਤ ਹੀ ਗੰਭੀਰ ਅਨੁਸ਼ਾਸਨਹੀਣਤਾ ਵਾਲਾ ਮਾਮਲਾ ਹੈ। ਜ਼ਿਲ੍ਹਾ ਪ੍ਰਧਾਨ ਨੇ ਇਨ੍ਹਾਂ ਦੋਵਾਂ ਕੌਂਸਲਰਾਂ ਨੂੰ ਹਦਾਇਤ ਕੀਤੀ ਕਿ 7 ਦਿਨਾਂ ਦੇ ਅੰਦਰ ਅੰਦਰ ਆਪਣਾ ਲਿਖਤੀ ਸਪੱਸ਼ਟੀਕਰਨ ਨਿੱਜੀ ਤੌਰ 'ਤੇ ਪੇਸ਼ ਹੋ ਕੇ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜਵਾਬ ਨਾ ਦੇਣ ਦੀ ਸੂਰਤ ਵਿੱਚ ਆਪ 'ਤੇ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਜ਼ਿਕਰਯੋਗ ਹੈ ਕਿ ਲੰਘੀ 10 ਜਨਵਰੀ ਨੂੰ ਨਗਰ ਕੌਂਸਲ ਪ੍ਰਧਾਨਗੀ ਦੀ ਚੋਣ ਦੌਰਾਨ ਕਾਂਗਰਸ, ਅਕਾਲੀ ਦਲ ਤੇ 'ਆਪ' ਕੌਂਸਲਰਾਂ ਦੇ ਸਮਰਥਨ ਨਾਲ ਮੋਹਿਤ ਕੁੰਦਰਾ ਭਾਰੀ ਬਹੁਮਤ ਨਾਲ ਪ੍ਰਧਾਨ ਚੁਣੇ ਗਏ ਸਨ। ਜਦੋਂ ਇਸ ਸਬੰਧੀ ਕੌਂਸਲਰ ਸੁਰਿੰਦਰ ਛਿੰਦੀ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਉਹ ਜ਼ਿਲ੍ਹਾ ਪ੍ਰਧਾਨ ਵੱਲੋਂ ਮਿਲੇ ਸਪੱਸ਼ਟੀਕਰਨ ਨੋਟਿਸ ਦਾ ਜਵਾਬ ਦੇਣਗੇ।

ਸ਼੍ਰੀਹਰੀ ਕਥਾ ਅੰਮ੍ਰਿਤ ਦਾ ਪੋਸਟਰ ਕੀਤਾ ਜਾਰੀ

ਸਮਰਾਲਾ (ਸੁਰਜੀਤ ਸਿੰਘ)-ਨਵਿਆ ਭਾਰਤ ਫਾਊਂਡੇਸ਼ਨ (ਐਨਬੀਐਫ ਭਾਰਤ) ਵੱਲੋਂ ਦੇਵਭੂਮੀ ਉੱਤਰਾਖੰਡ ਵਿੱਚ ਆਯੋਜਤ ਹੋਣ ਵਾਲੀ ਕਾਰਗਿਲ ਵਿਜੈ ਦੀ ਰਜਤ ਜਯੰਤੀ ਨੂੰ ਸਮਰਪਤ ਨਵਿਆ ਭਾਰਤ ਫਾਊਂਡੇਸ਼ਨ ਦੇ ਸਥਾਪਨਾ ਦਿਵਸ ਦੇ ਮੌਕੇ ਸ਼੍ਰੀਹਰੀ ਕਥਾਮ੍ਰਿਤ ਦੇ ਪੋਸਟਰ ਦਾ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵਲੋਂ ਸੀਐਮ ਆਵਾਸ, ਚੰਡੀਗੜ੍ਹ ਵਿੱਚ ਜਾਰੀ ਕੀਤਾ ਗਿਆ ਤੇ ਮੁੱਖ ਮੰਤਰੀ ਵੱਲੋਂ ਆਯੋਜਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।ਐਨਬੀਐਫ ਦੇ ਸੰਸਥਾਪਕ ਰਾਸ਼ਟਰੀ ਪ੍ਰਧਾਨ ਤੇ ਪੀ ਜੀ ਆਈ ਚੰਡੀਗੜ੍ਹ ਦੇ ਗਾਇਨੀ ਵਿਭਾਗ ਦੇ ਫਿਜਿਓ ਥਰੇਪਿਸਟ ਡਾ. ਅਨਿਰੁੱਧ ਉਨਿਆਲ ਨੇ ਦੱਸਿਆ ਕਿ ਇਹ ਕਥਾ ਭਾਰਤ ਦੇ ਜਾਂਬਾਜ਼ ਜਵਾਨਾਂ ਦੇ ਹੈਰਤਅੰਗੇਜ ਕਾਰਨਾਮਿਆਂ ਨੂੰ ਸਮਰਪਤ ਹੈ।ਉਨ੍ਹਾਂ ਕਿਹਾ ਕਿ ਸ਼੍ਰੀਮਦਭਗਵਦ ਗੀਤਾ ਦੇ ਪਵਿੱਤਰ ਸੰਦੇਸ਼ ਦੀ ਜਨਮਸਥਲੀ ਤੇ ਹਰਿਆਣਾ ਦੇ ਮੁੱਖ ਮੰਤਰੀ ਵੱਲੋਂ ਇਸ ਕਥਾ ਦਾ ਪੋਸਟਰ ਜਾਰੀ ਕੀਤਾ ਗਿਆ।ਇਹ ਕਥਾ 21 ਤੋਂ 23 ਮਾਰਚ ਤੱਕ ਬਾਲਾਵਾਲਾ, ਦੇਹਰਾਦੂਨ, ਉੱਤਰਾਖੰਡ ਵਿੱਚ ਆਯੋਜਤ ਕੀਤੀ ਜਾਵੇਗੀ।ਇਸ ਮੌਕੇ ਐਸਏਪੀਟੀ ਪੀਜੀਆਈ ਚੰਡੀਗੜ੍ਹ ਦੇ ਸੰਯੋਜਕ ਅੰਕੁਰ ਸੈਨੀ ਤੇ ਐਨਬੀਐਫ ਚੰਡੀਗੜ੍ਹ ਸੋਸ਼ਲ ਮੀਡੀਆ ਸੰਯੋਜਕ ਰਿਸ਼ਭ ਮਿਸ਼ਰਾ ਵੀ ਮੌਜੂਦ ਰਹੇ।

ਬੀਬੀ ਭਾਨੀ ਕਾਲਜ ਆਫ਼ ਐਜੂਕੇਸ਼ਨ ਈ ਟੀ ਟੀ ਦਾ ਨਤੀਜਾ ਸੌ ਫ਼ੀਸਦੀ ਰਿਹਾ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਬੀਬੀ ਭਾਨੀ ਕਾਲਜ ਆਫ ਐਜੂਕੇਸ਼ਨ ਈ.ਟੀ.ਟੀ. ਦੇ ਪ੍ਰਿੰਸੀਪਲ ਮੈਡਮ ਕਿਰਨਦੀਪ ਕੌਰ ਨੇ ਦੱਸਿਆ ਕਿ ਐਸ.ਸੀ.ਈ.ਆਰ.ਟੀ. ਵੱਲੋਂ ਘੋਸ਼ਿਤ ਸੰਸਥਾ ਦੇ ਈ.ਟੀ.ਟੀ. ਬੈਚ 2021-23 ਸਾਲ ਦੂਜਾ ਦਾ ਨਤੀਜਾ 100 ਪ੍ਰਤੀਸ਼ਤ ਰਿਹਾ।ਸਿਖਿਆਰਥਣ ਕਮਲਵੀਰ ਕੌਰ ਪੁੱਤਰੀ ਸੁਖਦੇਵ ਸਿੰਘ ਨੇ ਸੰਸਥਾ ਪੱਧਰ ਤੇ 821 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ, ਨੇਹਾ ਪੁੱਤਰੀ ਰਮੇਸ਼ ਕੁਮਾਰ 807 ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ, ਗਗਨਪ੍ਰੀਤ ਕੌਰ ਪੁੱਤਰੀ ਗੁਰਮੇਲ ਸਿੰਘ ਨੇ 804 ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ।ਲਖਵੀਰ ਕੌਰ, ਅਮਨਦੀਪ ਕੌਰ ਨੇ 85% ਅੰਕ ਪ੍ਰਾਪਤ ਕੀਤੇ।ਬੀਰਪਾਲ ਕੌਰ, ਮੀਨੂੰ ਰਾਣੀ, ਸਰਬਜੀਤ ਕੌਰ, ਨੇ 84% ਅੰਕ ਪ੍ਰਾਪਤ ਕੀਤੇ।ਸੰਦੀਪ ਕੌਰ, ਰਵਨੀਤ ਕੌਰ, ਮਨਪ੍ਰੀਤ ਕੌਰ ਤੇ ਮਨਜੀਤ ਸਿੰਘ ਨੇ 83% ਅੰਕ ਪ੍ਰਾਪਤ ਕੀਤੇ, ਜਦਕਿ ਲਲਿਤਾ ਅਰੋੜਾ, ਹਰਵਿੰਦਰ ਸਿੰਘ, ਦਰਸ਼ਨਾ ਦੇਵੀ ਤੇ ਮਨਪ੍ਰੀਤ ਕੌਰ ਨੇ 82% ਅੰਕ ਪ੍ਰਾਪਤ ਕੀਤੇ ਅਤੇ ਬਾਕੀ ਸਿਖਿਆਰਥੀਆਂ ਨੇ 75% ਤੋਂ 80% ਅੰਕ ਪ੍ਰਾਪਤ ਕਰਕੇ ਮੱਲਾਂ ਮਾਰੀਆਂ।ਸਟਾਫ ਜਸਵੀਰ ਕੌਰ, ਕੁਲਵਿੰਦਰ ਸਿੰਘ, ਸੁਖਜਿੰਦਰ ਸਿੰਘ, ਕਰਮਜੀਤ ਕੌਰ, ਰਵਿੰਦਰ ਕੌਰ, ਦਿਲਪ੍ਰੀਤ ਕੌਰ, ਮੱਖਣ ਸਿੰਘ, ਕੰਚਨ ਗਰਗ ਵੱਲੋਂ ਸਾਰੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ।

ਛਾਜਲਾ ਦੀ ਮੌਤ 'ਤੇ ਢੀਂਡਸਾ ਵੱਲੋਂ ਦੁੱਖ ਪ੍ਰਗਟ

ਦਿੜ੍ਹਬਾ (ਜਸਵੀਰ ਲਾਡੀ)-ਪਿੰਡ ਛਾਜਲਾ ਦੇ ਜਥੇਦਾਰ ਹਰੀਨੰਦ ਸਿੰਘ ਛਾਜਲਾ, ਜੋ ਇਸ ਫ਼ਾਨੀ ਦੁਨੀਆ ਨੂੰ ਅਲਵਿਦਾ ਆਖ ਗਏ ਹਨ।ਉਨ੍ਹਾਂ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਆਏ ਪਰਮਿੰਦਰ ਸਿੰਘ ਢੀਂਡਸਾ ਸਾਬਕਾ ਵਿੱਤ ਮੰਤਰੀ ਨੇ ਕਿਹਾ ਕਿ ਜਥੇਦਾਰ ਛਾਜਲਾ, ਜੋ ਬਹੁਤ ਨਿੱਘੇ ਸੁਭਾਅ ਦੇ ਮਾਲਕ ਸਨ, ਉਨ੍ਹਾਂ ਸਾਰੀ ਉਮਰ ਸ਼੍ਰੋਮਣੀ ਅਕਾਲੀ ਦਲ ਦੇ ਲੇਖੇ ਲਾਈ ਹੈ। ਉਨ੍ਹਾਂ ਦੀ ਮੌਤ ਨਾਲ ਜਿੱਥੇ ਪਰਿਵਾਰ ਨੂੰ ਘਾਟਾ ਪਿਆ ਹੈ, ਉੱਥੇ ਪਾਰਟੀ ਨੂੰ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਮੌਕੇ ਉਨ੍ਹਾਂ ਨਾਲ ਜਥੇਦਾਰ ਤੇਜਾ ਸਿੰਘ ਕਮਾਲਪੁਰ, ਅਮਨਬੀਰ ਸਿੰਘ ਚੈਰੀ, ਸਾਬਕਾ ਨਾਇਬ ਤਹਿਸੀਲਦਾਰ ਬਹਾਦਰ ਸਿੰਘ, ਸਤਨਾਮ ਸਿੰਘ ਨਮੋਲ, ਨਿੰਰਜਣ ਸਿੰਘ ਭੂਟਾਲ, ਹਰਿਦਰ ਸਿੰਘ ਚੰਗਾਲੀਵਾਲਾ, ਮਾਸਟਰ ਰਣਜੀਤ ਸਿੰਘ ਛਾਜਲਾ, ਬਿਕਰਮਜੀਤ ਵਿੱਕੀ ਛਾਜਲੀ, ਜਥੇਦਾਰ ਭਰਪੂਰ ਸਿੰਘ ਛਾਜਲੀ, ਦਰਸ਼ਨ ਸਿੰਘ ਢੋਟ, ਮਾਸਟਰ ਦਰਬਾਰਾ ਸਿੰਘ ਛਾਜਲੀ, ਸੁਰਿੰਦਰ ਕੁਮਾਰ ਮੌਜੀ, ਸੁਖਦੇਵ ਸਿੰਘ ਕੋਟੜਾ, ਮੁਕੰਦ ਸਿੰਘ, ਬਲਵਿੰਦਰ ਸਿੰਘ, ਦਰਸ਼ਨ ਸਿੰਘ, ਮੇਵਾ ਸਿੰਘ, ਮਿੱਠੂ ਸਿੰਘ, ਦਰਬਾਰਾ ਸਿੰਘ, ਕਰਨੈਲ ਸਿੰਘ ਤੇ ਸੁਖਦੇਵ ਸਿੰਘ ਆਦਿ ਹਾਜ਼ਰ ਸਨ।

ਗੱਡੀ ਦਾ ਸ਼ੀਸ਼ਾ ਤੋੜ ਕੇ ਦਸ ਲੱਖ ਤੇ ਜ਼ਮੀਨ ਦੇ ਕਾਗਜ਼ਾਤ ਲੈ ਕੇ ਵਿਅਕਤੀ ਫ਼ਰਾਰ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ, ਰਣਬੀਰ ਸਿੰਘ ਗੋਲਣ)-ਤਹਿਸੀਲ ਕੰਪਲੈਕਸ ਭਿੱਖੀਵਿੰਡ ਵਿੱਚ ਜ਼ਮੀਨ ਦੀ ਰਜਿਸਟਰੀ ਕਰਵਾਉਣ ਆਏ ਵਿਅਕਤੀ ਦੀ ਕਾਰ ਦਾ ਸ਼ੀਸ਼ਾ ਤੋੜ ਕੇ ਇੱਕ ਵਿਅਕਤੀ ਵੱਲੋਂ ਕਥਿਤ ਤੌਰ 'ਤੇ ਦਸ ਲੱਖ ਰੁਪਏ ਤੇ ਜ਼ਮੀਨ ਦੇ ਕਾਗਜ਼ਾਤ ਲੁੱਟ ਕੇ ਫ਼ਰਾਰ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਲੁੱਟ ਦੀ ਵਾਰਦਾਤ ਸੀ ਸੀ ਟੀ ਵੀ ਕੈਮਰਿਆਂ ਵਿੱਚ ਕੈਦ ਹੋ ਗਈ।ਇਸ ਸੰਬੰਧੀ ਥਾਣਾ ਭਿੱਖੀਵਿੰਡ 'ਚ ਦਰਜ ਕਰਵਾਈ ਦਰਖ਼ਾਸਤ ਵਿੱਚ ਅਵਕਾਰ ਸਿੰਘ ਉਰਫ਼ ਭੱਕਾ ਪੁੱਤਰ ਨਛੱਤਰ ਸਿੰਘ ਵਾਸੀ ਭਿੱਖੀਵਿੰਡ ਨੇ ਦੱਸਿਆ ਕਿ ਉਸ ਨੇ ਦਿਲਬਾਗ ਸਿੰਘ ਵਾਸੀ ਮਾੜੀ ਗੇੜ ਸਿੰਘ ਪਾਸੋਂ 56 ਕਨਾਲ ਦਸ ਮਰਲੇ ਜ਼ਮੀਨ ਖਰੀਦਣ ਦਾ ਸੌਦਾ ਕੀਤਾ ਸੀ। ਬੀਤੇ ਕੱਲ੍ਹ ਉਹ ਦਿਲਬਾਗ ਸਿੰਘ ਨਾਲ ਰਜਿਸਟਰੀ ਕਰਵਾਉਣ ਲਈ ਤਹਿਸੀਲ ਕੰਪਲੈਕਸ ਭਿੱਖੀਵਿੰਡ ਵਿੱਚ ਗਿਆ। ਤਹਿਸੀਲ ਕੰਪਲੈਕਸ ਵਿੱਚ ਕਾਰ ਪਾਰਕ ਕਰਕੇ ਜਦੋਂ ਉਹ ਵਸੀਕਾ ਨਵੀਸ ਨਾਲ ਰਜਿਸਟਰੀ ਲਿਖਵਾਉਣ ਸੰਬੰਧੀ ਗੱਲਬਾਤ ਕਰ ਰਿਹਾ ਸੀ ਤਾਂ ਪਿੱਛੋਂ ਦਿਲਬਾਗ ਸਿੰਘ ਆਪਣੇ ਕੁਝ ਸਾਥੀਆਂ ਨਾਲ ਮਿਲ ਕੇ ਉਸ ਦੀ ਬਰੀਜਾ ਗੱਡੀ ਪੀ ਬੀ 02 ਐਮ 7798 ਦਾ ਡਰਾਈਵਰ ਵਾਲੇ ਪਾਸੇ ਦਾ ਸ਼ੀਸ਼ਾ ਰੋੜੇ ਨਾਲ ਭੰਨ ਕੇ ਵਿੱਚ ਪਏ ਹਰੇ ਰੰਗ ਦਾ ਲਿਫ਼ਾਫ਼ਾ ਜਿਸ ਵਿੱਚ ਦਸ ਲੱਖ ਰੁਪਏ ਤੇ ਜ਼ਮੀਨ ਦਾ ਬਿਆਨਾ ਸੀ, ਲੈ ਕੇ ਫ਼ਰਾਰ ਹੋ ਗਿਆ। ਅਵਕਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਭਿੱਖੀਵਿੰਡ ਪੁਲਸ ਨੂੰ ਲੁੱਟ ਦੀ ਸੀ ਸੀ ਟੀ ਵੀ ਫੁਟੇਜ ਦਿੱਤੀ ਹੈ। ਅਵਕਾਰ ਸਿੰਘ ਨੇ ਪੁਲਸ ਪ੍ਰਸ਼ਾਸਨ ਪਾਸੋਂ ਉਕਤ ਵਿਅਕਤੀ ਨੂੰ ਉਸ ਦੇ ਸਾਥੀਆਂ ਸਮੇਤ ਗ੍ਰਿਫ਼ਤਾਰ ਕਰਕੇ ਉਸ ਦੇ ਪੈਸੇ ਤੇ ਕਾਗਜ਼ਾਤ ਵਾਪਸ ਕਰਵਾਉਣ ਦੀ ਮੰਗ ਕੀਤੀ ਹੈ। ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਮੁਖੀ ਭਿੱਖੀਵਿੰਡ ਮਨੋਜ ਕੁਮਾਰ ਸ਼ਰਮਾ ਨੇ ਦੱਸਿਆ ਕਿ ਅਵਕਾਰ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਦਿਲਬਾਗ ਸਿੰਘ ਅਤੇ ਉਸ ਦੇ ਸਾਥੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ।

ਪੰਜਾਬ 'ਚ ਧੁੰਦ ਨੂੰ ਲੈ ਕੇ ਚਿਤਾਵਨੀ ਜਾਰੀ, ਮੀਂਹ ਦੀ ਸੰਭਾਵਨਾ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪੰਜਾਬ ਵਿੱਚ ਧੁੰਦ ਨੂੰ ਲੈ ਕੇ ਚੇਤਾਵਨੀ ਜਾਰੀ ਕੀਤੀ ਗਈ ਹੈ।ਪਿਛਲੇ 24 ਘੰਟਿਆਂ ਵਿੱਚ ਔਸਤ ਵੱਧ ਤੋਂ ਵੱਧ ਤਾਪਮਾਨ ਵਿੱਚ -0.5 ਡਿਗਰੀ ਤੇ ਘੱਟ ਤੋਂ ਘੱਟ ਤਾਪਮਾਨ ਵਿੱਚ 1 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ।ਹਾਲਾਂਕਿ ਇਹ ਤਾਪਮਾਨ ਰਾਜ ਵਿੱਚ ਆਮ ਤਾਪਮਾਨ ਦੇ ਨੇੜੇ ਹੀ ਹੈ।ਪੰਜਾਬ ਦੇ ਨੇੜੇ ਦੋ ਪੱਛਮੀ ਗੜਬੜੀਆਂ ਸਰਗਰਮ ਹਨ, ਜਿਨ੍ਹਾਂ ਦੇ ਕਾਰਨ ਮੌਸਮ ਵਿਭਾਗ ਨੇ ਪਟਿਆਲਾ ਸਮੇਤ ਪੰਜਾਬ ਦੇ ਕੁਝ ਇਲਾਕਿਆਂ ਵਿੱਚ ਹਲਕੀ ਬਾਰਿਸ਼ ਦੀ ਸੰਭਾਵਨਾ ਜਤਾਈ ਹੈ।ਮੌਸਮ ਵਿਗਿਆਨ ਕੇਂਦਰ ਮੁਤਾਬਕ ਚੰਡੀਗੜ੍ਹ ਵਿੱਚ ਧੁੰਦ ਨੂੰ ਲੈ ਕੇ ਪੀਲਾ ਅਲਰਟ ਜਾਰੀ ਕੀਤਾ ਗਿਆ ਹੈ।ਇਸਦੇ ਨਾਲ ਨਾਲ ਅੰਮ੍ਰਿਤਸਰ, ਤਰਨਤਾਰਨ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਲੁਧਿਆਣਾ, ਸੰਗਰੂਰ, ਫ਼ਤਿਹਗੜ੍ਹ ਸਾਹਿਬ ਤੇ ਪਟਿਆਲਾ ਵਿੱਚ ਧੁੰਦ ਲਈ ਸੰਤਰੀ ਅਲਰਟ ਜਾਰੀ ਕੀਤਾ ਗਿਆ ਹੈ, ਜਦਕਿ ਬਾਕੀ ਸ਼ਹਿਰਾਂ ਵਿੱਚ ਪੀਲਾ ਅਲਰਟ ਜਾਰੀ ਕੀਤਾ ਗਿਆ ਹੈ।ਮੌਸਮ ਵਿਗਿਆਨ ਕੇਂਦਰ ਮੁਤਾਬਕ ਕੁਝ ਦਿਨਾਂ ਤੋਂ ਪੰਜਾਬ ਤੇ ਚੰਡੀਗੜ੍ਹ ਵਿੱਚ ਚੰਗੀ ਧੁੱਪ ਦੇਖਣ ਨੂੰ ਮਿਲ ਰਹੀ ਹੈ। ਅੱਜ ਤੋਂ ਪੱਛਮੀ ਗੜਬੜੀ ਹੌਲੀ ਹੋਣਾ ਸ਼ੁਰੂ ਹੋਵੇਗੀ, ਜਿਸ ਤੋਂ ਬਾਅਦ ਆਉਣ ਵਾਲੇ ਦਿਨਾਂ ਵਿੱਚ ਤਾਪਮਾਨ 2 ਤੋਂ 4 ਡਿਗਰੀ ਤੱਕ ਵੱਧ ਸਕਦਾ ਹੈ।ਇਸ ਨਾਲ ਪੰਜਾਬ-ਚੰਡੀਗੜ੍ਹ ਦੇ ਲੋਕਾਂ ਨੂੰ ਠੰਢ ਤੋਂ ਥੋੜ੍ਹੀ ਰਾਹਤ ਮਿਲੇਗੀ।ਜਲਦ ਹੀ ਨਵੀਂ ਪੱਛਮੀ ਗੜਬੜੀ ਸਰਗਰਮ ਹੋ ਰਹੀ ਹੈ।ਮੌਸਮ ਵਿਗਿਆਨ ਕੇਂਦਰ ਦੇ ਅਨੁਸਾਰ 18 ਜਨਵਰੀ ਨੂੰ ਨਵੀਂ ਪੱਛਮੀ ਗੜਬੜੀ ਸਰਗਰਮ ਹੋ ਰਹੀ ਹੈ, ਜੋ ਹਿਮਾਲਿਆ ਰੇਂਜ ਨੂੰ ਪ੍ਰਭਾਵਤ ਕਰੇਗਾ।ਹਿਮਾਚਲ ਵਿੱਚ ਬਾਰਿਸ਼ ਦੀ ਸੰਭਾਵਨਾ ਬਣ ਰਹੀ ਹੈ, ਜਿਸ ਤੋਂ ਬਾਅਦ ਪਹਾੜਾਂ ਤੋਂ ਆਉਣ ਵਾਲੀਆਂ ਠੰਢੀਆਂ ਹਵਾਵਾਂ ਦੇ ਕਾਰਨ ਮੈਦਾਨੀ ਇਲਾਕਿਆਂ ਵਿੱਚ ਠੰਢ ਵਧੇਗੀ।

ਕੈਬਨਿਟ ਮੰਤਰੀ ਖੁੱਡੀਆਂ ਸਰਪੰਚ ਰਾਜਾ ਮੱਲਕੇ ਦੇ ਗ੍ਰਹਿ ਪੁੱਜੇ

■ ਸਰਪੰਚ ਬਣਨ 'ਤੇ ਦਿੱਤੀ ਵਧਾਈ

ਬਾਘਾ ਪੁਰਾਣਾ (ਮਨੀ ਸਿਗਲਾ)-ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਅਧੀਨ ਪੈਂਦੇ ਪਿੰਡ ਮੱਲ ਕੇ ਵਿਖੇ ਜਸਵਿੰਦਰ ਸਿੰਘ ਰਾਜਾ ਮੱਲ ਕੇ ਦੇ ਸਰਪੰਚ ਬਣਨ ਦੀ ਖੁਸ਼ੀ ਵਿੱਚ ਉਹਨਾਂ ਨੂੰ ਵਧਾਈ ਦੇਣ ਲਈ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਪੁੱਜੇ।ਇਸ ਮੌਕੇ ਸਰਪੰਚ ਰਾਜਾ ਮੱਲ ਕੇ ਵੱਲੋਂ ਉਹਨਾਂ ਦਾ ਪਿੰਡ ਪੁੱਜਣ 'ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਪਿੰਡ ਦੀ ਸਮੁੱਚੀ ਪੰਚਾਇਤ ਦੇ ਇਲਾਵਾ ਵੱਡੀ

17-Jan-PAGE--8.qxd 1/16/2025 10:41 PM Page 1

ਮਿਡਲ ਸਕੂਲਾਂ ਨੂੰ ਖਤਮ ਕਰਨ ਵੱਲ ਤੁਰੀ ਸਰਕਾਰ : ਕਰਨੈਲ

ਫਿਲੌਰ (ਨਿਰਮਲ)

ਸਾਂਝਾ ਅਧਿਆਪਕ ਮੋਰਚਾ ਪੰਜਾਬ ਵਿੱਚ ਸ਼ਾਮਿਲ ਜਥੇਬੰਦੀਆਂ ਦੇ ਆਗੂਆਂ ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰੈਸ ਸਕੱਤਰ ਕਰਨੈਲ ਫਿਲੌਰ , ਜ਼ਿਲ੍ਹਾ ਸਕੱਤਰ ਸੁਖਵਿੰਦਰ ਸਿੰਘ ਮੱਕੜ ਪ੍ਰੈਸ ਸਕੱਤਰ ਸਕੱਤਰ ਵੇਦ ਰਾਜ, ਵਿੱਤ ਸਕੱਤਰ ਹਰਮਨ ਵਾਲੀਆ ਅਤੇ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਵਿਨੋਦ ਭੱਟੀ, ਗੁਰਿੰਦਰ ਆਦਮਪੁਰ, ਕੁਲਦੀਪ ਵਾਲੀਆ,ਜੁਆਇੰਟ ਸਕੱਤਰ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਸਿੱਖਿਆ ਮੰਤਰੀ ਵੱਲੋਂ ਲਗਾਤਾਰ ਅਧਿਆਪਕ ਮੰਗਾਂ ਦੀ ਅਣਦੇਖੀ ਕਰਨ ਅਤੇ ਅਧਿਆਪਕ ਜਥੇਬੰਦੀਆਂ ਨਾਲ ਮੀਟਿੰਗ ਸਮੇਂ ਗੈਰਸੰਜੀਦਾ ਅਤੇ ਹੰਕਾਰੀ ਰਵੱਈਏ ਖਿਲਾਫ 23-24 ਦਸੰਬਰ ਨੂੰ ਪੰਜਾਬ ਦੇ ਸਮੁੱਚੇ ਜ਼ਿਲ੍ਹਿਆਂ ਵਿੱਚ ਪੁਤਲੇ ਫੂਕੇ ਗਏ ਸਨ ਤੇ 11 ਜਨਵਰੀ ਨੂੰ ਕੁਲਤਾਰ ਸਿੰਘ ਸੰਧਵਾਂ ਦੇ ਹਲਕੇ ਵਿੱਚ ਰੋਸ ਰੈਲੀ ਕੀਤੀ ਸੀ 14 ਨੂੰ ਸਿੱਖਿਆ ਮੰਤਰੀ ਨਾਲ ਮੀਟਿੰਗ ਸੀ ਪਰ ਸਿੱਖਿਆ ਮੰਤਰੀ ਫਿਰ ਮੀਟਿੰਗ ਕਰਨ ਤੋਂ ਭੱਜ ਗਿਆ। ਇਸ ਹੰਕਾਰੀ ਵਤੀਰੇ ਵਿਰੁੱਧ ਸਾਂਝਾ ਅਧਿਆਪਕ ਮੋਰਚਾ ਪੰਜਾਬ ਅਤੇ ਡੈਮੋਕਰੇਟਿਕ ਟੀਚਰ ਫਰੰਟ ਪੰਜਾਬ ਵਲੋਂ ਫੈਸਲਾ ਕੀਤਾ ਗਿਆ ਹੈ ਕਿ 19 ਜਨਵਰੀ ਨੂੰ ਮੁੜ ਸਿੱਖਿਆ ਮੰਤਰੀ ਦੇ ਹਲਕੇ ਅਨੰਦਪੁਰ ਸਾਹਿਬ ਵਿਖੇ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਹੈ ਜਿਸ ਵਿੱਚ ਗੌਰਮਿੰਟ ਟੀਚਰਜ਼ ਯੂਨੀਅਨ ਜਿਲ੍ਹਾ ਜਲੰਧਰ ਤੋਂ ਵੱਡੀ ਸ਼ਮੂਲੀਅਤ ਕਰੇਗੀ। ਇਸ ਮੌਕੇ ਕਰਨੈਲ ਫਿਲੌਰ ਨੇ ਕਿਹਾ ਕਿ ਪੰਜਾਬ ਸਰਕਾਰ ਮਿਡਲ ਸਕੂਲਾਂ ਨੂੰ ਖਤਮ ਕਰਨਾ ਚਾਹੁੰਦੀ ਹੈ, ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵਲੋਂ ਕੰਪਿਊਟਰ ਅਧਿਆਪਕਾਂ ਦੇ ਸੰਘਰਸ਼ ਅਤੇ ਦਫਤਰੀ ਕਰਮਚਾਰੀਆਂ ਦੇ ਸੰਘਰਸ਼ ਦਾ ਸਮਰਥਨ ਕਰਨ ਲਈ ਵੱਖ ਵੱਖ ਥਾਵਾਂ ਤੇ ਚੱਲ ਰਹੇ ਧਰਨਿਆਂ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।ਅਧਿਆਪਕ ਆਗੂਆਂ ਗੁਰਿੰਦਰ ਸਿੰਘ, ਜਤਿੰਦਰ ਸਿੰਘ, ਸੁਖਵਿੰਦਰ ਕੁਮਾਰ , ਪ੍ਰੇਮ ਖਲਵਾੜਾ, ਜਸਵੀਰ ਸਿੰਘ ਨਕੋਦਰ, ਪਿਆਰਾ ਸਿੰਘ, ਮੁਲਖ ਰਾਜ , ਸੰਦੀਪ ਕੁਮਾਰ, ਕਵਿਜ਼ ਵਾਲਿਆ, ਕੁਲਵੰਤ ਰੁੜਕਾ, ਸ਼ਿਵ ਕੁਮਾਰ, ਰਾਜਿੰਦਰ ਸਿੰਘ ਭੋਗਪੁਰ ਨੇ ਅਧਿਆਪਕਾਂ ਦੇ ਸਮੁੱਚੇ ਮਸਲੇ ਹੱਲ ਕਰਨ ਦੀ ਮੰਗ ਕੀਤੀ।ਆਗੂਆਂ ਨੇ ਕਿਹਾ ਕਿ ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਇੰਨਾਂ ਐਕਸ਼ਨਾਂ ਵਿੱਚ ਪੂਰੀ ਤਾਕਤ ਨਾਲ ਸ਼ਾਮਿਲ ਹੋਵੇਗੀ।ਇਸ ਮੌਕੇ ਲੇਖ ਰਾਜ ਪੰਜਾਬੀ, ਅਸ਼ੋਕ ਕੁਮਾਰ, ਸਰਬਜੀਤ ਢੇਸੀ, ਗੁਰਚਰਨ ਸਿੰਘ, ਜਸਵੀਰ ਸਿੰਘ, ਕੁਲਦੀਪ ਕੁਮਾਰ, ਰਮਨ ਕੁਮਾਰ, ਬਖਸ਼ੀ ਰਾਮ, ਸੰਦੀਪ ਕੁਮਾਰ, ਰਣਜੀਤ ਸਿੰਘ ਭੋਗਪੁਰ, ਰਮਰੂਪ ਆਦਿ ਹਾਜ਼ਰ ਸਨ।

ਪਿਉ-ਪੁੱਤਰ ਦੀਆਂ ਅਰਥੀਆਂ ਇਕੱਠੀਆਂ ਉਠੀਆਂ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਰਾਹੋਂ, ਕੁਲਵਿੰਦਰ ਸਿੰਘ ਦੂਰਗਾਪੁਰੀਆ)

ਤਹਿਸੀਲ ਕੰਪਲੈਕਸ ਨਵਾਂਸ਼ਹਿਰ ਵਿਖੇ ਕਸ਼ਮੀਰ ਲਾਲ ਪਿੰਡ ਚੂਹੜਪੁਰ ਕੰਪਿਊਟਰ ਟਾਈਪਿਸਟ ਦੀ ਬਰੇਨ ਅਟੈਕ ਨਾਲ ਮੌਤ ਹੋ ਗਈ ਅਤੇ ਪਿਤਾ ਪਿਆਰੇ ਲਾਲ ਪੁੱਤਰ ਦੀ ਮੌਤ ਦਾ ਨਾ ਸਹਾਰਦਿਆਂ ਦਮ ਤੋੜ ਗਿਆ।ਪਿੰਡ

ਚੂਹੜਪੁਰ ਇਲਾਕੇ ਅਤੇ ਤਹਿਸੀਲ ਕੰਪਲੈਕਸ ਵਿੱਚ ਸੋਗ ਦੀ ਲਹਿਰ ਦੌੜ ਗਈ।ਪਿਉ-ਪੁੱਤਰ ਦੀਆਂ ਅਰਥੀਆਂ ਇਕੱਠੀਆਂ ਉਠੀਆਂ । ਦੋਵਾਂ ਦੇ ਅੰਤਿਮ ਸੰਸਕਾਰ ਸਮਸ਼ਾਨ ਘਾਟ ਵਿਖੇ ਕੀਤੇ ਗਏ।ਅੰਤਮ ਯਾਤਰਾ ਵਿੱਚ ਵੱਡੀ ਗਿਣਤੀ ਵਿੱਚ ਰਿਸ਼ਤੇਦਾਰ, ਵਾਟਰ ਸਪਲਾਈ ਵਿਭਾਗ ਦੇ ਕਰਮਚਾਰੀਆਂ ਤੋਂ ਇਲਾਵਾ ਦੀ ਤਹਿਸੀਲ ਵੈਲਫੇਅਰ ਐਸੋਸੀਏਸ਼ਨ ਰਜਿ ਨਵਾਂਸ਼ਹਿਰ ਦੇ ਮੈਂਬਰ ਸ਼ਾਮਲ ਹੋਏ।ਐਸੋਸੀਏਸ਼ਨ ਦੇ ਪ੍ਰਧਾਨ ਚੇਤ ਰਾਮ ਰਤਨ ਅਤੇ ਰਮੇਸ਼ ਸ਼ਰਮਾ ਜਨਰਲ ਸਕੱਤਰ ਅਤੇ ਸਮੁੱਚੇ ਮੈਂਬਰਾਂ ਨੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਕਸ਼ਮੀਰ ਲਾਲ ਮਿੱਠ ਬੋਲੜੇ ਸੁਭਾਅ ਦੇ ਮਾਲਕ ਸਨ। ਉਹ ਆਪਣੇ ਪਿਛੇ ਲੜਕਾ ਸਾਗਰ ਅਤੇ ਲੜਕੀ ਮਨਪ੍ਰੀਤ ਕੌਰ ਛੱਡ ਗਿਆ।ਅੰਤਿਮ ਅਰਦਾਸ ਦਿਨ ਐਤਵਾਰ ਬਾਅਦ ਦੁਪਹਿਰ 1 ਵਜੇ 19 ਜਨਵਰੀ ਨੂੰ ਪਿੰਡ ਚੂਹੜਪੁਰ ਵਿਖੇ ਹੋਵੇਗੀ।ਇਸ ਮੌਕੇ ਸਰਪੰਚ ਆਸ਼ਾ ਰਾਣੀ, ਨੰਬਰਦਾਰ ਮਨਜੀਤ ਸਿੰਘ, ਮਲਕੀਅਤ ਸਿੰਘ ਜੱਬੋਵਾਲ, ਅਸ਼ੋਕ ਕੁਮਾਰ ਸ਼ਰਮਾ, ਰੇਸ਼ਮ ਸਿੰਘ ਅਲੀਪੁਰ, ਗੁਰਮੇਲ ਸਿੰਘ ਸੈਣੀ, ਸੁਖਵਿੰਦਰ ਸਿੰਘ ਰਤਨ,ਪਰਮਜੀਤ ਬੜਵਾ, ਬਾਬਾ ਸਤ ਪਾਲ, ਬਲਵੀਰ ਸਿੰਘ ਬਸਰਾ, ਦੀਪਕ ਕੁਮਾਰ, ਰੇਸ਼ਮ ਸਿੰਘ ਕਮਾਮ,ਸਰਵਣ ਸਿੰਘ, ਮੋਤੀ ਲਾਲ, ਜਗਦੀਸ਼ ਲਾਲ,ਰੇਵਲ ਸਿੰਘ ਨੰਬਰਦਾਰ, ਸੁਰਿੰਦਰ ਸਿੰਘ ਸਾਬਕਾ ਸਰਪੰਚ, ਜੋਗਾ ਸਿੰਘ ਗ੍ਰੰਥੀ ਸਿੰਘ, ਲਖਵਿੰਦਰ ਸਿੰਘ, ਰਾਜ ਕੁਮਾਰ ਮਾਲੇਵਾਲ, ਰੇਸ਼ਮ ਸਿੰਘ , ਸੁਖਵੰਤ ਸਿੰਘ,ਬਲਜੀਤ ਕੁਮਾਰ, ਹੈਪੀ ਬਾਲੀ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ।

ਚਤਾਮਲੀ ਵਿਖੇ 4 ਹਫਤਿਆਂ ਦੀ ਡੇਅਰੀ ਉੱਦਮ ਸਿਖਲਾਈ 20 ਤੋਂ

ਮੋਹਾਲੀ, (ਗੁਰਜੀਤ ਬਿੱਲਾ)— ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁਡੀਆਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਕੁਲਦੀਪ ਸਿੰਘ ਜੱਸੋਵਾਲ ਦੀ ਯੋਗ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ/ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਡੇਅਰੀ ਫਾਰਮਰਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ 4 ਹਫਤਿਆਂ ਦਾ ਡੇਅਰੀ ਉਦਮ ਸਿਖਲਾਈ ਕੋਰਸ 20-01-2025 ਨੂੰ ਡੇਅਰੀ ਟ੍ਰੇਨਿੰਗ ਸੈਂਟਰ ਚਤਾਮਲੀ (ਕੁਰਾਲੀ ਮੋਰਿੰਡਾ ਰੋਡ) ਜ਼ਿਲ੍ਹਾ ਰੂਪਨਗਰ ਵਿਖੇ ਚਲਾਇਆ ਜਾ ਰਿਹਾ ਹੈ। ਡੇਅਰੀ ਵਿਕਾਸ ਵਿਭਾਗ ਦੇ ਜ਼ਿਲ੍ਹਾ ਐਸ ਏ ਐਸ ਨਗਰ ਦੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਕਸ਼ਮੀਰ ਸਿੰਘ ਨੇ ਦੱਸਿਆ ਕਿ ਡੇਅਰੀ ਉਦਮ ਸਿਖਲਾਈ ਸਕੀਮ ਤਹਿਤ ਸਿਖਲਾਈ ਉਨ੍ਹਾਂ ਵਿਅਕਤੀਆਂ ਨੂੰ ਹੀ ਦਿੱਤੀ ਜਾਵੇਗੀ ਜਿਨਾਂ ਦੀ ਉਮਰ 18 ਸਾਲ ਤੋਂ 55 ਸਾਲ ਦੇ ਦਰਮਿਆਨ ਹੋਵੇ, ਘੱਟੋ ਘੱਟ ਮੈਟ੍ਰਿਕ ਪਾਸ ਹੋਵੇ, ਪੇਂਡੂ ਖੇਤਰ ਨਾਲ ਸਬੰਧ ਰੱਖਦਾ ਹੋਵੇ ਅਤੇ ਉਨਾਂ ਕੋਲ ਘੱਟੋਂ ਘੱਟ 5 ਜਾਂ 5 ਤੋਂ ਵੱਧ ਦੁਧਾਰੂ ਪਸ਼ੂ ਹੋਣ ਜਾਂ ਆਪਣਾ ਹਾਈਟੈਕ ਡੇਅਰੀ ਫਾਰਮ ਬਣਾਇਆ ਹੋਵੇ।

ਕਰਿਆਨੇ ਦੀ ਦੁਕਾਨ 'ਚ ਹੋਈ ਚੋਰੀ

ਅੱਡਾ ਸਰਾਂ, (ਕਾਜਲ)-ਅੱਡਾ ਸਕਰਾਲਾ ਵਿਖੇ ਇਕ ਕਰਿਆਨਾ ਸਟੋਰ ਵਿਚ ਚੋਰੀ ਹੋ ਗਈ ਹੈ । ਰਵਿੰਦਰ ਸ਼ਰਮਾ ਪੁੱਤਰ ਬ੍ਰਿਜ ਮੋਹਨ ਸ਼ਰਮਾ ਦੇ ਸਟੋਰ ਦੀ ਕੰਧ ਨੂੰ ਤੋੜ ਕੇ ਇਹ ਚੋਰੀ ਕੀਤੀ ਗਈ ਹੈ । ਇਸਦੀ ਸੂਚਨਾ ਪੁਲਸ ਨੂੰ ਦਿੱਤੀ ਗਈ । ਰਵਿੰਦਰ ਸ਼ਰਮਾ ਨੇ ਦੱਸਿਆ ਕਿ ਚੋਰ ਸਵੇਰੇ ਤੜਕੇ 4.50 ਵਜੇ ਕੰਧ ਤੋੜ ਅੰਦਰ ਦਾਖਲ ਹੋਏ ਅਤੇ ਉਨ੍ਹਾਂ ਦੁਕਾਨ ਅੰਦਰੋਂ ਲਗਭਗ 80 ਹਜ਼ਾਰ ਰੁਪਏ ਦਾ ਕਰਿਆਨੇ ਦਾ ਸਮਾਨ ਚੋਰੀ ਕਰ ਲਿਆ। ਦੁਕਾਨਦਾਰ ਨੇ ਰੋਸ ਜਤਾਉਂਦੇ ਹੋਏ ਦੱਸਿਆ ਕਿ ਤਿੰਨ ਮਹੀਨੇ ਪਹਿਲਾਂ ਵੀ ਉਸ ਦੇ ਸਟੋਰ ਵਿਚ ਚੋਰੀ ਹੋਈ ਸੀ ਪਰੰਤੂ ਪੁਲਸ ਨੇ ਕੋਈ ਕਾਰਵਾਈ ਨਹੀਂ ਕੀਤੀ।

ਪੈਟਰੋਲ ਪੰਪ ਤੋਂ ਲੁਟੇਰਿਆਂ ਨੇ ਲੁੱਟੀ ਨਕਦੀ

ਅਲਾਵਲਪੁਰ, (ਮਦਨ ਬੰਗੜ)- ਪੁਲਸ ਚੌਕੀ ਅਲਾਵਲਪੁਰ ਦੀ ਹੱਦ 'ਚ ਆਉਂਦੇ

ਰਾਸ਼ਟਰੀ ਰਾਜ ਮਾਰਗ ਸਥਿਤ ਇੱਕ ਪੈਟਰੋਲ ਪੰਪ ਤੋਂ ਲੁਟੇਰਿਆਂ ਵੱਲੋਂ ਨਕਦੀ ਲੁੱਟੀ ਗਈ ਹੈ।ਪੈਟਰੋਲ ਪੰਪ ਦੇ ਮੈਨੇਜਰ ਓਮ ਪ੍ਰਕਾਸ਼ ਨੇ ਦੱਸਿਆ ਕਿ ਬੀਤੀ ਸ਼ਾਮ ਲਗਭਗ 7 ਵਜੇ ਦੇ ਕਰੀਬ ਬਿਨਾਂ ਨੰਬਰ ਦੇ ਮੋਟਰਸਾਈਕਲਾਂ 'ਤੇ ਸਵਾਰ ਤਿੰਨ ਲੁਟੇਰਿਆਂ ਨੇ ਪੈਟਰੋਲ ਪੰਪ 'ਤੇ ਪਹਿਲਾਂ ਗੋਲੀਆਂ ਚਲਾਈਆਂ ਬਾਅਦ ਵਿੱਚ ਪੰਪ 'ਤੇ ਕੰਮ ਕਰਨ ਵਾਲੇ ਦੋ ਕਰਿੰਦਿਆਂ ਕੋਲੋਂ ਪਿਸਤੌਲ ਦੀ ਨੋਕ 'ਤੇ ਕੈਸ਼ ਬੈਗ ਖੋਹ ਕੇ ਫਰਾਰ ਹੋ ਗਏ।ਮੈਨੇਜਰ ਨੇ ਦੱਸਿਆ ਕਿ ਲੁਟੇਰੇ ਪੈਟਰੋਲ ਪੰਪ ਤੋਂ ਲਗਭਗ 30 ਹਜਾਰ ਰੁਪਏ ਦੀ ਲੁੱਟ ਕਰਕੇ ਜਲੰਧਰ ਵੱਲ ਨੂੰ ਫਰਾਰ ਹੋ ਗਏ। ਪੰਪ ਉੱਪਰ ਹੋਈ ਇਹ ਲੁੱਟ ਦੀ ਵਾਰਦਾਤ ਸੀਸੀ ਟੀਵੀ ਕੈਮਰੇ ਵਿੱਚ ਕੈਦ ਹੋਈ ਹੈ।ਵੱਖ-ਵੱਖ ਥਾਣਿਆਂ ਤੋਂ ਪੁਲਸ ਪਾਰਟੀਆਂ ਮੌਕੇ 'ਤੇ ਪੁੱਜੀਆਂ, ਜਿਨ੍ਹਾਂ 'ਚ ਐਸ ਐਚ ਓ ਭੋਗਪੁਰ ਯਾਦਵਿੰਦਰ ਸਿੰਘ ,ਐਸ ਐਚ ਓ ਆਦਮਪੁਰ ਰਵਿੰਦਰ ਪਾਲ ਸਿੰਘ, ਪੁਲਸ ਚੌਕੀ ਇੰਚਾਰਜ ਅਲਾਵਲਪੁਰ ਪਰਮਜੀਤ ਸਿੰਘ ਸ਼ਾਮਲ ਸਨ । ਡੀ ਐਸ ਪੀ ਕੁਲਵੰਤ ਸਿੰਘ ਆਦਮਪੁਰ ਵੀ ਮੌਕੇ 'ਤੇ ਜਾਇਜ਼ਾ ਲੈਣ ਲਈ ਪਹੁੰਚੇ।

ਫੋਟੋਗ੍ਰਾਫਰ ਦੀ ਸ਼ੱਕੀ ਹਾਲਤਾਂ 'ਚ ਮੌਤ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)-ਸਬ-ਡਵੀਜ਼ਨ ਦੇ ਰਹਿਣ ਵਾਲੇ 20 ਸਾਲਾ ਨੌਜਵਾਨ ਫੋਟੋਗ੍ਰਾਫਰ ਦੀ ਸ਼ੱਕੀ ਹਾਲਾਤਾਂ 'ਚ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਨੌਜਵਾਨ 13 ਜਨਵਰੀ ਨੂੰ ਲੋਹੜੀ

ਦੇ ਸਮਾਗਮ 'ਚ ਕੰਮ ਲਈ ਗਿਆ ਸੀ ਪਰ ਵਾਪਸ ਪਰਤਦੇ ਸਮੇਂ ਦੇਰ ਰਾਤ ਉਸ ਦਾ ਮੋਬਾਈਲ ਬੰਦ ਹੋ ਗਿਆ ਅਤੇ ਉਹ ਲਾਪਤਾ ਹੋ ਗਿਆ। ਜਿਸ ਤੋਂ ਬਾਅਦ ਉਸ ਦੇ ਰਿਵਾਰਕ ਮੈਂਬਰਾਂ ਨੇ ਉਸ ਦੀ ਕਾਫੀ ਭਾਲ ਕੀਤੀ ਅਤੇ ਪ੍ਰਸ਼ਾਸਨ ਨੂੰ ਵੀ ਸੂਚਿਤ ਕੀਤਾ।ਜਦੋਂ ਨੌਜਵਾਨ ਬਾਰੇ ਕੁਝ ਪਤਾ ਨਾ ਲੱਗਾ ਤਾਂ ਉਨ੍ਹਾਂ ਨੇ ਉਸ ਦੀ ਫੋਟੋ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਦਿੱਤੀ ਅਤੇ ਉਸ ਤੋਂ ਬਾਅਦ ਉਨ੍ਹਾਂ ਨੂੰ ਪਤਾ ਲੱਗਾ ਕਿ ਉਕਤ ਨੌਜਵਾਨ ਨੂੰ ਗੰਭੀਰ ਜ਼ਖਮੀ ਹਾਲਤ 'ਚ ਕਪੂਰਥਲਾ ਸੁਲਤਾਨਪੁਰ ਰੋਡ 'ਤੇ ਪਿੰਡ ਸ਼ੇਖੂਪੁਰ ਨੇੜਿਓਂ ਸਰਕਾਰੀ ਐਂਬੂਲੈਂਸ 'ਚ ਇਲਾਜ ਲਈ ਭੇਜਿਆ ਗਿਆ ਹੈ, ਜਿੱਥੇ ਉਸ ਦੀ ਉੱਥੇ ਮੌਤ ਹੋ ਗਈ। ਪਰ ਉਸ ਦੇ ਪਰਵਾਰ ਦਾ ਦੋਸ਼ ਹੈ ਕਿ ਮ੍ਰਿਤਕ ਤਿਕਸ਼ਿਤ ਨਾਲ ਕੋਈ ਸੜਕ ਹਾਦਸਾ ਨਹੀਂ ਹੋਇਆ ਅਤੇ ਉਸ ਦੀ ਲਾਸ਼ ਦੀ ਹਾਲਤ ਦੇਖ ਕੇ ਲੱਗਦਾ ਹੈ ਕਿ ਉਸ ਨਾਲ ਕੋਈ ਘਟਨਾ ਹੋਈ ਹੈ।ਉਨ੍ਹਾਂ ਸਰਕਾਰੀ ਹਸਪਤਾਲ 'ਤੇ ਵੀ ਲਾਪ੍ਰਵਾਹੀ ਦਾ ਦੋਸ਼ ਲਾਇਆ ਜਿਸ ਨੇ 13 ਜਨਵਰੀ ਤੋਂ 15 ਜਨਵਰੀ ਤੱਕ ਪਰਵਾਰ ਨੂੰ ਸੂਚਿਤ ਕਰਨਾ ਵੀ ਮੁਨਾਸਿਬ ਨਹੀਂ ਸਮਝਿਆ। ਦੂਜੇ ਪਾਸੇ ਥਾਣਾ ਸਿਟੀ ਕਪੂਰਥਲਾ ਦੀ ਪੁਲਸ ਨੇ ਮਾਮਲਾ ਦਰਜ ਕਰ ਲਿਆ ਹੈ ਅਤੇ ਉਨ੍ਹਾਂ ਮੁਤਾਬਕ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜੋ ਵੀ ਤੱਥ ਸਾਹਮਣੇ ਆਉਣਗੇ ਉਸ ਮੁਤਾਬਕ ਕਾਰਵਾਈ ਕੀਤੀ ਜਾਵੇਗੀ।

ਪੰਡਤ ਸ਼੍ਰੀਰਾਮ ਸ਼ਰਮਾ ਦੇ ਨਾਂਅ 'ਤੇ ਖੋਜ ਚੇਅਰ ਕੀਤੀ ਜਾਵੇਗੀ ਸਥਾਪਤ : ਮੁੱਖ ਮੰਤਰੀ

ਚੰਡੀਗੜ੍ਹ, (ਕ੍ਰਿਸ਼ਨ ਗਰਗ)

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹਾਰਿਸ਼ੀ ਦਿਆਨੰਦ ਯੂਨੀਵਰਸਿਟੀ, ਰੋਹਤਕ ਵਿਚ ਮਹਾਨ ਸੁਤੰਤਰਤਾ ਸੈਨਾਨੀ ਅਤੇ ਸੰਵਿਧਾਨ ਨਿਰਮਾਣ ਸਭਾ ਦੇ ਮੈਂਬਰ ਪੰਡਿਤ ਸ਼੍ਰੀਰਾਮ ਸ਼ਰਮਾ ਦੇ ਨਾਂਅ 'ਤੇ ਇਕ ਖੋਜ ਚੇਅਰ ਦੀ ਸਥਾਪਨਾ ਕੀਤੀ ਜਾਵੇਗੀ ਅਤੇ ਰਾਸ਼ਟਰ ਲਈ ਉਨ੍ਹਾਂ ਦੇ ਮਹਾਨ ਯੋਗਦਾਨ ਨੂੰ ਸਨਮਾਨਿਤ ਕਰਨ ਦੇ ਲਈ ਸੂਬੇ ਵਿਚ ਇਕ ਯੂਨੀਵਰਸਿਟੀ/ਸੰਸਥਾਨ ਦਾ ਨਾਂਅ ਪੰਡਿਤ ਸ਼੍ਰੀਰਾਮ ਸ਼ਰਮਾ ਦੇ ਨਾਅ 'ਤੇ ਰੱਖਿਆ ਜਾਵੇਗਾ। ਉਨ੍ਹਾਂ ਨੇ ਐਲਾਨ ਕਰਦੇ ਹੋਏ ਕਿਹਾ ਕਿ ਰਾਜ ਸਰਕਾਰ ਹਰ ਸਾਲ 1 ਅਕਤੂਬਰ ਨੂੰ ਉਨ੍ਹਾਂ ਦੀ ਜੈਯੰਤੀ ਵੀ ਮਨਾਏਗੀ। ਇਸ ਮੌਕੇ 'ਤੇ ਪੂਰੇ ਸੂਬੇ ਦੇ ਸਕੂਲਾਂ ਅਤੇ ਕਾਲਜਾਂ ਵਿਚ ਲੇਖ ਲੇਖਨ, ਕਵਿਤਾ ਲੇਖਨ ਅਤੇ ਭਾਸ਼ਨ ਮੁਕਾਬਲੇ ਪ੍ਰਬੰਧਿਤ ਕੀਤੇ ਜਾਣਗੇ, ਜਿਸ ਨਾਲ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ ਅਤੇ ਵਿਚਾਰਾਂ ਨੂੰ ਜਾਨਣ ਲਈ ਪ੍ਰੋਤਸਾਹਿਤ ਕੀਤਾ ਜਾ ਸਕੇ। ਇਸ ਤੋਂ ਇਲਾਵਾ, ਮੁੱਖ ਮੰਤਰੀ ਨੇ ਪੰਡਿਤ ਸ਼੍ਰੀਰਾਮ ਸ਼ਰਮਾ ਦੀ ਪ੍ਰਤਿਮਾ ਸਥਾਨ 'ਤੇ 30 ਫੁੱਟ ਉੱਚਾ ਕੌਮੀ ਝੰਡਾ ਫਹਿਰਾਉਣ ਅਤੇ ਉਸ ਸਥਾਨ ਨੂੰ ਸੁੰਦਰ ਬਨਾਉਣ ਦਾ ਵੀ ਐਲਾਨ ਕੀਤਾ। ਪੰਡਿਤ ਸ਼੍ਰੀਰਾਮ ਸ਼ਰਮਾ ਵਿਚਾਰ ਮੰਚ ਵੱਲੋਂ ਰੱਖੀਆਂ ਗਈਆਂ ਦੋ ਹੋਰ ਮੰਗਾਂ ਬਹਾਦੁਰਗੜ੍ਹ ਸਥਿਤ ਪੰਡਿਤ ਸ਼੍ਰੀਰਾਮ ਸ਼ਰਮਾ ਮੈਟਰੋ ਸਟੇਸ਼ਨ 'ਤੇ ਉਨ੍ਹਾਂ ਦੀ ਖੋਜਗਾਥਾ ਲਿਖਣ ਅਤੇ ਸਕੂਲੀ ਕੋਰਸ ਵਿਚ ਪੰਡਿਤ ਸ਼੍ਰੀਰਾਮ ਸ਼ਰਮਾ ਦੀ ਜੀਵਨੀ ਨੂੰ ਸ਼ਾਮਿਲ ਕਰਨ ਦੇ ਸੰਦਰਭ ਵਿਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਮੰਗਾਂ ਸਬੰਧਿਤ ਵਿਭਾਗਾਂ ਨੂੰ ਭਿਜਵਾ ਕੇ ਪੂਰੀ ਕਰਵਾਈ ਜਾਣਗੀਆਂ। ਉਨ੍ਹਾਂ ਨੇ ਪੰਡਿਤ ਸ਼੍ਰੀਰਾਮ ਸ਼ਰਮਾ ਵਿਚਾਰ ਸੰਘ ਸਮਿਤੀ ਲਈ 21 ਲੱਖ ਰੁਪਏ ਦੇ ਗ੍ਰਾਂਟ ਦਾ ਵੀ ਐਲਾਨ ਕੀਤਾ, ਤਾਂ ਜੋ ਉਨ੍ਹਾਂ ਦੇ ਆਦਰਸ਼ਾਂ ਅਤੇ ਮੁੱਲਾਂ ਦੇ ਲਗਾਤਾਰ ਪ੍ਰਚਾਰ-ਪ੍ਰਸਾਰ ਨੂੰ ਪ੍ਰੋਤਸਾਹਨ ਮਿਲ ਸਕੇ। ਮੁੱਖ ਮੰਤਰੀ ਨੇ ਰੋਹਤਕ ਵਿਚ ਪੰਡਿਤ ਸ਼੍ਰੀਰਾਮ ਸ਼ਰਮਾ ਪਾਰਕ ਸਥਾਨ 'ਤੇ ਪ੍ਰਬੰਧਿਤ ਪ੍ਰੋਗ੍ਰਾਮ ਵਿਚ ਪੰਡਿਤ ਸ਼੍ਰੀਰਾਮ ਸ਼ਰਮਾ ਦੀ ਪ੍ਰਤਿਮਾ ਦਾ ਉਦਘਾਟਨ ਕਰਦੇ ਹੋਏ ਇਹ ਐਲਾਨ ਕੀਤੇ।

ਕਿਰਤੀ ਕਿਸਾਨ ਯੂਨੀਅਨ ਦੇ ਆਗੂਆਂ ਤੇ ਵਰਕਰਾਂ ਦਾ ਹੋਇ

17- jan- PAGE 9.qxd 1/16/2025 10:30 PM Page 1

ਕੁਮਾਰੀ ਮਾਇਆਵਤੀ ਦਾ ਜਨਮ ਦਿਨ ਜਨ-ਕਲਿਆਣ ਦੇ ਰੂਪ 'ਚ ਮਨਾਇਆ

ਬੰਗਾ, ਨਵਾਂਸ਼ਹਿਰ (ਅਵਤਾਰ ਕਲੇਰ, ਕੁਲਵਿੰਦਰ ਦੁਰਗਾਪੁਰੀਆ)

ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਨਵਾਂਸ਼ਹਿਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਭੈਣ ਕੁਮਾਰੀ ਮਾਇਆਵਤੀ ਦਾ 69ਵਾਂ ਜਨਮ ਦਿਨ ਜਨ ਕਲਿਆਣਕਾਰੀ ਦਿਵਸ ਦੇ ਰੂਪ ਵਿੱਚ ਮਨਾਇਆ ਗਿਆ।

ਸਮੁੱਚੇ ਜ਼ਿਲ੍ਹੇ ਦੇ ਸਾਰੇ ਅਹੁਦੇਦਾਰ ਵਰਕਰ ਸਮਰਥਕ ਸ਼ਾਮਿਲ ਹੋਏ। ਡਾ. ਨਛੱਤਰ ਪਾਲ ਵਿਧਾਇਕ ਨਵਾਂ ਸ਼ਹਿਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਭੈਣ ਕੁਮਾਰੀ ਮਾਇਆਵਤੀ ਵੱਲੋਂ ਆਪਣੇ ਰਾਜ ਦੇ ਅੰਦਰ ਸਭ ਵਰਗਾਂ ਲਈ ਸੁੱਖ ਸਹੂਲਤਾਂ ਦਿੱਤੀਆਂ ਗਈਆਂ। ਉਹਨਾਂ ਨੇ ਬੱਚਿਆਂ ਲਈ ਬਹੁਤ ਵਧੀਆ ਯੂਨੀਵਰਸਿਟੀ ਆਈ ਟੀ ਆਈ, ਆਈ ਆਈ ਟੀ ਮੈਡੀਕਲ ਕਾਲਜ ਖੋਲੇ, ਬੇਜ਼ਮੀਨੇ ਲੋਕਾਂ ਨੂੰ ਜਿੱਥੇ ਜਮੀਨਾਂ ਵੰਡੀਆਂ ਉੱਥੇ ਰੁਜ਼ਗਾਰ ਦੇ ਸਾਧਨ ਮਹੱਈਆ ਕਰਵਾਏ। ਮਹਾਨ ਰਹਿਬਰਾਂ ਦੀਆਂ ਯਾਦਗਾਰਾਂ ਲਖਨਊ ਦੇ ਅੰਦਰ ਬਾਬਾ ਸਾਹਿਬ ਡਾ ਅੰਬੇਡਕਰ ਸਮਾਰਕ ਅਤੇ ਨੋਇਡਾ ਦੇ ਅੰਦਰ ਦਲਿਤ ਪ੍ਰੇਰਨਾ ਕੇਂਦਰ ਬਣਾ ਕੇ ਆਪਣੇ ਰਹਿਬਰਾਂ ਦਾ ਮਾਨ ਸਨਮਾਨ ਨੂੰ ਬਹਾਲ ਰੱਖਿਆ।ਕਾਂਗਰਸ ਨੇ ਕੱਲ ਜੈ ਭੀਮ ਜੈ ਬਾਪੂ ਜੈ ਸੰਵਿਧਾਨ ਦੇ ਨਾਅਰੇ ਤਹਿਤ ਪ੍ਰੋਗਰਾਮ ਉਲੀਕੇ ਹਨ ਜਿਹੜੇ ਲੋਕਾਂ ਨੂੰ ਗੁਮਰਾਹ ਕਰਨ ਵਾਲੇ ਹਨ, ਕਿਉਂਕਿ ਬਾਬਾ ਸਾਹਿਬ ਡਾ. ਅੰਬੇਡਕਰ ਨੇ ਜਦੋਂ ਦਲਿਤਾਂ ਪਛੜਿਆਂ ਦੀ ਲੜਾਈ ਲੜੀ ਤਾਂ ਹਮੇਸ਼ਾ ਉਹਨਾਂ ਨੂੰ ਰੋਕਣ ਦੇ ਵਿੱਚ ਕਾਂਗਰਸ ਅਤੇ ਮਹਾਤਮਾ ਗਾਂਧੀ ਦਾ ਵਿਰੋਧ ਕਰਨ ਵਿੱਚ ਮੋਹਰੀ ਰੋਲ ਰਿਹਾ। ਇਸ ਮੌਕੇ ਪ੍ਰਵੀਨ ਬੰਗਾ ਜਨਰਲ ਸਕੱਤਰ ਬਸਪਾ ਪੰਜਾਬ, ਸਰਬਜੀਤ ਜਾਫ਼ਰਪੁਰ ਜ਼ਿਲ੍ਹਾ ਪ੍ਰਧਾਨ, ਮਨੋਹਰ ਕਮਾਮ, ਭੁਪਿੰਦਰ ਬੇਗਮਪੁਰੀ, ਦਿਲਬਾਗ ਮਹਿੰਦੀਪੁਰ,ਡਾ ਪਰਮਜੀਤ ਆਸਟ੍ਰੇਲੀਆ, ਸਤਵਿੰਦਰ ਟੀਨੂੰ ਆਸਟ੍ਰੇਲੀਆ, ਗੁਰਦਿਆਲ ਦੁੱਗਲ ਦੁਬਈ,ਗਿਆਨ ਚੰਦ ,ਜਸਵੀਰ ਔਲੀਪੁਰ ,ਕੌਂਸਲਰ ਪੰਮਾ,ਪ੍ਰੇਮ ਰਤਨ, ਸਰਵਨ ਰਾਮ ,ਸੁਰਜੀਤ ਕਰੀਹਾ,ਕੌਂਸਲਰ ਗੁਰੱਮੁਖ ਨੌਰਥ ,ਸੋਹਣ ਸਿੰਘ,ਹਰਮੇਸ਼ ਨੋਰਦ,ਸਾਬਕਾ ਵਿਧਾਇਕ ਹਰਗੋਪਾਲ,ਗੁਰਨਾਮ ਪੁੰਨੂੰ ਮਜ਼ਾਰਾ,ਜੈ ਪਾਲ ਸੂੰਡਾ,ਕੁਲਦੀਪ ਬਹਿਰਾਮ,ਦਵਿੰਦਰ ਬੇਗਮਪੁਰ ਕਾਨੂਗੋ,ਮੇਜਰ ਸਿੰਘ ਘਟਾਰੋਂ,ਰਾਕੇਸ਼ ਕੁਮਾਰ ,ਤੀਰਥ ਕਲਸੀ,ਰਾਜ ਦਦਰਾਲ ,ਚਰਨਜੀਤ ਸੱਲਾਂ,ਦੇਸ ਰਾਜ ਚੱਕ ਮੰਡੇਰ, ਗੁਰਦਿਆਲ ਦੋਸਾਂਝ ਖੁਰਦ ਅਤੇ ਹੋਰ ਵੀ ਸਾਥੀ ਹਾਜਰ ਸਨ ।

ਖੁਦ ਦੇ ਕਾਰੋਬਾਰ ਲਈ ਨੌਜਵਾਨਾਂ ਨੂੰ ਮਿਲ ਸਕਦੈ 50 ਲੱਖ ਤੱਕ ਦਾ ਕਰਜ਼ਾ : ਡਿਪਟੀ ਕਮਿਸ਼ਨਰ

ਨਵਾਂਸ਼ਹਿਰ, (ਮਨੋਜ ਲਾਡੀ)

ਬੇਰੁਜ਼ਗਾਰ ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਸਥਾਪਿਤ ਕਰਨ ਲਈ ਸਰਕਾਰ ਵੱਲੋਂ ਪ੍ਰਧਾਨ ਮੰਤਰੀ ਰੋਜ਼ਗਾਰ ਸਿਰਜਣ ਯੋਜਨਾ (ਪੀ.ਐੱਮ.ਈ.ਜੀ.ਪੀ) ਚਲਾਈ ਜਾ ਰਹੀ ਹੈ। ਇਸ ਸਕੀਮ ਅਧੀਨ ਚਾਹਵਾਨ ਉਮੀਦਵਾਰਾਂ ਨੂੰ ਸਵੈ-ਰੋਜ਼ਗਾਰ ਸਥਾਪਿਤ ਕਰਨ ਲਈ ਬੈਂਕਾਂ ਰਾਹੀਂ 50 ਲੱਖ ਰੁਪਏ ਤੱਕ ਦੇ ਕਰਜ਼ੇ ਦੀ ਸਹੂਲਤ ਮੁਹੱਈਆ ਕਰਵਾਈ ਜਾਂਦੀ ਹੈ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਇਸ ਸਕੀਮ ਦੀ ਪ੍ਰਗਤੀ ਦੀ ਸਮੀਖਿਆ ਕਰਨ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਸਕੀਮ ਦਾ ਲਾਭ ਲੈਣ ਵਾਲੇ ਉਮੀਦਵਾਰ ਦੀ ਘੱਟੋ-ਘੱਟ ਉਮਰ 18 ਸਾਲ ਹੋਣੀ ਚਾਹੀਦੀ ਹੈ ਅਤੇ ਆਮਦਨ ਦੀ ਕੋਈ ਸੀਮਾ ਨਹੀਂ ਰੱਖੀ ਗਈ ਹੈ। ਉਨ੍ਹਾਂ ਦੱਸਿਆ ਕਿ 5 ਲੱਖ ਤੋਂ ਵੱਧ ਲਾਗਤ ਵਾਲੇ ਪ੍ਰਾਜੈਕਟ ਦੇ ਉੱਦਮੀ ਦੀ ਘੱਟੋ-ਘੱਟ ਵਿੱਦਿਅਕ ਯੋਗਤਾ ਅੱਠਵੀਂ ਪਾਸ ਹੋਣੀ ਚਾਹੀਦੀ ਹੈ ਅਤੇ 5 ਲੱਖ ਤੋਂ ਘੱਟ ਲਾਗਤ ਵਾਲੇ ਪ੍ਰਾਜੈਕਟ ਦਾ ਲਾਭ ਆਰਟੀਕਲ (ਕਲਾ ਕ੍ਰਿਤੀ)/ਸੇਵਾ ਖੇਤਰ ਦੇ ਉੱਦਮੀ ਵੀ ਲੈ ਸਕਦੇ ਹਨ। ਇਸ ਸਕੀਮ ਅਧੀਨ ਸਰਵਿਸ/ਬਿਜ਼ਨਸ ਲਈ 10 ਲੱਖ ਰੁਪਏ ਅਤੇ ਇੰਡਸਟਰੀ ਐਕਟੀਵਿਟੀ ਲਈ 25 ਲੱਖ ਰੁਪਏ ਤੱਕ ਦਾ ਉਦਯੋਗ ਸਥਾਪਿਤ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਨਵੀਆਂ ਸੂਖਮ ਇਕਾਈਆਂ ਸਥਾਪਿਤ ਕਰਨ ਲਈ ਨਿਰਮਾਣ ਗਤੀਵਿਧੀਆਂ ਲਈ 50 ਲੱਖ ਅਤੇ ਸੇਵਾ ਖੇਤਰ ਦੇ ਲਈ 20 ਲੱਖ ਰੁਪਏ ਦੀ ਵਿੱਤੀ ਸਹਾਇਤਾ ਸਬਸਿਡੀ 'ਤੇ ਮੁਹੱਈਆ ਕਰਵਾਈ ਜਾਂਦੀ ਹੈ, ਜਿਸ ਵਿਚ ਉੱਦਮੀ ਵੱਲੋਂ ਆਪਣਾ ਯੋਗਦਾਨ ਜਨਰਲ ਸ਼੍ਰੇਣੀ ਲਈ 10 ਫੀਸਦੀ ਅਤੇ ਬਾਕੀ ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ ਘੱਟ ਗਿਣਤੀ/ ਔਰਤਾਂ/ ਸਾਬਕਾ ਫ਼ੌਜੀ/ ਦਿਵਿਆਂਗਜਨ/ਬਾਰਡਰ ਏਰੀਆ ਨਾਲ ਸਬੰਧਤ ਉਮੀਦਵਾਰਾਂ ਲਈ 5 ਫ਼ੀਸਦੀ ਹੋਵੇਗਾ। ਇਸੇ ਤਰ੍ਹਾਂ ਪ੍ਰਾਜੈਕਟ ਸਥਾਪਿਤ ਕਰਨ ਉਪਰੰਤ ਸ਼ਹਿਰੀ ਖੇਤਰ ਲਈ ਜਨਰਲ ਸ਼੍ਰੇਣੀ ਵਾਸਤੇ 15 ਫੀਸਦੀ, ਅਨੁਸੂਚਿਤ ਜਾਤੀ/ ਪੱਛੜੀ ਸ਼੍ਰੇਣੀ/ ਘੱਟ ਗਿਣਤੀ/ ਔਰਤਾਂ/ ਸਾਬਕਾ ਫ਼ੌਜੀ/ ਦਿਵਿਆਂਗਜਨ/ਬਾਰਡਰ ਏਰੀਆ ਨਾਲ ਸਬੰਧਤ ਉੱਦਮੀਆਂ ਲਈ 25 ਫੀਸਦੀ, ਪੇਂਡੂ ਖੇਤਰ ਲਈ ਜਨਰਲ ਸ਼੍ਰੇਣੀ ਵਾਸਤੇ 25 ਫੀਸਦੀ ਅਤੇ ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਘੱਟ ਗਿਣਤੀ/ ਔਰਤਾਂ/ਸਾਬਕਾ ਫ਼ੌਜੀ/ ਦਿਵਿਆਂਗਜਨ/ ਬਾਰਡਰ ਏਰੀਆ ਨਾਲ ਸਬੰਧਤ ਉੱਦਮੀਆਂ ਲਈ 35 ਫੀਸਦੀ ਸਬਸਿਡੀ ਉਪਲਬੱਧ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਨੂੰ ਈ. ਡੀ. ਪੀ ਟ੍ਰੇਨਿੰਗ ਲੈਣੀ ਜ਼ਰੂਰੀ ਹੈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਐਸ.ਡੀ.ਐਮ ਬਲਾਚੌਰ ਰਵਿੰਦਰ ਕੁਮਾਰ ਬਾਂਸਲ ਤੋਂ ਇਲਾਵਾ ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਗ੍ਰਾਮ ਪੰਚਾਇਤ ਤੇਹਿੰਗ, ਦਸਮੇਸ਼ ਸਪੋਰਟਸ ਕਲੱਬ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਲਾਨਾ ਛਿੰਝ ਮੇਲੇ ਦੌਰਾਨ ਨਿਰਮਲ ਸਿੰਘ ਜੱਜ ਸਰਪੰਚ, ਤੀਰਥ ਸਿੰਘ ਜੌਹਲ, ਰਾਜਪਾਲ ਸਿੰਘ ਅਟਵਾਲ ਨੂੰ ਸਨਮਾਨਿਤ ਕਰਦੇ ਹੋਏ।

(ਫੋਟੋ ਤੇ ਵੇਰਵਾ ਬੀ ਐੱਸ ਕੈਨੈਡੀ, ਫਿਲੌਰ)

ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਮੌਕੇ ਗੁਰਮਤਿ ਸਮਾਗਮ ਕਰਵਾਏ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)-ਪਿੰਡ ਪੋਡੋਰੀ ਕੱਦ ਵਿਖੇ ਗੁਰਦੁਆਰਾ ਸਿੰਘ ਸਭਾ ਦੇ ਅਸਥਾਨ 'ਤੇ ਸਰਬੰਸਦਾਨੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ।ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਜ਼ਾਰਾ ਸਿੰਘ, ਮਾਸਟਰ ਮਲਕੀਅਤ ਸਿੰਘ, ਗੁਰਦਿਆਲ ਸਿੰਘ ਨੇ ਦੱਸਿਆ ਕਿ ਪ੍ਰਕਾਸ਼ ਪੁਰਬ ਮੌਕੇ ਸ਼੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਭਾਈ ਦਵਿੰਦਰ ਸਿੰਘ ਹੈਡ ਗ੍ਰੰਥੀ, ਭਾਈ ਸੁਖਜੀਤ ਸਿੰਘ ਟਾਂਡਾ ਕੀਰਤਨੀਏ ਜੱਥੇ ਨੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਧਾਨ ਹਜ਼ਾਰਾ ਸਿੰਘ ਨੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਵਧਾਈਆ ਦਿੱਤੀਆਂ। ਉਨਾ ਕਿਹਾ ਕਿ ਸਾਨੂੰ ਸਾਰਿਆਂ ਨੂੰ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ। ਇਸ ਮੌਕੇ ਸਰਵਣ ਸਿੰਘ ਖਜਾਨਚੀ, ਰਣਜੀਤ ਸਿੰਘ, ਸਤਪਾਲ ਸਿੰਘ, ਹਰਪਾਲ ਸਿੰਘ, ਜਸਪ੍ਰੀਤ ਸਿੰਘ, ਗੁਰਕੇਵਨ ਸਿੰਘ, ਇਕਬਾਲ ਸਿੰਘ, ਮੋਹਣ ਸਿੰਘ ਆਦਿ ਹਾਜ਼ਰ ਸਨ।

ਗੁਰਦੁਆਰਾ ਬਾਬਾ ਬਿਸ਼ਨ ਸਿੰਘ ਵਿਖੇ ਹੋਇਆ ਮਾਘੀ ਦਾ ਸਮਾਗਮ

ਅੱਡਾ ਸਰਾਂ (ਜਸਵੀਰ ਕਾਜਲ)-ਪਿੰਡ ਕੰਧਾਲਾ ਜੱਟਾਂ ਵਿੱਚ ਸਥਿਤ ਗੁਰਦੁਆਰਾ ਬ੍ਰਹਮ ਗਿਆਨੀ ਸੰਤ ਬਾਬਾ ਬਿਸ਼ਨ ਸਿੰਘ ਜੀ ਦੇ ਸਥਾਨ 'ਤੇ ਮਾਘੀ ਦਾ ਸਮਾਗਮ ਕਰਵਾਇਆ ਗਿਆ ।ਇਸ ਮੌਕੇ ਬ੍ਰਹਮਲੀਨ ਸੰਤ ਬਾਬਾ ਬਚਿੱਤਰ ਸਿੰਘ ਜੀ ਦਾ ਸਾਲਾਨਾ ਬਰਸੀ ਸਮਾਗਮ ਵੀ ਕਰਵਾਇਆ ਗਿਆ। ਸ੍ਰੀ ਅਖੰਡ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਪੰਥ ਪ੍ਰਸਿੱਧ ਢਾਡੀ ਜਥਾ ਗਿਆਨੀ ਗੁਰਦੇਵ ਸਿੰਘ ਕੋਮਲ ਨੇ ਆਈਆਂ ਹੋਈਆਂ ਸੰਗਤਾਂ ਨੂੰ ਕਥਾ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।ਇਸ ਮੌਕੇ ਕੈਪਟਨ ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ ਖਜਾਨਚੀ, ਇੰਦਰਜੀਤ ਸਿੰਘ ਉਪ ਪ੍ਰਧਾਨ, ਤਜਿੰਦਰ ਸਿੰਘ ਉਪ ਖਜਾਨਚੀ, ਸੁਰਿੰਦਰ ਸਿੰਘ ਗੁਗਲੀ,ਸੁਖਨਿੰਦਰ ਸਿੰਘ, ਦਰਸ਼ਨ ਸਿੰਘ, ਗੁਰਮੇਲ ਸਿੰਘ, ਇੰਦਰਜੀਤ ਸਿੰਘ, ਅਜੀਤ ਸਿੰਘ,ਗਿਆਨੀ ਰਣਜੀਤ ਸਿੰਘ ਹੈੱਡ ਗ੍ਰੰਥੀ, ਕੁਲਵੰਤ ਸਿੰਘ, ਗੁਰਮੇਲ ਸਿੰਘ, ਗੁਰਵਿੰਦਰ ਸਿੰਘ ਗਿੱਤਾ ਪ੍ਰਧਾਨ ਗੁਰਦੁਆਰਾ ਚੜ੍ਹਦੀ ਪੱਤੀ, ਕੈਪਟਨ ਹਰੀ ਓਮ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ, ਜਗੀਰ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ, ਲੰਬੜਦਾਰ ਭੁਪਿੰਦਰ ਸਿੰਘ, ਗਿਆਨੀ ਦਤਾਰ ਸਿੰਘ, ਤਿੰਨ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

ਲੋਹੜੀ ਦੇ ਤਿਉਹਾਰ ਨੇ ਭਰਿਆ ਡੀ ਆਰ ਵੀ ਡੀ ਏ ਵੀ ਸਕੂਲ 'ਚ ਖੁਸ਼ੀਆਂ ਦਾ ਰੰਗ

ਫਿਲੌਰ (ਬੀ ਐੱਸ ਕੈਨੈਡੀ)—ਸਥਾਨਕ ਡੀ.ਆਰ.ਵੀ. ਡੀ.ਏ.ਵੀ. ਸੈਂਟੇਨਰੀ ਪਬਲਿਕ ਸਕੂਲ ਵਿੱਚ ਲੋਹੜੀ ਦਾ ਤਿਉਹਾਰ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਪ੍ਰਿੰਸੀਪਲ, ਸਟਾਫ ਅਤੇ ਵਿਦਿਆਰਥੀਆਂ ਨੇ ਇਕੱਠੇ ਹੋ ਕੇ ਲੋਹੜੀ ਦੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।ਪ੍ਰੋਗਰਾਮ ਦੀ ਸ਼ੁਰੂਆਤ ਰਵਾਇਤੀ ਅੱਗ (ਲੋਹੜੀ ਦਾ ਭੁੱਗਾ) ਦੇ ਜਲਾਏ ਜਾਣ ਨਾਲ ਹੋਈ, ਜਿੱਥੇ ਸਾਰਿਆਂ ਨੇ ਇਕੱਠੇ ਹੋ ਕੇ ਨਵੇਂ ਸਾਲ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ। ਪੰਜਾਬੀ ਸੰਗੀਤ ਅਤੇ ਢੋਲ ਦੀਆਂ ਧੁਨਾਂ 'ਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਅੱਗ ਦੇ ਦੁਆਲੇ ਗੇੜੇ ਪਾਉਂਦਿਆਂ ਨੱਚ ਕੇ ਤਿਉਹਾਰ ਦਾ ਆਨੰਦ ਮਾਣਿਆ।ਤਿਉਹਾਰ ਦੇ ਰੰਗ ਨੂੰ ਹੋਰ ਗਹਿਰਾਈ ਅਤੇ ਮਹੱਤਤਾ ਦੇਣ ਲਈ ਰਿਵਾਇਤੀ ਮਿਠਾਈਆਂ ਜਿਵੇਂ ਰੇਵੜੀਆਂ, ਗੱਚਕ ਅਤੇ ਮੂੰਗਫਲੀਆਂ ਵਿਦਿਆਰਥੀਆਂ ਅਤੇ ਸਟਾਫ ਵਿਚ ਵੰਡੀਆਂ ਗਈਆਂ, ਜਿਸ ਨਾਲ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ ਗਿਆ।ਪ੍ਰਿੰਸੀਪਲ ਡਾ. ਯੋਗੇਸ਼ ਗੰਭੀਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਲੋਹੜੀ ਦੇ ਪ੍ਰਾਕ੍ਰਿਤਕ ਅਤੇ ਸਾਂਸਕ੍ਰਿਤਕ ਮਹੱਤਵ ਨੂੰ ਰੌਸ਼ਨ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਸੱਭਿਆਚਾਰਕ ਧਰੋਹਰ ਨੂੰ ਸੰਭਾਲਣ ਅਤੇ ਖੁਸ਼ੀਆਂ ਤੇ ਸੰਦੇਸ਼ ਘਰ -ਘਰ ਫੈਲਾਉਣ ਲਈ ਪ੍ਰੇਰਿਤ ਕੀਤਾ।ਇਹ ਸਮਾਗਮ ਖੁਸ਼ੀ ਦੇ ਰੰਗਾਂ ਅਤੇ ਯਾਦਗਾਰ ਪਲਾਂ ਨਾਲ ਸਮਾਪਤ ਹੋਇਆ।

ਗੁਰੂ ਨਾਨਕ ਖਾਲਸਾ ਕਾਲਜ 'ਚ ਰਾਸ਼ਟਰੀ ਯੁਵਾ ਦਿਵਸ ਮਨਾਇਆ

ਸੁਲਤਾਨਪੁਰ ਲੋਧੀ, (ਹਨੀ)-ਗੁਰੂ ਨਾਨਕ ਖਾਲਸਾ ਕਾਲਜ ਵਿਖੇ ਰੈਡ ਰਿਬਨ ਕਲੱਬ, ਐਨ.ਐਸ.ਐਸ. ਵਿਭਾਗ ਅਤੇ ਈਕੋ ਕਲੱਬ ਵੱਲੋਂ ਡਾ. ਮਨੀ ਛਾਬੜਾ ਪ੍ਰੋਗਰਾਮ ਅਫਸਰ ਰੈਡ ਰਿਬਨ ਕਲੱਬ, ਪ੍ਰੋ. ਸ਼ਿਲ੍ਹ ਬਾਲਾ ਪ੍ਰੋਗਰਾਮ ਅਫਸਰ ਐਨ.ਐਸ.ਐਸ. ਵਿਭਾਗ ਅਤੇ ਪ੍ਰੋ. ਜਸਵੀਰ ਕੌਰ ਇੰਚਾਰਜ ਈਕੋ ਕਲੱਬ ਦੀ ਅਗਵਾਈ ਹੇਠ ਰਾਸ਼ਟਰੀ ਯੁਵਾ ਦਿਵਸ ਮਨਾਇਆ ਗਿਆ। ਜਿਸ ਮੌਕੇ ਵਿਦਿਆਰਥੀਆਂ ਨੇ ਸਵਾਮੀ ਵਿਵੇਕਾਨੰਦ ਦੀਆਂ ਸਿੱਖਿਆਵਾਂ ਅਤੇ ਯੁਵਾ ਸਸ਼ਕਤੀਕਰਨ ਬਾਰੇ ਵਿਚਾਰ ਪੇਸ਼ ਕੀਤੇ । ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਵਾਮੀ ਜੀ ਦੇ ਪ੍ਰੇਰਨਾਦਾਇਕ ਜੀਵਨ ਅਤੇ ਸ਼ਕਤੀਸ਼ਾਲੀ ਸੰਦੇਸ਼ਾਂ ਤੋਂ ਸੇਧ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪ੍ਰੋ. ਸਿਮਰਜੀਤ ਕੌਰ, ਡਾ. ਅਮਨਦੀਪ ਕੌਰ, ਪ੍ਰੋ. ਹਰਪ੍ਰੀਤ ਸਿੰਘ, ਪ੍ਰੋ. ਹਰਦੀਸ਼ ਕੌਰ, ਅਮਰੀਕ ਸਿੰਘ ਆਦਿ ਹਾਜ਼ਰ ਸਨ।

ਜ਼ਿਲ੍ਹੇ ਅੰਦਰ ਹਰੇ ਅੰਬ, ਨਿੰਮ, ਪਿੱਪਲ ਤੇ ਬੋਹੜ ਦੇ ਰੁੱਖਾਂ ਦੀ ਕਟਾਈ 'ਤੇ ਪਾਬੰਦੀ

ਨਵਾਂਸ਼ਹਿਰ, (ਮਨੋਜ ਲਾਡੀ)-ਜ਼ਿਲ੍ਹਾ ਮੈਜਿਸਟ੍ਰੇਟ ਰਾਜੇਸ਼ ਧੀਮਾਨ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਡੀਲਿਸਟ ਏਰੀਏ ਵਿਚੋਂ ਹਰੇ ਅੰਬ, ਨਿੰਮ, ਪਿੱਪਲ ਅਤੇ ਬੋਹੜ ਦੇ ਬਹੁਤ ਹੀ ਮਹੱਤਵਪੂਰਨ ਰੁੱਖਾਂ ਦੇ ਕੱਟਣ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮਾਂ ਵਿਚ ਕਿਹਾ ਗਿਆ ਹੈ ਕਿ ਜੇਕਰ ਉਕਤ ਰੁੱਖਾਂ ਨੂੰ ਵਿਸ਼ੇਸ਼ ਹਾਲਾਤ ਵਿਚ ਕੱਟਣਾ ਜ਼ਰੂਰੀ ਹੋਵੇ, ਤਾਂ ਜੰਗਲਾਤ ਵਿਭਾਗ ਦੀ ਪ੍ਰਵਾਨਗੀ ਨਾਲ ਹੀ ਕੱਟੇ ਜਾਣ। ਇਸ ਮੰਤਵ ਲਈ ਵਣ ਵਿਭਾਗ ਵੱਲੋਂ ਉਹੀ ਪ੍ਰਕਿਰਿਆ ਅਪਣਾਈ ਜਾਵੇਗੀ, ਜਿਹੜੀ ਕਿ ਪੰਜਾਬ ਭੂਮੀ ਸੁਰੱਖਿਆ ਐਕਟ 1900 ਦਫ਼ਾ-4 ਅਤੇ 5 ਅਧੀਨ ਬੰਦ ਰਕਬੇ ਵਿਚ ਪਰਮਿਟ ਦੇਣ ਲਈ ਅ

17-JAN-PAGE-10.qxd 1/16/2025 9:31 PM Page 1

ਮਾਘੀ ਮੌਕੇ ਦਸਤਾਰ ਸਜਾਉਣ ਵਾਲੇ ਬੱਚਿਆਂ ਨੂੰ ਕੀਤਾ ਸਨਮਾਨਤ

ਮਾਨਸਾ/ਝੁਨੀਰ (ਆਤਮਾ ਸਿੰਘ ਪਮਾਰ)-ਪਿੰਡ ਫਤਿਹਪੁਰ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਮਾਘੀ ਦੇ ਪਵਿੱਤਰ ਦਿਹਾੜੇ ਤੇ ਮਾਘੀ ਦੇ ਸਮੂਹ ਸ਼ਹੀਦਾਂ ਨੂੰ ਸਮਰਪਤ ਹਰ ਸਾਲ ਦੀ ਤਰ੍ਹਾਂ ਸਜਾਏ ਜਾਂਦੇ ਧਾਰਮਿਕ ਪ੍ਰੋਗਰਾਮਾਂ ਦੌਰਾਨ ਦਸਤਾਰ ਸਿਖਲਾਈ ਕੈਂਪ ਲਾਇਆ ਜਾਂਦਾ ਹੈ।ਇਸ ਚੌਥੇ ਦਸਤਾਰ ਸਿਖਲਾਈ ਕੈਂਪ ਵਿੱਚ ਸੋਹਣੀਆਂ ਦਸਤਾਰਾਂ ਸਜਾਉਣ ਦੀ ਸੇਵਾ ਸਿਖਲਾਈ ਅਨਮੋਲਪ੍ਰੀਤ ਸਿੰਘ ਤੇ ਹਰਵਿੰਦਰ ਸਿੰਘ ਵਲੋਂ ਨਿਭਾਈ ਗਈ।ਇਸ ਦਸਤਾਰ ਸਿਖਲਾਈ ਕੈਂਪ ਦੌਰਾਨ 25 ਦੇ ਕਰੀਬ ਬੱਚਿਆਂ ਨੇ ਭਾਗ ਲਿਆ।ਮੁਕਾਬਲੇ ਦੌਰਾਨ ਸੋਹਣੀ ਦਸਤਾਰ ਸਜਾਉਣ ਵਾਲੇ ਬੱਚਿਆਂ ਵਿੱਚ ਪਹਿਲਾ ਸਥਾਨ ਗੁਰਜੋਤ ਸਿੰਘ ਪੁੱਤਰ ਅਮਰੀਕ ਸਿੰਘ, ਦੂਜਾ ਸਥਾਨ ਅਰਸ਼ਦੀਪ ਪੁੱਤਰ ਕੁਲਵੰਤ ਸਿੰਘ, ਤੀਜਾ ਸਥਾਨ ਸੁਮਨਜੋਤ ਸਿੰਘ ਪੁੱਤਰ ਮਿੱਠੂ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਅਤੇ ਪਿਛਲੇ ਕੈਂਪਾਂ ਦੌਰਾਨ ਪਹਿਲੇ ਸਥਾਨ 'ਤੇ ਆਉਂਦੇ ਸਾਹਿਬ ਜੀਤ ਸਿੰਘ ਪੁੱਤਰ ਗੁਰਜੀਤ ਸਿੰਘ ਅਤੇ ਕਮਲਜੀਤ ਸਿੰਘ ਪੁੱਤਰ ਹਰਵਿੰਦਰ ਸਿੰਘ ਤੇ ਇਸ ਕੈਂਪ ਵਿੱਚ ਸ਼ਾਮਲ ਸਮੂਹ ਬੱਚਿਆਂ ਨੂੰ ਵੀ ਗੁਰੂ ਘਰ ਵਲੋਂ ਸਨਮਾਨ ਦਿੱਤਾ ਗਿਆ।ਬਾਬੂ ਸਿੰਘ ਫਤਿਹਪੁਰ ਨੇ ਦੱਸਿਆ ਕਿ ਗੁਰੂ ਘਰ ਫਤਿਹਪੁਰ ਦੇ ਮੁੱਖ ਸੇਵਾਦਾਰ ਬਾਬਾ ਅਮਰੀਕ ਸਿੰਘ ਜੀ ਦੀ ਗੁਰਸਿੱਖੀ ਪ੍ਰੇਰਣਾ ਸਦਕਾ ਤੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੂਬੇਦਾਰ ਸੁਖਵਿੰਦਰ ਸਿੰਘ, ਸੂਬੇਦਾਰ ਭਗਵੰਤ ਸਿੰਘ ਸਮੂਹ ਕਮੇਟੀ ਦੇ ਸਹਿਯੋਗ ਨਾਲ ਹੀ ਨਸ਼ਾ ਰਹਿਤ ਸੋਹਣਾ ਜੀਵਨ ਬਣਾਉਣ ਲਈ ਸੈਂਕੜੇ ਬੱਚਿਆਂ ਨੂੰ ਗੁਰੂ ਨਾਲ ਜੋੜ ਕੇ ਪ੍ਰਸੰਸਾਯੋਗ ਯਤਨ ਕੀਤੇ ਜਾ ਰਹੇ ਹਨ।

ਬੀਬੀ ਭਾਨੀ ਬਿਰਧ ਆਸ਼ਰਮ 'ਚ ਲੋਹੜੀ ਦਾ ਤਿਉਹਾਰ ਮਨਾਇਆ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਬੀਬੀ ਭਾਨੀ ਬਿਰਧ ਆਸ਼ਰਮ ਵਿਖੇ ਧੂਮਧਾਮ ਨਾਲ ਲੋਹੜੀ ਦਾ ਤਿਉਹਾਰ ਮਨਾਇਆ ਗਿਆ, ਜਿਸ ਦੌਰਾਨ ਬਜ਼ੁਰਗ ਮਾਤਾਵਾਂ ਵੱਲੋਂ ਗਿੱਧਾ ਪਾ ਕੇ ਰੌਣਕਾਂ ਲਾਈਆਂ ਗਈਆਂ ਤੇ ਸਾਰੇ ਬਜ਼ੁਰਗਾਂ ਨੇ ਰਲ ਕੇ ਧੂਣੀ ਬਾਲ ਕੇ ਤਿਲ ਪਾਉਣ ਦੀ ਰਸਮ ਕੀਤੀ।ਮੁੱਖ ਪ੍ਰਬੰਧਕ ਗੁਰਪ੍ਰੀਤ ਸਿੰਘ ਗੋਲਡੀ ਰੱਤੋਕੇ ਨੇ ਦੱਸਿਆ ਕਿ ਅੱਜ ਦੇ ਸਮੇਂ ਜਿੱਥੇ ਪਰਵਾਰ ਵਿਚ ਬਜ਼ੁਰਗਾਂ ਨੂੰ ਬੋਝ ਸਮਝਿਆ ਜਾਂਦਾ ਹੈ, ਉੱਥੇ ਬੱਚਿਆਂ ਵਿਚ ਬਜ਼ੁਰਗਾਂ ਪ੍ਰਤੀ ਸਨੇਹ ਅਤੇ ਪਿਆਰ ਦੀ ਉਦਾਹਰਣ ਦੇਖਣ ਨੂੰ ਮਿਲੀ, ਜਿਥੇ 10 ਸਾਲ ਦਾ ਬੱਚਾ ਹਰਨਮਨਦੀਪ ਸਿੰਘ ਸਿੱਧੂ ਨੇ ਬਜ਼ੁਰਗਾਂ ਨਾਲ ਲੋਹੜੀ ਮਨਾ ਕੇ ਤੇ ਕੰਬਲ ਵੰਡ ਕੇ ਗਿਆ, ਉਥੇ ਹੀ ਮੋਹਨਜੀਤ ਸਿੰਘ ਸ਼ੇਰੋਂ ਨੇ ਆਪਣੇ ਬੇਟੇ ਗੁਰਨਿਵਾਜ ਸਿੰਘ ਦੇ ਜਨਮ ਦੀ ਖੁਸ਼ੀ ਵਿੱਚ ਬਜ਼ੁਰਗਾਂ ਲਈ ਰਿਊੜੀਆਂ, ਗੱਚਕ ਅਤੇ ਮੂੰਗਫਲੀਆਂ ਭੇਜੀਆਂ ਗਈਆਂ।ਕਿਰਨਦੀਪ ਕੌਰ ਨੇ ਸਾਰੇ ਬਜ਼ੁਰਗਾਂ ਨੂੰ ਖਾਣ ਲਈ ਸਮਾਨ ਵਰਤਾਇਆ।ਇਸ ਮੌਕੇ ਬੇਬੇ ਸਿੰਦਰ ਕੌਰ, ਸੁਰਜੀਤ ਕੌਰ, ਸਿੰਦਰਪਾਲ ਕੌਰ, ਬਲਵੀਰ ਕੌਰ, ਡਾ. ਕੁਲਦੀਪ ਕੌਰ, ਰਾਜ ਕੌਰ, ਧੰਨ ਕੌਰ, ਬਾਪੂ ਲਾਲ ਸਿੰਘ, ਦਰਸ਼ਨ ਸਿੰਘ, ਦਰਸ਼ਨ ਸਿੰਘ, ਨਛੱਤਰ ਸਿੰਘ, ਮੇਲਾ ਸਿੰਘ, ਬਲਵੀਰ ਸਿੰਘ, ਰਾਜ ਕੁਮਾਰ, ਸਿੰਦਰਪਾਲ ਸਿੰਘ (ਬਡਬਰ), ਮਿੱਠੂ ਸਿੰਘ ਤੇ ਭੋਲਾ ਸਿੰਘ ਹਾਜ਼ਰ ਸਨ।

ਵਿਕਾਸ ਕੰਮਾਂ ਦਾ ਜਾਇਜ਼ਾ ਲਿਆ

ਮੋਗਾ (ਇਕਬਾਲ ਸਿੰਘ ਖਹਿਰਾ)-ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਸਮੇਤ ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚਾਨੀ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸਰਮਾ ਪੀਨਾ, ਕੌਂਸਲਰ ਪ੍ਰਵੀਨ ਮੱਕੜ, ਮਿਲਾਪ ਸਿੰਘ ਤੇ ਨਗਰ ਨਿਗਮ ਦੇ ਅਧਿਕਾਰੀਆਂ ਨੇ ਸ਼ਹਿਰ ਦੀਆਂ ਵੱਖ-ਵੱਖ ਥਾਂਵਾਂ 'ਤੇ ਪਹੁੰਚ ਕੇ ਕੀਤੇ ਜਾ ਰਹੇ ਕੰਮਾਂ ਬਾਰੇ ਜਾਂਚ ਕੀਤੀ ਗਈ। ਵਿਧਾਇਕ ਡਾ: ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਸ਼ਹਿਰ 'ਚ ਚੱਲ ਰਹੇ ਕੰਮਾਂ ਦਾ ਨਿਰੀਖਣ ਕਰਨ ਉਪਰੰਤ ਵਾਰਡਾਂ 'ਚ ਕੰਮ ਸ਼ੁਰੂ ਕਰਾਏ ਜਾਣਗੇ, ਤਾਂ ਜੁ ਸ਼ਹਿਰ ਵਾਸੀਆਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਅਤੇ ਇਸ ਦਾ ਮੁੱਖ ਉਦੇਸ਼ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਾਉਣਾ ਹੈ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਉਨ੍ਹਾਂ ਅਧਿਕਾਰੀਆਂ ਨੂੰ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕਰਨ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਨਗਰ ਨਿਗਮ ਦੇ ਅਧਿਕਾਰੀ, ਕੌਂਸਲਰ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਹਾਜ਼ਰ ਸਨ।

ਜੀਵਨ ਜੋਤ ਨਰਸਿੰਗ ਇੰਸਟੀਚਿਊਟ 'ਚ ਲੋਹੜੀ ਮਨਾਈ

ਜਗਰਾਉਂ (ਸੰਜੀਵ ਅਰੋੜਾ)-ਸਥਾਨਕ ਜੀਵਨ ਜੋਤ ਨਰਸਿੰਗ ਇੰਸਟੀਚਿਊਟ ਵਿਖੇ ਲੋਹੜੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ ਗਿਆ। ਝਕੀਆਂ ਨੇ ਗਿੱਧਾ ਅਤੇ ਰੰਗਾਂ ਰੰਗ ਪ੍ਰੋਗਰਾਮ ਕਰਕੇ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਕਾਲਜ ਦੇ ਡਾਇਰੈਕਟਰ ਡਾ. ਪ੍ਰਮਿੰਦਰ ਸਿੰਘ ਨੇ ਲੜਕੀਆਂ ਅਤੇ ਸਟਾਫ ਨੂੰ ਵਧਾਈਆਂ ਦਿੰਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਪੰਜਾਬ ਦੇ ਸੱਭਿਆਚਾਰਾ ਤਿਉਹਾਰ ਲੜਕੀਆਂ ਅਤੇ ਲੜਕਿਆਂ ਦੇ ਭੇਦ ਭਾਵ ਤੋਂ ਬਿਨਾਂ ਮਨਾਉਣੇ ਚਾਹੀਦੇ ਹਨ। ਇਸ ਮੌਕੇ ਪ੍ਰਿੰ: ਗਗਨਦੀਪ ਕੌਰ, ਮਨਪ੍ਰੀਤ ਕੌਰ, ਸਤਵੀਰ ਕੌਰ, ਅਮਨਦੀਪ ਕੌਰ, ਪ੍ਰਗਟ ਸਿੰਘ, ਦੀਵਜੋਤ ਕੌਰ ਤੇ ਟਰੱਸਟੀ ਸਰਦਾਰਾ ਸਿੰਘ ਆਦਿ ਹਾਜ਼ਰ ਸਨ।

ਮਾਊਂਟ ਲਿਟਰ ਜ਼ੀ 'ਚ ਲੋਹੜੀ ਦਾ ਤਿਉਹਾਰ ਮਨਾਇਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਮਾਊਂਟ ਲਿਟਰ ਜ਼ੀ ਸਕੂਲ, ਰਾਮਪੁਰਾ ਵਿਖੇ ਲੋਹੜੀ ਦਾ ਤਿਉਹਾਰ ਬੜੀ ਧੂਮਧਾਮ ਨਾਲ਼ ਮਨਾਇਆ ਗਿਆ ਸਭ ਤੋਂ ਪਹਿਲਾ ਨੌਵੀਂ ਏ ਜਮਾਤ ਦੇ ਵਿਦਿਆਰਥੀਆਂ ਵੱਲੋਂ ਲੋਹੜੀ ਨਾਲ਼ ਸੰਬੰਧਿਤ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਵਿਦਆਰਥੀਆਂ ਵੱਲੋਂ ਲੋਹੜੀ ਨਾਲ਼ ਸੰਬੰਧਿਤ ਭਾਸ਼ਨ, ਗੀਤ ਅਤੇ ਗਿੱਧੇ ਰਾਹੀਂ ਵਿਦਿਆਰਥੀਆਂ ਨੂੰ ਲੋਹੜੀ ਦੇ ਤਿਉਹਾਰ ਬਾਰੇ ਜਾਣਕਾਰੀ ਦਿੱਤੀ ਗਈ,ਜਿਸ ਦਾ ਵਿਦਿਆਰਥੀਆਂ ਨੇ ਭਰਪੂਰ ਅਨੰਦ ਮਾਣਿਆ।ਇਸ ਤੋਂ ਬਾਅਦ ਸਕੂਲ ਮੈਨੇਜਮੈਂਟ, ਅਧਿਆਪਕਾਂ ਅਤੇ ਸਾਰੇ ਵਿਦਿਆਰਥੀਆਂ ਨੇ ਮਿਲ ਕੇ ਸਕੂਲ ਦੇ ਗਰਾਊਂਡ ਵਿੱਚ ਲੋਹੜੀ ਬਾਲ਼ੀ। ਬਾਅਦ 'ਚ ਸਭ ਨੇ ਗਿੱਧੇ ਅਤੇ ਭੰਗੜੇ ਰਾਹੀਂ ਇਸ ਤਿਉਹਾਰ ਦਾ ਭਰਪੂਰ ਅਨੰਦ ਮਾਣਿਆ।ਇਸ ਮੌਕੇ ਸਾਰੇ ਵਿਦਿਆਰਥੀਆਂ ਨੂੰ ਸਕੂਲ ਵੱਲੋਂ ਰਿਓੜੀਆਂ ਵੰਡੀਆਂ ਗਈਆਂ।ਇਸ ਮੌਕੇ ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਨਮਿਤਾ ਬਾਂਸਲ ਅਤੇ ਸਕੂਲ ਪ੍ਰਿੰਸੀਪਲ ਗੀਤਾ ਪਿੱਲੇ ਨੇ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਨੂੰ ਹਰ ਪ੍ਰਕਾਰ ਦੇ ਤਿੱਥਾਂ ਅਤੇ ਤਿਉਹਾਰਾਂ ਤੋਂ ਜਾਣੂ ਕਰਵਾਉਣ ਲਈ ਸਕੂਲ ਵੱਲੋਂ ਹਰ ਸੰਭਵ ਕੋਸ਼ਿਸ਼ ਕੀਤੀ ਜਾਂਦੀ ਰਹੇਗ। ਉਹਨਾਂ ਨੇ ਸਾਰੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਲੋਹੜੀ ਦੀ ਵਧਾਈ ਦਿੱਤੀ।

ਸਰਕਾਰੀ ਪ੍ਰਾਇਮਰੀ ਸਕੂਲ ਮਾਹਮੂ ਜੋਈਆ 'ਚੋਂ ਚੋਰੀ ਕਰਨ ਵਾਲਿਆਂ ਖਿਲਾਫ ਮੁਕੱਦਮਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਮਾਹਮੂ ਜੋਈਆ ਵਿਚੋਂ ਚੋਰੀ ਹੋਣ ਦੇ ਸਬੰਧ ਵਿਚ ਅਣਪਛਾਤੇ ਵਿਅਕਤੀਆ ਦੇ ਖਿਲਾਫ ਪਰਚਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਰਨ ਸਿੰਘ ਨੇ ਦੱਸਿਆ ਕਿ ਸਰਕਾਰੀ ਪ੍ਰਾਇਮਰੀ ਸਕੂਲ ਮਾਹਮੂ ਜੋਈਆ ਦੀ ਇੰਚਾਰਜ ਪਰਮਜੀਤ ਕੌਰ ਨੇ ਥਾਣੇ ਵਿਚ ਆ ਕੇ ਪੁਲਸ ਕੋਲ ਆਪਣੇ ਬਿਆਨ ਲਿਖਾਇਆ ਕਿ 14-01-2025 ਨੂੰ ਸਵੇਰੇ ਸਕੂਲ ਪਹੁੰਚੀ ਤਾਂ ਦੇਖਿਆ ਕਿ ਸਕੂਲ ਦੇ ਕਮਰਿਆਂ ਦੇ ਤਾਲੇ ਟੁੱਟੇ ਹੋਏ ਸੀ ਤੇ ਅੰਦਰ ਜਾ ਕੇ ਦੇਖਿਆ ਤਾਂ ਪਤਾ ਲੱਗਾ ਕਿ ਬੀਤੀ ਰਾਤ 13-1-2025 ਨੂੰ ਅਣਪਛਾਤੇ ਵਿਅਕਤੀਆਂ ਨੇ ਸਮਾਨ ਚੋਰੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਪਿਊਟਰ ਦਾ ਸਾਰਾ ਸਮਾਨ ਸੀ.ਪੀ.ਯੂ., ਕੀ-ਬੋਰਡ, ਪ੍ਰੋਜੈਕਟਰ, ਸਾਊਂਡ ਸਿਸਟਮ, 16 ਪਰਦੇ, ਬੈਡ ਸ਼ੀਟ, ਡੀ.ਵੀ.ਆਰ., ਵਾਈ-ਫਾਈ ਅਤੇ ਆਂਗਨਵਾੜੀ ਸੈਂਟਰ ਦਾ ਸਮਾਨ ਵੇਟ ਮਸ਼ੀਨ, ਕੁਝ ਰਾਸ਼ਨ, ਸੀ.ਸੀ.ਯੂ. ਮੋਡਮ ਆਦਿ ਚੋਰੀ ਹੋਇਆ ਹੈ ਅਤੇ ਕਰੀਬ 1 ਲੱਖ ਰੁਪਏ ਦਾ ਸਮਾਨ ਬਣਦਾ ਹੈ। ਜਿਸ ਸਬੰਧੀ ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਅਣਪਛਾਤੇ ਵਿਅਕਤੀਆ ਦੇ ਖਿਲਾਫ ਮੁਕੱਦਮਾ ਨੰਬਰ 3 ਮਿਤੀ 14-01-2025 ਨੂੰ ਧਾਰਾ 331(4), 305 ਬੀ.ਐਨ.ਐਸ. ਤਹਿਤ ਦਰਜ ਕੀਤਾ ਗਿਆ ਹੈ ਤੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

14 ਕੁਇੰਟਲ ਭੁੱਕੀ ਡੋਡੇ ਪੋਸਤ, ਟਰੱਕ, ਕਾਰ ਤੇ ਸਕਾਰਪੀਓ ਸਮੇਤ 4 ਕਾਬੂ

ਮੋਗਾ (ਇਕਬਾਲ ਸਿੰਘ ਖਹਿਰਾ)

ਨਸ਼ਾ ਤਸਕਰਾਂ ਖਿਲਾਫ਼ ਚਲਾਈ ਮੁਹਿੰਮ ਤਹਿਤ ਅਜੈ ਗਾਂਧੀ ਐਸ.ਐਸ.ਪੀ ਮੋਗਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਾਲ ਕ੍ਰਿਸ਼ਨ ਸਿੰਗਲਾ ਐਸ.ਪੀ (ਆਈ) ਮੋਗਾ, ਲਵਦੀਪ ਸਿੰਘ ਡੀ ਐਸ ਪੀ ਡੀ ਮੋਗਾ, ਜੋਰਾ ਸਿੰਘ ਉਪ ਕਪਤਾਨ ਮੋਗਾ ਦੀ ਦੇਖ-ਰੇਖ ਹੇਠ ਮੋਗਾ ਪੁਲਸ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ, ਜਦ ਸੀ.ਆਈ.ਏ ਸਟਾਫ਼ ਦੀ ਪੁਲਸ ਪਾਰਟੀ ਵੱਲੋਂ 04 ਵਿਅਕਤੀਆਂ ਨੂੰ ਟਰੱਕ ਨੰਬਰੀ: 19—4733 ਅਤੇ ਕਾਰ ਸਕਾਰਪੀਉ ਰੰਗ ਚਿੱਟਾ ਨੰਬਰੀ: 08-4141 ਸਮੇਤ ਕਾਬੂ ਕਰਕੇ ਇਨ੍ਹਾਂ ਦੇ ਕਬਜ਼ੇ 'ਚੋਂ 70 ਗੱਟੇ ਭੁੱਕੀ ਡੋਡੇ ਪੋਸਤ ਕੁੱਲ 14 ਕੁਇੰਟਲ ਭੁੱਕੀ ਡੋਡੇ ਪੋਸਤ ਬਰਾਮਦ ਕੀਤਾ। 14.01.2025 ਨੂੰ ਸੁਖਵਿੰਦਰ ਸਿੰਘ ਨੰਬਰ:490/ਮੋਗਾ ਸਮੇਤ ਪੁਲਸ ਪਾਰਟੀ ਦੇ ਦੌਰਾਨੇ ਗਸਤ ਜਵਾਹਰ ਸਿੰਘ ਵਾਲਾ ਚੌਕ ਮੌਜੂਦ ਸੀ ਤਾਂ ਗੁਪਤ ਸੂਚਨਾ ਮਿਲੀ ਕਿ ਸੰਤੋਖ ਸਿੰਘ ਪੁੱਤਰ ਗੁਰਪ੍ਰਤਾਪ ਸਿੰਘ ਵਾਸੀ ਫੂਲੇਵਾਲਾ ਜ਼ਿਲ੍ਹਾ ਬਠਿੰਡਾ, ਕੁਲਦੀਪ ਸਿੰਘ ਪੁੱਤਰ ਅਜੈਬ ਸਿੰਘ ਵਾਸੀ ਫੂਲ ਜ਼ਿਲ੍ਹਾ ਬਠਿੰਡਾ, ਬਲਵਿੰਦਰ ਸਿੰਘ ਉਰਫ ਭਿੰਦਰ ਪੁੱਤਰ ਗੋਰਾ ਸਿੰਘ ਵਾਸੀ ਸੰਧੂ ਖੁਰਦ ਜ਼ਿਲ੍ਹਾ ਬਠਿੰਡਾ, ਹਾਕਮ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਰਾਮਪੁਰਾ ਜ਼ਿਲ੍ਹਾ ਬਠਿੰਡਾ ਅਤੇ ਰਾਜੂ ਸਿੰਘ ਪੁੱਤਰ ਦਰਜੀ ਸਿੰਘ ਵਾਸੀ ਰਾਮਪੁਰਾ ਜ਼ਿਲ੍ਹਾ ਬਠਿੰਡਾ ਜੋ ਮੱਧ ਪ੍ਰਦੇਸ਼ (ਐਮ.ਪੀ.) ਤੋਂ ਪੋਸਤ ਲਿਆ ਕੇ ਵੇਚਣ ਦਾ ਧੰਦਾ ਕਰਦੇ ਹਨ, ਜੋ ਅੱਜ ਵੀ ਟਰੱਕ ਨੰਬਰੀ: 19—4733 ਵਿੱਚ ਭਾਰੀ ਮਾਤਰਾ ਵਿੱਚ ਐਮ.ਪੀ ਤੋਂ ਪੋਸਤ ਲੈ ਕੇ ਆਏ ਹਨ, ਜੋ ਇਸ ਸਮੇਂ ਪਿੰਡ ਖਾਈ ਤੋ ਪਿੰਡ ਰੋਤਾ ਨੂੰ ਜਾਂਦੀ ਲਿੰਕ ਸੜਕ ਤੇ ਬਣੀ ਹੋਈ ਦਾਣਾ ਮੰਡੀ ਵਿੱਚ ਉਕਤ ਟਰੱਕ ਵਿੱਚ ਤੇ ਕਾਰ ਸਕਾਰਪੀਉ ਰੰਗ ਚਿੱਟਾ ਨੰਬਰੀ: 08-4141 ਵਿੱਚ ਪੋਸਤ ਰੱਖ ਕੇ ਸਪਲਾਈ ਕਰਨ ਲਈ ਗਾਹਕਾਂ ਦੀ ਉਡੀਕ ਵਿੱਚ ਹਨ। ਜੇਕਰ ਰੇਡ ਕੀਤੀ ਜਾਵੇ ਤਾਂ ਉਕਤ ਕਾਬੂ ਆ ਸਕਦੇ ਹਨ, ਜੋ ਸੁਖਵਿੰਦਰ ਸਿੰਘ ਨੰਬਰ: 490/ਮੋਗਾ ਨੇ ਉਕਤ ਵਿਅਕਤੀਆਂ ਖਿਲਾਫ਼

ਮੁਕੱਦਮਾ ਨੰਬਰ: 07 ਮਿਤੀ: 14.01.2025 ਅ/ਧ 15-61-85 ਐਨ.ਡੀ.ਪੀ ਐਸ ਐਕਟ ਥਾਣਾ ਨਿਹਾਲ ਸਿੰਘ ਵਾਲਾ ਦਰਜ ਰਜਿਸਟਰ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ ਗਈ। ਤਫ਼ਤੀਸ਼ ਏ.ਐਸ.ਆਈ ਸੁਖਵਿੰਦਰ ਸਿੰਘ ਨੇ ਸਾਥੀ ਕ੍ਰਮਚਾਰੀਆਂ ਦੀ ਮੱਦਦ ਨਾਲ ਦੋਸ਼ੀਆਨ ਕੁਲਦੀਪ ਸਿੰਘ, ਬਲਵਿੰਦਰ ਸਿੰਘ ਉਰਫ ਭਿੰਦਰ, ਹਾਕਮ ਸਿੰਘ ਅਤੇ ਰਾਜੂ ਸਿੰਘ ਉਕਤ ਨੂੰ ਸਮੇਤ ਟਰੱਕ ਨੰਬਰੀ: 19-4733 ਤੇ ਕਾਰ ਸਕਾਰਪੀਉ ਰੰਗ ਚਿੱਟਾ ਨੰਬਰੀ: 08-4141 ਦੇ ਕਾਬੂ ਕੀਤਾ ਅਤੇ ਤਲਾਸ਼ੀ ਦੌਰਾਨ ਕਾਰ ਸਕਾਰਪੀਉ ਰੰਗ ਚਿੱਟਾ ਨੰਬਰੀ 08-4141 ਵਿੱਚ 05 ਗੱਟੇ ਭੁੱਕੀ ਡੋਡੇ ਪੋਸਤ ਅਤੇ ਟਰੱਕ ਉਕਤ ਵਿੱਚ 65 ਗੱਟੇ ਭੁੱਕੀ ਡੋਡੇ ਪੋਸਤ (ਕੁੱਲ 70 ਗੱਟੇ ਭੁੱਕੀ ਡੋਡੇ ਪੋਸਤ ਹਰੇਕ ਗੱਟਾ ਵਜ਼ਨੀ 20/20 ਕਿੱਲੋਗ੍ਰਾਮ 14 ਕੁਇੰਟਲ ਭੁੱਕੀ ਡੋਡੇ ਪੋਸਤ) ਬਰਾਮਦ ਕੀਤੇ। ਦੋਸ਼ੀ ਕੁਲਦੀਪ ਸਿੰਘ, ਬਲਵਿੰਦਰ ਸਿੰਘ ਉਰਫ ਭਿੰਦਰ, ਹਾਕਮ ਸਿੰਘ ਤੇ ਰਾਜੂ ਸਿੰਘ ਉਕਤ ਨੂੰ 15.01.2025 ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਿਲ ਕੀਤਾ ਜਾਵੇਗਾ ਤੇ ਇਨ੍ਹਾਂ ਪਾਸੋਂ ਫਾਰਵਾਰਡ ਅਤੇ ਬੈਂਕਵਾਰਡ ਲਿੰਕਾ ਸਬੰਧੀ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

ਪੁਲਸ ਵੱਲੋਂ ਚੋਰ ਗਰੋਹ ਦਾ ਸਰਗਨਾ ਤੇ ਸਾਥੀ ਕਾਬੂ

ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)

ਡਾ. ਪ੍ਰਿਆ ਜੈਨ ਆਈ.ਪੀ.ਐਸ ਐਸ.ਐਸ.ਪੀ ਦੇ ਨਿਰਦੇਸ਼ਾਂ ਅਨੁਸਾਰ ਫਰੀਦਕੋਟ ਨੂੰ ਸੁਰੱਖਿਅਤ ਜ਼ਿਲ੍ਹਾ ਬਣਾਉਣ ਦੀ ਮੁਹਿੰਮ ਦੌਰਾਨ ਸ਼੍ਰੀ ਤਰਲੋਚਨ ਸਿੰਘ ਡੀ.ਐਸ.ਪੀ (ਸਬ-ਡਵੀਜ਼ਨ) ਫਰੀਦਕੋਟ ਦੀ ਨਿਗਰਾਨੀ ਹੇਠ ਪੁਲਸ ਨੇ ਇੱਕ ਚੋਰ ਗਿਰੋਹ ਦੇ ਸਰਗਨਾ ਤੇ ਉਸਦੇ ਇੱਕ ਸਾਥੀ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਪੁਲਸ ਵੱਲੋਂ ਟੈਕਨੀਕਲ ਇਨਪੁੱਟ ਤੇ ਹ

17-Jan-PAGE-11-Majha-2025-B.qxd 1/16/2025 10:40 PM Page 1

ਮਜ਼ਦੂਰ ਮੁਕਤੀ ਮੋਰਚਾ ਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਵੱਲੋਂ ਬੀ ਡੀ ਪੀ ਓ ਦਫਤਰ ਅੱਗੇ ਧਰਨਾ

ਡੇਰਾ ਬਾਬਾ ਨਾਨਕ/ਬਟਾਲਾ (ਰਮੇਸ਼ ਸ਼ਰਮਾ/ਤਰਲੋਕ ਬੱਗਾ)-ਅੱਜ ਮਜ਼ਦੂਰ ਮੁਕਤੀ ਮੋਰਚਾ ਅਤੇ ਸੀ ਪੀ ਆਈ ਐਮ ਐਲ ਲਿਬਰੇਸ਼ਨ ਵੱਲੋਂ ਡੇਰਾ ਬਾਬਾ ਨਾਨਕ ਵਿਖੇ ਕਰੀਬ ਦਰਜਨ ਪਿੰਡਾਂ ਦੇ ਮਨਰੇਗਾ ਮਜ਼ਦੂਰਾਂ ਦੀ ਦਾਣਾ ਮੰਡੀ ਵਿੱਚ ਰੈਲੀ ਕਰਨ ਉਪਰੰਤ ਬੀ ਡੀ ਪੀ ਓ ਦਫਤਰ ਮੂਹਰੇ ਲੰਬਾ ਸਮਾਂ ਧਰਨਾ ਦਿੱਤਾ ਗਿਆ। ਇਸ ਸਮੇਂ ਮਜ਼ਦੂਰ ਆਗੂ ਦਲਬੀਰ ਭੋਲਾ ਮਲਕਵਾਲ, ਵਿਜੇ ਕੁਮਾਰ ਸੋਹਲ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਜ਼ੋਰਦਾਰ ਮੰਗ ਕੀਤੀ ਕਿ ਹਰ ਪਿੰਡ ਵਿੱਚ ਮਜ਼ਦੂਰਾਂ ਨੂੰ 100 ਦਿਨ ਦਾ ਕੰਮ ਦਿੱਤਾ ਜਾਵੇ। ਆਗੂਆਂ ਦੋਸ਼ ਲਾਇਆ ਕਿ ਸੱਤਾਧਾਰੀ ਧਿਰ ਆਮ ਆਦਮੀ ਪਾਰਟੀ ਦੇ ਆਗੂ ਮਨਰੇਗਾ ਰੁਜ਼ਗਾਰ ਦਾ ਸਿਆਸੀਕਰਨ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਜਿਸ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਹਰ ਹਾਲਤ ਵਿੱਚ ਮੋਰਚੇ ਤੇ ਪਾਰਟੀ ਨਾਲ ਜੁੜਨ ਵਾਲੇ ਮਜ਼ਦੂਰਾਂ ਨੂੰ ਮਨਰੇਗਾ ਰੁਜ਼ਗਾਰ ਗਰੰਟੀ ਨਾਲ ਦਿਵਾਇਆ ਜਾਵੇਗਾ। ਮਨਰੇਗਾ ਵਿੱਚ ਵੱਡੇ ਪੱਧਰ 'ਤੇ ਚੱਲ ਰਹੇ ਭ੍ਰਿਸ਼ਟਾਚਾਰ ਦੀ ਵੀ ਸਖਤ ਆਲੋਚਨਾ ਕਰਦਿਆਂ ਇਸ ਸਬੰਧੀ ਪ੍ਰਸ਼ਾਸਨ ਤੋਂ ਸਖਤ ਕਾਰਵਾਈ ਦੀ ਮੰਗ ਕੀਤੀ ਗਈ। ਬੁਲਾਰਿਆਂ ਕਿਹਾ ਕਿ ਮਨਰੇਗਾ ਦਾ ਰੁਜ਼ਗਾਰ 200 ਦਿਨ ਕਰਨ ਅਤੇ ਮਨਰੇਗਾ ਦਿਹਾੜੀ 700 ਰੁਪਏ ਕਰਨ ਸਮੇਤ ਮਜ਼ਦੂਰਾਂ ਨੂੰ ਪੰਜ ਪੰਜ ਮਰਲੇ ਦੇ ਪਲਾਟ ਦੇਣ, ਕੱਚੇ ਘਰਾਂ ਦੀਆਂ ਗਰਾਂਟਾਂ ਦੇਣ, ਲਾਲ ਲਕੀਰ ਅੰਦਰ ਪੈਂਦੇ ਮਜ਼ਦੂਰਾਂ ਦੇ ਘਰਾਂ ਦੀ ਜਗ੍ਹਾ ਨੂੰ ਮਾਲ ਮਹਿਕਮੇ ਦੇ ਰਿਕਾਰਡ ਵਿੱਚ ਦਰਜ ਕਰਨ ਸਮੇਤ ਸਾਫ ਪਾਣੀ, ਮੁਫਤ ਸਿੱਖਿਆ ਤੇ ਮੁਫਤ ਇਲਾਜ ਆਦਿ ਮੰਗਾਂ ਉੱਪਰ ਜਲਦੀ ਪੰਜਾਬ ਪੱਧਰ ਉੱਪਰ ਸੰਘਰਸ਼ ਅਰੰਭਿਆ ਜਾਵੇਗਾ। ਕਿਉਂਕਿ ਸਮਾਜ ਵਿੱਚ ਸਭ ਤੋਂ ਵੱਧ ਪੀੜਿਤ ਅਤੇ ਲੁੱਟੇ ਪੁੱਟੇ ਜਾਂਦੇ ਲੋਕ ਬੇਜ਼ਮੀਨੇ ਮਜ਼ਦੂਰ ਹਨ ਜਿਨ੍ਹਾਂ ਮਜ਼ਦੂਰਾਂ ਦੀ ਹੁਣ ਤੱਕ ਕਿਸੇ ਵੀ ਸਰਕਾਰ ਨੇ ਸਾਰ ਨਹੀਂ ਲਈ। ਇਸ ਸਮੇਂ ਮਜ਼ਦੂਰ ਦੀ ਮੁੱਖ ਲੋੜ ਆਟੇ ਦੀ ਕੀਮਤ 40 ਰੁਪਏ ਤੱਕ ਚਲੇ ਜਾਣ ਸਬੰਧੀ ਮੋਦੀ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਮੋਦੀ ਦੇ ਰਾਜ ਵਿੱਚ ਗਰੀਬ ਲਈ ਰੋਟੀ ਖਾਣੀ ਵੀ ਮੁਸ਼ਕਲ ਹੋ ਗਈ ਹੈ। ਉਨ੍ਹਾਂ ਕਿਹਾ ਇਹ ਮਜ਼ਦੂਰਾਂ ਦੇ ਘਰਾਂ ਵਿੱਚ ਵਰਤੀਆਂ ਜਾਣ ਵਾਲੀਆਂ ਘੱਟੋ ਘੱਟ 16 ਵਸਤਾਂ ਨੂੰ ਸਸਤੀਆਂ ਦਰਾਂ ਤੇ ਡੀਪੂਆਂ 'ਚ ਦੇਣ ਦਾ ਪ੍ਰਬੰਧ ਕਰਨਾ ਚਾਹੀਦਾ ਹੈ। ਇਸ ਸਮੇਂ ਬੀ ਡੀ ਪੀ ਓ ਨੂੰ ਮਜ਼ਦੂਰਾਂ ਦਾ ਮੰਗ ਪੱਤਰ ਵੀ ਦਿੱਤਾ ਗਿਆ, ਜਿਨਾਂ ਵਿਸ਼ਵਾਸ ਦਿਵਾਇਆ ਕਿ ਇਨ੍ਹਾਂ ਮੰਗਾ

ਸੇਵਾ ਕੇਂਦਰ 'ਚ ਸ਼ੁਰੂ ਨਵੀਆਂ ਸੇਵਾਵਾਂ ਦਾ ਲੋਕ ਵੱਧ ਤੋਂ ਵੱਧ ਲਾਭ ਲੈਣ : ਡਿਪਟੀ ਕਮਿਸ਼ਨਰ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ) ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਗਰਿਕਾਂ ਲਈ ਸੁਵਿਧਾ ਅਤੇ ਸੁਰੱਖਿਆ ਵਿਚ ਵਾਧਾ ਕਰਨ ਲਈ ਸੇਵਾ ਕੇਂਦਰ ਵਿਚ ਨਵੀਆਂ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਉਨ੍ਹਾਂ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਇਨ੍ਹਾਂ ਨਵੀਆਂ ਸੇਵਾਵਾਂ ਦਾ ਲਾਭ ਲੈਣ ਦੀ ਅਪੀਲ ਕੀਤੀ।ਇਨ੍ਹਾਂ ਸੇਵਾਵਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਅਸਤਰ-ਮੁਕਤ ਖੇਤਰ ਨਾਂ ਦੀ ਇਸ ਸੇਵਾ ਰਾਹੀਂ ਨਿਰਧਾਰਤ ਖੇਤਰਾਂ (ਪੂਜਾ ਸਥਾਨ, ਮੈਰਿਜ ਪੈਲੇਸ, ਹੋਟਲ, ਗੈਸਟ ਹਾਊਸ, ਪਬਲਿਕ ਪਾਰਕ, ਸਰਕਾਰੀ ਦਫ਼ਤਰ, ਸ਼ਾਪਿੰਗ ਮਾਲ, ਸਿਨੇਮਾ ਹਾਲ ਤੇ ਹੋਰ) ਵਿਚ ਕਿਸੇ ਨੂੰ ਵੀ ਹਥਿਆਰ ਲੈ ਕੇ ਜਾਣ ਦੀ ਆਗਿਆ ਨਹੀਂ ਹੋਵੇਗੀ, ਜੋ ਸਭ ਲਈ ਇਕ ਸੁਰੱਖਿਅਤ ਵਾਤਾਵਰਣ ਪ੍ਰਦਾਨ ਕਰੇਗਾ।

ਉਨ੍ਹਾਂ ਕਿਹਾ ਕਿ ਅਸਲਾਧਾਰਕ ਮੁਕਤ ਖੇਤਰ ਲਈ ਹਰ ਇਕ ਜਗ੍ਹਾ ਲਈ ਇਹ ਸਰਟੀਫਿਕੇਟ ਲਾਜ਼ਮੀ ਹੋਵੇਗਾ, ਜਿੱਥੇ ਕੋਈ ਵੀ ਅਸਲੇ ਦੀ ਵਰਤੋਂ ਜਾਂ ਲੈ ਕੇ ਜਾ ਨਹੀਂ ਸਕਦਾ ।ਦੂਜੀ ਸੇਵਾ ਈ-ਸ਼ਮ ਬਾਰੇ ਜਾਣਕਾਰੀ ਦਿੰਦਿਆ ਦੱਸਿਆ ਕਿ ਸੇਵਾ ਕੇਂਦਰ ਵਿਚ ਹੁਣ ਈ-ਸ਼ਮ ਸੇਵਾ ਚੱਲ ਰਹੀ ਹੈ, ਜਿਸ ਵਿਚ ਵਿਅਕਤੀ ਆਪਣਾ ਲੇਬਰ ਰਿਕਾਰਡ ਦਰਜ ਕਰਵਾ ਸਕਦਾ ਹੈ। ਇਸ ਸਰਵਿਸ ਨੂੰ ਕੋਈ ਵੀ ਵਿਅਕਤੀ ਅਪਲਾਈ ਕਰਵਾ ਸਕਦਾ ਹੈ, ਪਰ ਇਸ ਸਰਵਿਸ ਲਈ ਬਿਨੈਕਾਰ ਦਾ ਕਿਸੇ ਵੀ ਤਰ੍ਹਾਂ ਦਾ ਫ਼ੰਡ ਸਰਕਾਰੀ ਜਾਂ ਗੈਰ ਸਰਕਾਰੀ ਫੰਡ ਨਾ ਕੱਟਦਾ ਹੋਵੇ।

ਨਵੀਆਂ ਅਣਅਧਿਕਾਰਤ ਕਲੋਨੀਆਂ ਉੱਪਰ ਚੱਲਿਆ ਪੀਲਾ ਪੰਜਾ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ/ਜਗਦੀਸ਼ ਕਮਲੇਸ਼)-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏ ਡੀ ਏ ਦੇ ਮੁੱਖ ਪ੍ਰਸ਼ਾਸਕ ਅੰਕੁਰਜੀਤ ਸਿੰਘ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਏ ਡੀ ਏ ਦੇ ਰੈਗੂਲੇਟਰੀ ਵਿੰਗ ਵੱਲੋਂ ਬਤੌਰ ਡਿਊਟੀ ਮੈਜਿਸਟ੍ਰੇਟ ਜਗਬੀਰ ਸਿੰਘ ਉੱਪ-ਮੰਡਲ ਇੰਜੀਨੀਅਰ (ਜਸ), ਏ ਡੀ ਏ, ਅੰਮ੍ਰਿਤਸਰ ਅਤੇ ਥਾਣਾ ਕੱਥੂਨੰਗਲ ਦੇ ਪੁਲਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਅੰਮ੍ਰਿਤਸਰ-ਪਠਾਨਕੋਟ ਨੈਸ਼ਨਲ ਹਾਈਵੇ ਉੱਪਰ ਪਿੰਡ ਪਾਖਰਪੁਰਾ ਅਤੇ ਪਿੰਡ ਕੱਥੂਨੰਗਲ ਵਿਖੇ ਬਣ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਜ਼ਿਲ੍ਹਾ ਟਾਊਨ ਪਲਾਨਰ ਨੇ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਪਿੰਡ ਪਾਖਰਪੁਰਾ ਅਤੇ ਪਿੰਡ ਕੱਥੂਨੰਗਲ ਵਿਖੇ ਵਿਕਸਤ ਕੀਤੀ ਜਾ ਰਹੀਆਂ ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਅਣ-ਅਧਿਕਾਰਤ ਕਲੋਨੀ ਦੇ ਮਾਲਕਾਂ ਵੱਲੋਂ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।

ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ, ਜਿਸ ਤਹਿਤ ਕੁੱਲ 14 ਕਲੋਨਾਈਜ਼ਰਾਂ ਵਿਰੁੱਧ ਐਫ.ਆਈ.ਆਰ ਦਰਜ ਕਰਨ ਲਈ ਪੁਲਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲ੍ਹਾ ਅੰਮ੍ਰਿਤਸਰ ਅੰਦਰ ਵਿਕਸਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸੰਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸੰਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ।

ਜ਼ਿਲ੍ਹਾ ਟਾਊਨ ਪਲੈਨਰ (ਰੈਗੂਲੇਟਰੀ), ਅੰਮ੍ਰਿਤਸਰ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮਨਜ਼ੂਰਸ਼ੁਦਾ ਨਹੀਂ ਹਨ, ਵਿੱਚ ਪਲਾਟ ਖਰੀਦਣ ਤੋਂ ਪਹਿਲਾਂ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮਨਜ਼ੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਨ੍ਹਾਂ ਦੇ ਧਨ ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਉਨ੍ਹਾਂ ਲਈ ਪਰੇਸ਼ਾਨੀ ਦਾ ਕਾਰਨ ਨਾ ਬਣੇ।

ਰੰਗਮੰਚ ਕਾਰਜਸ਼ਾਲਾ ਦਾ ਸਮਾਪਨ ਸਮਾਰੋਹ ਯਾਦਗਾਰੀ ਹੋ ਨਿੱਬੜਿਆ

ਅੰਮ੍ਰਿਤਸਰ (ਜਸਬੀਰ ਪੱਟੀ)-ਏਸ਼ੀਆ ਦੀ ਸਭ ਤੋਂ ਵੱਡੀ ਨਾਟ ਸੰਸਥਾ ਨੈਸ਼ਨਲ ਸਕੂਲ ਆਫ਼ ਡਰਾਮਾ, ਦਿੱਲੀ ਦੇ ਸਹਿਯੋਗ ਨਾਲ ਪ੍ਰਸਿੱਧ ਨਾਟ ਸੰਸਥਾ ਮੰਚ-ਰੰਗਮੰਚ ਅੰਮ੍ਰਿਤਸਰ ਵੱਲੋਂ ਲਗਾਤਾਰ ਇਕ ਮਹੀਨਾ ਚੱਲਣ ਵਾਲੀ ਰੰਗਮੰਚ ਕਾਰਜਸ਼ਾਲਾ ਦਾ ਸਮਾਪਨ ਸਮਾਰੋਹ ਯਾਦਗਾਰ ਹੋ ਨਿੱਬੜਿਆ। ਸਮਾਪਨ ਸਮਾਰੋਹ ਦੇ ਆਖਰੀ ਦਿਨ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਦਾ ਲਿਖਿਆ ਤੇ ਨਿਰਦੇਸ਼ਤ ਖਾਲੀ ਹੋ ਰਹੇ ਪੰਜਾਬ ਦੀ ਕਹਾਣੀ ਨੂੰ ਬਿਆਨ ਕਰਦਾ ਨਾਟਕ 'ਪੰਜਾਬ ਵੇ' ਦਾ ਸਫ਼ਲਤਾਪੂਰਵਕ ਮੰਚਨ ਵਿਰਸਾ ਵਿਹਾਰ ਦੇ ਸ੍ਰ. ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਪੇਸ਼ ਕੀਤਾ ਗਿਆ।ਨਾਟਕ 'ਪੰਜਾਬ ਵੇ' ਦੀ ਕਹਾਣੀ ਅੱਜ ਦੇ ਪੰਜਾਬ ਬਾਰੇ ਹੈ ਜੋ ਆਪਣੀ ਜਵਾਨੀ ਤੋਂ ਬਿਨਾਂ ਦਿਨੋ-ਦਿਨ ਬੰਜਰ ਹੁੰਦੀ ਜਾ ਰਹੀ ਹੈ। ਨੌਜਵਾਨ, ਪੰਜਾਬ ਦਾ ਭਵਿੱਖ ਜੋ ਬੇਰੁਜ਼ਗਾਰੀ, ਗਲਤ ਸਿੱਖਿਆ ਨੀਤੀਆਂ ਅਤੇ ਸਿੱਖਿਆ ਪ੍ਰਣਾਲੀਆਂ ਦੀ ਅਸਫ਼ਲਤਾ ਕਾਰਨ ਆਪਣੇ ਸੂਬੇ 'ਚ ਰਹਿਣ ਲਈ ਕੋਈ ਦਿਲਚਸਪੀ ਨਹੀਂ ਰੱਖਦਾ। ਉਹ ਕਿਸੇ ਵੀ ਤਰੀਕੇ ਨਾਲ ਵਿਦੇਸ਼ ਜਾਣ ਲਈ ਤੜਪ ਰਹੇ ਹਨ ਭਾਵੇਂ ਉਹ ਕਾਨੂੰਨੀ ਤਰੀਕੇ ਨਾਲ ਜਾਣਾ ਚਾਹੁੰਣ ਜਾਂ ਗੈਰ-ਕਾਨੂੰਨੀ ਤਰੀਕੇ ਨਾਲ। ਆਪਣਾ ਮਾਨ-ਸਨਮਾਨ, ਪੈਸਾ ਅਤੇ ਪਰਵਾਰ ਗੁਆ ਰਹੇ ਹਨ। ਜਾਅਲੀ ਵਿਆਹ, ਵਿਦੇਸ਼ੀ ਸਿੱਖਿਆ ਜਾਂ ਗੈਰ-ਕਾਨੂੰਨੀ ਪ੍ਰਵੇਸ਼ ਵਿਦੇਸ਼ ਵਿੱਚ ਜਾਣ ਲਈ ਉਨ੍ਹਾਂ ਦੇ ਸਾਧਨ ਹਨ। ਨਾਟਕ 'ਪੰਜਾਬ ਵੇ' ਇਸ ਨੰਗੇ ਸੱਚ ਦੇ ਹਨੇਰੇ ਪੱਖਾਂ ਨੂੰ ਉਜਾਗਰ ਕਰਦਾ ਹੈ ਅਤੇ ਨੌਜਵਾਨਾਂ ਨੂੰ ਆਪਣੇ ਸੂਬੇ ਵਿੱਚ ਰਹਿਣ ਦੀ ਅਪੀਲ ਕਰਦਾ ਹੈ। ਇਸ ਨਾਟਕ ਵਿੱਚ ਸਾਜਨ ਸਿੰਘ, ਸਿਦਕ ਗਿੱਲ, ਰੋਸ਼ਿਨਪ੍ਰੀਤ, ਆਕਾਸ਼ਦੀਪ, ਲਵਪ੍ਰੀਤ, ਅਭਿਸ਼ੇਕ ਐਰੀ, ਰਮਨ, ਸ਼ਾਕਸੀ ਰਾਠੌਰ, ਸ਼ਿਵਮ ਸਿੰਗਲਾ, ਵਿਪਨ, ਸੂਰਜ ਸਿੰਘ, ਸਰਤਾਜ ਸਿੰਘ, ਕਰਨ, ਏਕਮ, ਨਰੈਣ ਆਦਿ ਕਲਾਕਾਰਾਂ ਨੇ ਦਮਦਾਰ ਅਦਾਕਾਰੀ ਪੇਸ਼ ਕੀਤੀ। ਨਾਟਕ ਦਾ ਗੀਤ-ਸੰਗੀਤ ਕੁਸ਼ਾਗਰ ਕਾਲੀਆ ਅਤੇ ਰੋਸ਼ਨੀ ਪ੍ਰਭਾਵ ਸੰਜੇ ਕੁਮਾਰ ਵੱਲੋਂ ਦਿੱਤਾ ਗਿਆ। ਨਾਟਕ ਦੇ ਅੰਤ ਵਿੱਚ ਵਿਦਿਆਰਥੀਆਂ ਨੂੰ ਨੈਸ਼ਨਲ ਸਕੂਲ ਆਫ਼ ਡਰਾਮਾ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਅਦਾਕਾਰਾ ਜਤਿੰਦਰ ਕੌਰ, ਡਾ. ਅਰਵਿੰਦਰ ਕੌਰ ਧਾਲੀਵਾਲ, ਡਾ. ਅਵਤਾਰ ਸਿੰਘ, ਸਤਨਾਮ ਕੌਰ ਨਿੱਝਰ, ਰਮੇਸ਼ ਯਾਦਵ, ਅਦਾਕਾਰ ਹਰਦੀਪ ਗਿੱਲ, ਅਨੀਤਾ ਦੇਵਗਨ, ਪ੍ਰੀਤਪਾਲ ਰੁਪਾਣਾ, ਗਾਇਕ ਹਰਿੰਦਰ ਸੋਹਲ, ਗੁਰਤੇਜ ਮਾਨ ਆਦਿ ਸਮੇਤ ਵੱਡੀ ਗਿਣਤੀ ਵਿੱਚ ਨਾਟ ਪ੍ਰੇਮੀ ਹਾਜ਼ਰ ਸਨ।

ਪੁਲਸ ਨੇ ਬਿਨਾਂ ਕਾਗਜ਼ਾਤ ਵਾਲੇ ਵਾਹਨਾਂ ਦੇ ਚਲਾਨ ਕੱਟੇ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਭਿੱਖੀਵਿੰਡ ਪੁਲਸ ਵੱਲੋਂ ਚੌਕ ਵਿੱਚ ਨਾਕਾਬੰਦੀ ਕਰਕੇ ਆਉਣ-ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕਰਕੇ ਬਿਨਾਂ ਕਾਗਜ਼ਾਤ ਵਾਲੇ ਵਾਹਨ ਚਾਲਕਾਂ ਦੇ ਚਲਾਨ ਕੱਟੇ ਗਏ। ਥਾਣਾ ਮੁਖੀ ਭਿੱਖੀਵਿੰਡ ਇੰਸਪੈਕਟਰ ਮਨੋਜ ਕੁਮਾਰ ਸ਼ਰਮਾ ਨੇ ਦੱਸਿਆ ਕਿ ਐੱਸ ਐੱਸ ਪੀ ਤਰਨ ਤਾਰਨ ਅਭਿਮੰਨਿਊ ਰਾਣਾ ਅਤੇ ਸਬ-ਡਵੀਜ਼ਨ ਭਿੱਖੀਵਿੰਡ ਦੇ ਡੀ ਐੱਸ ਪੀ ਪ੍ਰੀਤ ਇੰਦਰ ਸਿੰਘ ਦੀਆਂ ਹਦਾਇਤਾਂ ਅਨੁਸਾਰ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ ਤਕਰੀਬਨ ਦਸ ਚਲਾਨ ਕੱਟੇ ਗਏ ਹਨ। ਥਾਣਾ ਮੁਖੀ ਨੇ ਦੱਸਿਆ ਕਿ ਬਿਨਾਂ ਹੈਲਮੇਟ ਵਾਲੇ ਦੋ ਪਹੀਆ ਵਾਹਨ ਚਾਲਕਾਂ, ਵਾਹਨਾਂ ਦੀਆਂ ਖਿੜਕੀਆਂ 'ਤੇ ਕਾਲੀਆਂ ਫਿਲਮਾਂ ਵਾਲੇ ਡਰਾਈਵਰਾਂ, ਸੀਟ ਬੈਲਟ ਦੀ ਉਲੰਘਣਾ ਕਰਨ ਵਾਲੇ ਡਰਾਈਵਰਾਂ ਅਤੇ ਹੋਰ ਨਿਯਮਾਂ ਦੀ ਉਲੇਘਣਾ ਕਰਨ ਵਾਲਿਆਂ ਵਿਰੁੱਧ ਚਲਾਨ ਕੱਟਦਿਆਂ ਕਰਵਾਈ ਅਮਲ ਵਿੱਚ ਲਿਆਂਦੀ ਗਈ। ਇਸ ਮੌਕੇ ਏ ਐੱਸ ਆਈ ਸਲਵਿੰਦਰ ਸਿੰਘ, ਪੀ ਐੱਚ ਜੀ ਮੁਖਤਿਆਰ ਸਿੰਘ ਆਦਿ ਪੁਲਸ ਕਰਮਚਾਰੀ ਮੌਜੂਦ ਸਨ ।

ਵਿਨੀਤ ਵਰਮਾ ਦੀ ਅਗਵਾਈ ਹੇਠ ਪਾਰਟੀ ਦੀ ਮਜ਼ਬੂਤੀ ਲਈ ਕੀਤੀ ਮੀਟਿੰਗ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਆਮ ਆਦਮੀ ਪਾਰਟੀ ਦੀ ਮਜ਼ਬੂਤੀ ਲਈ ਵਿਨੀਤ ਵਰਮਾ ਮੈਂਬਰ ਟਰੇਡਰਜ਼ ਕਮਿਸ਼ਨਰ ਪੰਜਾਬ ਸਰਕਾਰ ਦੀ ਅਗਵਾਈ ਹੇਠ ਇੱਕ ਹੰਗਾਮੀ ਮੀਟਿੰਗ ਹਰਜਿੰਦਰ ਸਿੰਘ ਜਲਾਲ ਉਸਮਾ ਨਾਲ ਕੀਤੀ ਗਈ, ਜਿਸ ਵਿੱਚ ਆਮ ਆਦਮੀ ਪਾਰਟੀ ਦੀਆਂ ਭਲਾਈ ਸਕੀਮਾਂ ਅਤੇ ਹੋਰ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਜ਼ਿਲ੍ਹਾ ਅਮ੍ਰਿਤਸਰ ਐਕਸਾਈਜ਼ ਐਂਡ ਟੈਕਸੇਸ਼ਨ ਸਲਾਹਕਾਰ ਕਮੇਟੀ ਦੇ ਮੈਂਬਰ ਪੰਜਾਬ ਸਰਕਾਰ, ਸੁਰਿੰਦਰ ਸਿੰਘ ਮਟੌਰ ਮੋਹਾਲੀ, ਜਗਜੀਤ ਸਿੰਘ ਰੰਧਾਵਾ ਜਲਾਲ ਉਸਮਾ ਆਪ ਆਗੂ, ਮਨਜਿੰਦਰ ਸਿੰਘ ਉਸਮਾ ਆਪ ਆਗੂ, ਸਤਨਾਮ ਸਿੰਘ ਉਸਮਾ ਆਪ ਆਗੂ ਆਦਿ ਹੋਰ ਵੀ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਆਗੂ ਹ

17-Jan-PAGE-12.qxd 1/16/2025 10:39 PM Page 1

ਜਨਮ ਦਿਨ ਮੁਬਾਰਕ

ਰਵਨੀਤ ਕੌਰ ਰਿਤਿਕਾ
ਫਗਵਾੜਾ

ਵਰ੍ਹੇਗੰਢ ਮੁਬਾਰਕ

ਮੀਨੂ ਤੇ ਅਵਨ ਕੁਮਾਰ ਵਾਸੀ ਭਿਖੀਵਿੰਡ ਨੇ ਆਪਣੇ ਵਿਆਹ ਦੀ 16ਵੀਂ ਵਰ੍ਹੇਗੰਢ ਮਨਾਈ

ਸਰਤਾਜ ਸਿੰਘ ਅਤੇ ਗੁਰਕੇਸ਼ ਕੌਰ ਵਾਸੀ ਕੁਰਾਲੀ (ਮੋਹਾਲੀ) ਨੇ ਆਪਣੇ ਵਿਆਹ ਦੀ 25ਵੀਂ ਵਰ੍ਹੇਗੰਢ ਮਨਾਈ।

ਪੰਜਾਬੀ ਲੇਖਕ ਸਭਾ ਵੱਲੋਂ ਨਵੇਂ ਸਾਲ ਦਾ ਕੈਲੰਡਰ ਰਿਲੀਜ਼

ਚੰਡੀਗੜ੍ਹ (ਗੁਰਜੀਤ ਬਿੱਲਾ)

ਪੰਜਾਬੀ ਲੇਖਕ ਸਭਾ ਚੰਡੀਗੜ੍ਹ ਵੱਲੋਂ ਪੰਜਾਬ ਕਲਾ ਭਵਨ ਵਿਖੇ ਕਰਵਾਏ ਗਏ ਨਵੇਂ ਕਾਰਜਕਾਲ ਦੇ ਪਹਿਲੇ ਸਮਾਗਮ 'ਚ ਸਭਾ ਦੇ ਅਹੁਦੇਦਾਰਾਂ, ਕਾਰਜਕਾਰਨੀ ਮੈਂਬਰਾਂ, ਸਰਪ੍ਰਸਤਾਂ, ਸਲਾਹਕਾਰਾਂ ਅਤੇ ਵਿਸ਼ੇਸ਼ ਸੱਦੇ ਵਾਲੇ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਸਨਮਾਨ ਸਮਾਰੋਹ ਅਤੇ ਸਾਲ 2025 ਦਾ ਕੈਲੰਡਰ ਰਿਲੀਜ਼ ਕਰਨ ਮੌਕੇ ਮੁਖ ਮਹਿਮਾਨ ਵਜੋਂ ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਸਵਰਨਜੀਤ ਸਿੰਘ ਸਵੀ ਸ਼ਾਮਲ ਹੋਏ ਜਦਕਿ ਪ੍ਰਧਾਨਗੀ ਉੱਘੇ ਸਾਹਿਤਕਾਰ ਜੰਗ ਬਹਾਦਰ ਗੋਇਲ ਨੇ ਕੀਤੀ। ਪ੍ਰਸਿੱਧ ਕਾਰੋਬਾਰੀ ਗੁਰਿੰਦਰ ਜੀਤ ਸਿੰਘ ਕੱਕੜ ਇਸ ਮੌਕੇ ਵਿਸ਼ੇਸ਼ ਮਹਿਮਾਨ ਸਨ। ਡਾ. ਦੀਪਕ ਮਨਮੋਹਨ ਸਿੰਘ, ਸਿਰੀ ਰਾਮ ਅਰਸ਼ ਅਤੇ ਬਲਕਾਰ ਸਿੱਧੂ ਤੋਂ ਇਲਾਵਾ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ ਅਤੇ ਜਨਰਲ ਸਕੱਤਰ ਭੁਪਿੰਦਰ ਸਿੰਘ ਮਲਿਕ, ਸੀਨੀਅਰ ਮੀਤ ਪ੍ਰਧਾਨ ਪਾਲ ਅਜਨਬੀ ਅਤੇ ਮੀਤ ਪ੍ਰਧਾਨ ਡਾ. ਗੁਰਮੇਲ ਸਿੰਘ ਨੇ ਵੀ ਇਸ ਸਮਾਰੋਹ ਵਿਚ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਸੁਰਜੀਤ ਸਿੰਘ ਧੀਰ ਵੱਲੋਂ ਗਾਏ ਸ਼ਬਦ ਰਾਹੀਂ ਹੋਈ। ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਪਾਲ ਅਜਨਬੀ ਨੇ ਕਿਹਾ ਕਿ ਉੱਦਮ ਨਾਲ ਹੀ ਕੋਈ ਸਮਾਗਮ ਚੰਗਾ ਹੋ ਨਿੱਬੜਦਾ ਹੈ। ਭੁਪਿੰਦਰ ਸਿੰਘ ਮਲਿਕ ਦਾ ਕਹਿਣਾ ਸੀ ਕਿ ਪੰਜਾਬੀ ਲੇਖਕ ਸਭਾ ਮਿਆਰੀ ਸਾਹਿਤਕ ਸਮਾਰੋਹਾਂ ਵਾਸਤੇ ਦ੍ਰਿੜ੍ਹ ਸੰਕਲਪ ਹੈ। ਦੀਪਕ ਸ਼ਰਮਾ ਚਨਾਰਥਲ ਨੇ ਸਨਮਾਨਿਤ ਹਸਤੀਆਂ ਦੀ

ਜਾਣ-ਪਹਿਚਾਣ ਕਰਵਾਈ। ਸਨਮਾਨਿਤ ਸ਼ਖਸੀਅਤਾਂ 'ਚ ਸਰਪ੍ਰਸਤਾਂ ਵਜੋਂ ਪ੍ਰਿੰ. ਗੁਰਦੇਵ ਕੌਰ ਪਾਲ, ਡਾ. ਦੀਪਕ ਮਨਮੋਹਨ ਸਿੰਘ, ਡਾ. ਲਾਭ ਸਿੰਘ ਖੀਵਾ, ਸਿਰੀ ਰਾਮ ਅਰਸ਼ ਅਤੇ ਡਾ. ਅਵਤਾਰ ਸਿੰਘ ਪਤੰਗ। ਆਨਰੇਰੀ ਮੈਂਬਰ ਜੰਗ ਬਹਾਦਰ ਗੋਇਲ, ਡਾ. ਮਨਮੋਹਨ, ਡਾ. ਲਖਵਿੰਦਰ ਸਿੰਘ ਜੋਹਲ, ਹਮੀਰ ਸਿੰਘ, ਡਾ. ਪਰਵਿੰਦਰ ਸਿੰਘ। ਸਲਾਹਕਾਰ ਬੋਰਡ ਵਿੱਚ ਡਾ. ਸੁਖਦੇਵ ਸਿੰਘ ਸਿਰਸਾ, ਸਵਰਨਜੀਤ ਸਿੰਘ ਸਵੀ , ਡਾ. ਸਵਰਾਜਬੀਰ, ਜੇ. ਐਸ. ਖੁਸ਼ਦਿਲ, ਏ. ਐੱਸ. ਪਾਲ, ਸੁਨੈਨੀ ਗੁਲੇਰੀਆ ਸ਼ਰਮਾ, ਅਜਾਇਬ ਸਿੰਘ ਔਜਲਾ, ਜੈ ਸਿੰਘ ਛਿੱਬਰ, ਪੱਤਰਕਾਰ ਤਰਲੋਚਨ ਸਿੰਘ, ਨਿਸ਼ਾ ਲੂਥਰਾ ਅਤੇ ਸੁਰਿੰਦਰ ਬਾਂਸਲ।

ਵਿਸ਼ੇਸ਼ ਸੱਦੇ ਵਾਲੇ ਮੈਂਬਰਾਂ ਵਿੱਚ ਡਾ. ਸਰਬਜੀਤ ਸਿੰਘ, ਦਰਸ਼ਨ ਬੁੱਟਰ, ਸੁਸ਼ੀਲ ਦੁਸਾਂਝ, ਡਾ. ਸੁਰਿੰਦਰ ਗਿੱਲ, ਡਾ. ਦਵਿੰਦਰ ਸਿੰਘ ਬੋਹਾ, ਮਨਮੋਹਨ ਸਿੰਘ ਦਾਓਂ, ਡਾ. ਬਲਦੇਵ ਸਿੰਘ ਖਹਿਰਾ, ਪ੍ਰੇਮ ਵਿੱਜ, ਗੁਰਦੀਪ ਗੁਲ, ਰਾਜਿੰਦਰ ਕੌਰ, ਪਰਮਜੀਤ ਪਰਮ, ਊਸ਼ਾ ਕੰਵਰ, ਬਲਵਿੰਦਰ ਸਿੰਘ ਉੱਤਮ ਰੈਸਟੋਰੈਂਟ, ਨਰਿੰਦਰ ਨਸਰੀਨ, ਵਰਿੰਦਰ ਸਿੰਘ ਚੱਠਾ ਅਤੇ ਗੁਰਜੋਧ ਕੌਰ। ਕਾਰਜਕਾਰਨੀ ਮੈਂਬਰਾਂ ਗੁਰਨਾਮ ਕੰਵਰ, ਡਾ. ਗੁਰਮਿੰਦਰ ਸਿੱਧੂ, ਬਲਕਾਰ ਸਿੱਧੂ, ਮਲਕੀਅਤ ਬਸਰਾ, ਲਾਭ ਸਿੰਘ ਲਹਿਲੀ, ਨਵਨੀਤ ਕੌਰ ਮਠਾੜੂ, ਸ਼ਾਇਰ ਭੱਟੀ ਦੇ ਨਾਮ ਕਾਬਿਲੇ ਜ਼ਿਕਰ ਹਨ। ਮੁੱਖ ਅਹੁਦੇਦਾਰਾਂ ਵਿੱਚ ਪ੍ਰਧਾਨ ਦੀਪਕ ਸ਼ਰਮਾ ਚਨਾਰਥਲ, ਜਨਰਲ ਸਕੱਤਰ ਭੁਪਿੰਦਰ ਸਿੰਘ ਮਲਿਕ, ਸੀਨੀਅਰ ਮੀਤ ਪ੍ਰਧਾਨ ਪਾਲ ਅਜਨਬੀ, ਮੀਤ ਪ੍ਰਧਾਨ ਡਾ. ਗੁਰਮੇਲ ਸਿੰਘ ਤੇ ਮਨਜੀਤ ਕੌਰ ਮੀਤ, ਸਕੱਤਰ ਸੁਖਵਿੰਦਰ ਸਿੰਘ ਸਿੱਧੂ ਤੇ ਸਿਮਰਜੀਤ ਕੌਰ ਗਰੇਵਾਲ ਅਤੇ ਵਿੱਤ ਸਕੱਤਰ ਹਰਮਿੰਦਰ ਸਿੰਘ ਕਾਲੜਾ ਦੇ ਨਾਮ ਵਰਨਣਯੋਗ ਹਨ।

ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਸਵਰਨਜੀਤ ਸਿੰਘ ਸਵੀ ਨੇ ਕਿਹਾ ਕਿ ਸਵਰਗੀ ਸੁਰਜੀਤ ਪਾਤਰ ਦੇ ਨਕਸ਼ੇ ਕਦਮ 'ਤੇ ਚਲਦਿਆਂ ਨਵੀਆਂ ਪੈੜਾਂ ਪਾ ਕੇ ਪ੍ਰੀਸ਼ਦ ਹੋਰ ਬੁਲੰਦੀਆਂ ਛੂਹੇਗੀ। ਕਵੀ ਦਰਬਾਰ ਮੌਕੇ ਹਾਜ਼ਰੀ ਲਵਾਉਣ ਵਾਲਿਆਂ 'ਚ ਉਪਰੋਕਤ ਹਸਤੀਆਂ ਤੋਂ ਇਲਾਵਾ ਰਾਜਵਿੰਦਰ ਸਿੰਘ ਗੱਡੂ, ਰਵਿੰਦਰ ਕੌਰ, ਕ੍ਰਿਸ਼ਨਾ ਗੋਇਲ, ਡਾ. ਸੰਗੀਤਾ ਸ਼ਰਮਾ ਕੁੰਦਰਾ, ਗੁਰਜੀਤ ਕੌਰ, ਮੀਤ ਰੰਗਰੇਜ਼, ਰਤਨ ਬਾਬਕ ਵਾਲਾ, ਸੁਰਿੰਦਰ ਕੁਮਾਰ, ਪਰਮਪਾਲ ਸਿੰਘ, ਦਰਸ਼ਨ ਸਿੰਘ ਸਿੱਧੂ, ਕਿਰਨਜੀਤ ਕੌਰ, ਸੁਰਜੀਤ ਕੌਰ ਬੈਂਸ, ਰਾਖੀ ਸੁਬਰਾਮਨੀਅਮ, ਯੁਵਰਾਜ ਸਿੰਘ, ਸਰਬਜੀਤ ਸਿੰਘ, ਸ਼ਮਸ਼ੀਲ ਸਿੰਘ ਸੋਢੀ, ਆਰ. ਕੇ. ਸੁਖਨ, ਰਮਨਦੀਪ ਰਮਣੀਕ, ਪਰਮਿੰਦਰ ਸਿੰਘ ਮਦਾਨ, ਸ਼ੀਨੂ ਵਾਲੀਆ, ਨਰਿੰਦਰ ਕੌਰ ਮਠਾੜੂ, ਜਰਨੈਲ ਸਿੰਘ, ਬਲਵਿੰਦਰ ਸੰਧੂ, ਭਗਤ ਰਾਮ ਰੰਗਾਰਾ, ਮੰਦਰ ਗਿੱਲ, ਆਰ. ਐੱਸ. ਲਿਬਰੇਟ, ਰਵੀ ਕਾਂਤ, ਗੁਰਜੰਟ ਸਿੰਘ, ਗੁਰਨੀਤ ਕੌਰ, ਕੇਵਲਜੀਤ ਸਿੰਘ ਕੰਵਲ, ਦਰਸ਼ਨ ਤੇਉਣਾ, ਰਾਜਿੰਦਰ ਸਿੰਘ ਧੀਮਾਨ, ਸੰਜੀਵਨ ਸਿੰਘ, ਪ੍ਰੀਤਮ ਸਿੰਘ ਰੁਪਾਲ, ਕਸ਼ਮੀਰ ਸਿੰਘ, ਪ੍ਰੋ. ਦਿਲਬਾਗ ਸਿੰਘ, ਦਵਿੰਦਰ ਕੌਰ ਢਿੱਲੋਂ, ਹਰਬੰਸ ਸੋਢੀ, ਸੋਮੇਸ਼ ਗੁਪਤਾ, ਜਗਤਾਰ ਸਿੰਘ ਜੋਗ, ਮਿੰਨੀ ਸਰਕਾਰੀਆ, ਸੁਭਾਸ਼, ਪ੍ਰਭਗੁਣ, ਅਮਨਦੀਪ ਸਿੰਘ, ਜਸਪਾਲ ਸਿੰਘ ਕੰਵਲ, ਸ਼ੀਨਾ, ਹਰਜੀਤ ਸਿੰਘ, ਹਰਜਾਪ ਸਿੰਘ ਔਜਲਾ ਅਤੇ ਅਜਾਇਬ ਸਿੰਘ ਔਜਲਾ ਸ਼ਾਮਲ ਸਨ।

ਏ ਡੀ ਸੀ ਵਿਰਾਜ ਤਿੜਕੇ ਨੇ ਮਾਲ ਅਫ਼ਸਰਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ

ਮੋਹਾਲੀ, (ਗੁਰਜੀਤ ਬਿੱਲਾ)

ਵਧੀਕ ਡਿਪਟੀ ਕਮਿਸ਼ਨਰ (ਜ) ਵਿਰਾਜ ਐਸ ਤਿੜਕੇ ਨੇ ਜ਼ਿਲ੍ਹੇ ਦੇ ਮਾਲ ਅਧਿਕਾਰੀਆਂ ਨੂੰ ਜ਼ਮੀਨ ਦੀ ਤਕਸੀਮ ਅਤੇ ਖਸਰਾ ਗਿਰਦਵਾਰੀ ਦੇ 1 ਸਾਲ ਤੋਂ ਉੱਪਰ ਲੰਬਿਤ ਪਏ ਕੇਸਾਂ ਦਾ ਨਿਪਟਾਰਾ ਅਗਲੇ ਦੋ ਮਹੀਨਿਆਂ ਵਿੱਚ ਕਰਨ ਦੇ ਨਿਰਦੇਸ਼ ਦਿੱਤੇ ਹਨ।ਉਨ੍ਹਾਂ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਮਾਲ ਅਫ਼ਸਰਾਂ ਦੀ ਉਪ ਮੰਡਲ ਮੈਜਿਸਟਰੇਟਾਂ ਅਤੇ ਜ਼ਿਲ੍ਹਾ ਮਾਲ ਅਫ਼ਸਰ ਦੀ ਹਾਜ਼ਰੀ ਵਿੱਚ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਜ਼ਮੀਨਾਂ ਦੀ ਵੰਡ ਤੇ ਖਸਰਾ ਗਿਰਦਵਾਰੀ ਦੇ ਲੰਬਿਤ ਕੇਸਾਂ ਸਬੰਧੀ ਉਨ੍ਹਾਂ ਦੇ ਦਫ਼ਤਰਾਂ ਵਿੱਚ ਆਉਣ ਵਾਲੇ ਲੋਕਾਂ ਦੀ ਸਹੂਲਤ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸਮਾਂਬੱਧ ਹੋਣੀ ਚਾਹੀਦੀ ਹੈ ਅਤੇ ਇੱਕ ਸਾਲ ਤੋਂ ਵੱਧ ਲੰਬਿਤ ਪਏ ਕੇਸਾਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਇਆ ਜਾਵੇ।ਇੰਤਕਾਲਾਂ ਦੇ ਬਕਾਇਆ ਮਾਮਲਿਆਂ ਵਿੱਚ ਹੋਰ ਕਮੀ ਲਿਆਉਣ ਦੀ ਹਦਾਇਤ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਉਨ੍ਹਾਂ ਨੂੰ ਇਸ ਤੇ ਜ਼ੋਰ ਦੇਣ ਲਈ ਕਿਹਾ।ਐੱਨ.ਐੱਚ.ਏ.ਆਈ. ਦੇ ਨਾਂਅ 'ਤੇ ਸੜਕੀ ਨੈੱਟਵਰਕ ਲਈ ਐਕਵਾਇਰ ਕੀਤੀਆਂ ਜ਼ਮੀਨਾਂ ਦੇ ਇੰਤਕਾਲ ਦੇ ਕੇਸਾਂ ਦਾ ਜਲਦ ਨਿਪਟਾਰਾ ਨਾ ਕੀਤੇ ਜਾਣ। ਮਾਲ ਅਫ਼ਸਰਾਂ ਵੱਲੋਂ ਕੀਤੀ ਗਈ ਰਿਕਵਰੀ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਨੇ ਮਾਲੀਆ ਅਤੇ ਹੋਰ ਵਸੂਲੀ ਨੂੰ ਵਧਾਉਣ ਅਤੇ ਤੇਜ਼ ਕਰਨ 'ਤੇ ਜ਼ੋਰ ਦਿੱਤਾ। ਮਾਲ ਅਫ਼ਸਰਾਂ ਨੂੰ ਮਾਨਯੋਗ ਅਦਾਲਤਾਂ ਦੁਆਰਾ ਕਿਸੇ ਵੀ ਪ੍ਰਤੀਕੂਲ ਟਿੱਪਣੀ ਤੋਂ ਬਚਣ ਲਈ ਅਦਾਲਤੀ ਕੇਸਾਂ ਦੀ ਨਿੱਜੀ ਤੌਰ 'ਤੇ ਪੈਰਵੀ ਕਰਨ ਲਈ ਕਿਹਾ ਗਿਆ।ਜ਼ੀਰਕਪੁਰ ਅਤੇ ਮਾਜਰੀ ਸਬ ਤਹਿਸੀਲਾਂ ਦੀਆਂ ਬਣਨ ਵਾਲੀਆਂ ਇਮਾਰਤਾਂ ਅਤੇ ਸਬ ਰਜਿਸਟਰਾਰ ਦਫ਼ਤਰ ਐਸ.ਏ.ਐਸ.ਨਗਰ ਮੁਹਾਲੀ ਦੇ ਆਧੁਨਿਕੀਕਰਨ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਐਸ.ਡੀ.ਐਮਜ਼ ਅਤੇ ਸਬੰਧਤ ਮਾਲ ਅਧਿਕਾਰੀਆਂ ਨੂੰ ਸਮੇਂ ਸਿਰ ਲੋੜੀਂਦੀਆਂ ਪ੍ਰਵਾਨਗੀਆਂ ਲਈ ਅਧਿਕਾਰੀਆਂ ਨਾਲ ਸੰਪਰਕ ਵਿੱਚ ਰਹਿਣ ਲਈ ਕਿਹਾ।ਮੀਟਿੰਗ ਵਿੱਚ ਐਸ ਡੀ ਐਮ ਮੁਹਾਲੀ ਦਮਨਦੀਪ ਕੌਰ, ਐਸ ਡੀ ਐਮ ਡੇਰਾਬੱਸੀ ਅਮਿਤ ਗੁਪਤਾ, ਜ਼ਿਲ੍ਹਾ ਮਾਲ ਅਫਸਰ ਡਾ. ਅਮਨਦੀਪ ਚਾਵਲਾ, ਤਹਿਸੀਲਦਾਰ ਬੀਰਕਰਨ ਸਿੰਘ ਢਿੱਲੋਂ, ਸਬ ਰਜਿਸਟਰਾਰ ਨਵਪ੍ਰੀਤ ਸਿੰਘ ਸ਼ੇਰਗਿੱਲ, ਸਬ ਰਜਿਸਟਰਾਰ ਨਵਪ੍ਰੀਤ ਸਿੰਘ ਸ਼ੇਰਗਿੱਲ, ਸਬ ਰਜਿਸਟਰਾਰ ਜਸਪ੍ਰੀਤ ਸਿੰਘ ਅਤੇ ਜ਼ਿਲ੍ਹੇ ਦੇ ਨਾਇਬ ਤਹਿਸੀਲਦਾਰ ਹਾਜ਼ਰ ਸਨ।

ਪੁਲਸ ਨੇ ਅੰਤਰ-ਜ਼ਿਲ੍ਹਾ ਮੋਟਰਸਾਈਕਲ ਚੋਰ ਗਰੋਹ ਦਾ ਕੀਤਾ ਪਰਦਾ ਫਾਸ਼

ਜਲੰਧਰ (ਸ਼ੈਲੀ ਐਲਬਰਟ)

ਦਿਹਾਤੀ ਪੁਲਸ ਨੇ ਇੱਕ ਅੰਤਰ-ਜ਼ਿਲ੍ਹਾ ਮੋਟਰਸਾਈਕਲ ਚੋਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਹੈ, ਜਿਸ ਵਿੱਚ ਦੋ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਛੇ ਚੋਰੀ ਹੋਏ ਮੋਟਰਸਾਈਕਲ ਬਰਾਮਦ ਕੀਤੇ ਗਏ ਹਨ । ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਸੰਦੀਪ ਸਿੰਘ ਉਰਫ਼ ਸੋਨੀ ਅਤੇ ਤਰਜਿੰਦਰ ਸਿੰਘ ਉਰਫ਼ ਕਾਕਾ ਵਜੋਂ ਹੋਈ ਹੈ। ਸੀਨੀਅਰ ਪੁਲਸ ਸੁਪਰਡੈਂਟ, ਹਰਕਮਲ ਪ੍ਰੀਤ ਸਿੰਘ ਖੱਖ ਨੇ ਕਿਹਾ ਕਿ ਇਹ ਕਾਰਵਾਈ ਰਾਏਪੁਰ ਅਰਾਈਆਂ ਦੇ ਵਸਨੀਕ ਸੁਰਜੀਤ ਸਿੰਘ ਵੱਲੋਂ 7 ਜਨਵਰੀ, 2025 ਨੂੰ ਆਪਣੇ ਕਾਲੇ ਸਪਲੈਂਡਰ ਪਲੱਸ ਮੋਟਰਸਾਈਕਲ ਦੀ ਚੋਰੀ ਸਬੰਧੀ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਸ਼ੁਰੂ ਕੀਤੀ ਗਈ ਸੀ। ਥਾਣਾ ਮਹਿਤਪੁਰ ਵਿਖੇ ਦਰਜ ਐਫਆਈਆਰ ਦੇ ਆਧਾਰ 'ਤੇ, ਡੀਐਸਪੀ ਸ਼ਾਹਕੋਟ, ਓਂਕਾਰ ਸਿੰਘ ਬਰਾੜ ਅਤੇ ਇੰਸਪੈਕਟਰ ਸੁਖਦੇਵ ਸਿੰਘ, ਐਸਐਚਓ ਮਹਿਤਪੁਰ ਦੀ ਨਿਗਰਾਨੀ ਹੇਠ ਪੁਲਸ ਟੀਮ ਨੇ ਬਾਰੀਕੀ ਨਾਲ ਜਾਂਚ ਕੀਤੀ । ਆਪਣੀ ਪੁੱਛਗਿੱਛ ਦੌਰਾਨ, ਦੋਸ਼ੀਆਂ ਨੇ ਜ਼ਿਲ੍ਹਿਆਂ ਵਿੱਚ ਕਈ ਮੋਟਰਸਾਈਕਲ ਚੋਰੀਆਂ ਵਿੱਚ ਆਪਣੀ

ਸ਼ਮੂਲੀਅਤ ਦਾ ਖੁਲਾਸਾ ਕੀਤਾ । ਜਾਂਚ ਦੌਰਾਨ ਛੇ ਚੋਰੀ ਹੋਏ ਮੋਟਰਸਾਈਕਲ ਬਰਾਮਦ ਹੋਏ, ਜਿਨ੍ਹਾਂ ਵਿੱਚ ਯਾਮਾਹਾ ਆਰ-15 ਅਤੇ ਬਜਾਜ ਪਲਸਰ ਵਰਗੇ ਉੱਚ-ਅੰਤ ਵਾਲੇ ਮਾਡਲ ਸ਼ਾਮਲ ਹਨ। ਤੀਜੇ ਸਾਥੀ, ਬੂਟਾ ਸਿੰਘ ਨੂੰ ਫੜਨ ਲਈ ਯਤਨ ਜਾਰੀ ਹਨ, ਜੋ ਕਿ ਅਜੇ ਵੀ ਫਰਾਰ ਹੈ।

ਆਰ ਐੱਸ ਐੱਸ ਤੇ ਮੋਦੀ ਸਰਕਾਰ ਦੀਆਂ ਫੁੱਟਪਾਊ ਕੁਚਾਲਾਂ ਤੇ ਲੋਕ-ਮਾਰੂ ਨੀਤੀਆਂ ਨੂੰ ਭਾਂਜ ਦਿਓ : ਪਾਸਲਾ

ਜਲੰਧਰ (ਰਾਜੇਸ਼ ਥਾਪਾ)

"ਲੱਖਾਂ ਸ਼ਹਾਦਤਾਂ ਤੇ ਅਦੁੱਤੀ ਕੁਰਬਾਨੀਆਂ ਸਦਕਾ ਹਾਸਲ ਕੀਤੀ ਦੇਸ਼ ਦੀ ਆਜ਼ਾਦੀ, ਭਾਈਚਾਰਕ ਸਾਂਝ, ਏਕਤਾ-ਅਖੰਡਤਾ, ਬੁਨਿਆਦੀ ਮੁਨੱਖੀ ਅਧਿਕਾਰਾਂ ਅਤੇ ਪ੍ਰਗਤੀਸ਼ੀਲ ਤੇ ਵਿਗਿਆਨਕ ਸੋਚ ਦੀ ਰਾਖੀ ਲਈ, ਧਰਮ ਅਧਾਰਤ, ਕੱਟੜ, ਤਾਨਾਸ਼ਾਹ, ਹਿੰਦੂਤਵੀ-ਮਨੂੰਵਾਦੀ ਰਾਜ ਕਾਇਮ ਕਰਨ ਦੇ ਰਾਸ਼ਟਰੀ ਸੋਇਮ ਸੇਵਕ ਸੰਘ (ਆਰ.ਐਸ.ਐਸ.) ਦੇ ਫਿਰਕੂ-ਫਾਸ਼ੀ ਏਜੰਡੇ ਨੂੰ ਤਿੱਖੇ ਤੇ ਬੱਝਵੇਂ ਸਿਆਸੀ ਅਤੇ ਵਿਚਾਰਧਾਰਕ ਘੋਲਾਂ ਰਾਹੀਂ ਭਾਂਜ ਦੇਣੀ ਅਜੋਕੇ ਦੌਰ ਦਾ ਸਭ ਤੋਂ ਲੋੜੀਂਦਾ ਕਾਰਜ ਹੈ।' ਇਹ ਸ਼ਬਦ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਪੰਜਾਬ ਰਾਜ ਕਮੇਟੀ ਦੀ ਸਾਥੀ ਰਤਨ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਕਹੇ। ਸਾਥੀ ਪਾਸਲਾ ਨੇ ਕਿਹਾ ਕਿ ਫਿਰਕੂ ਤੇ ਜਾਤੀਵਾਦੀ ਵੰਡ ਤਿੱਖੀ ਕਰਨ ਲਈ ਸੰਘ ਪਰਿਵਾਰ ਦੇ ਹਿੰਸਕ ਟੋਲਿਆਂ ਵਲੋਂ ਦੇਸ਼ ਭਰ 'ਚ ਮੁਸਲਮਾਨਾਂ, ਈਸਾਈਆਂ, ਦਲਿਤਾਂ-ਆਦਿਵਾਸੀਆਂ ਤੇ ਔਰਤਾਂ 'ਤੇ ਢਾਹੇ ਜਾ ਰਹੇ ਅਕਹਿ ਤੇ ਅਸਹਿ ਜ਼ੁਲਮਾਂ ਖਿਲਾਫ਼ ਡਟਵਾਂ ਲੋਕ ਪ੍ਰਤੀਰੋਧ ਉਸਾਰੇ ਜਾਣ ਦੀ ਅੱਜ ਭਾਰੀ ਲੋੜ ਹੈ।ਉਨ੍ਹਾਂ ਕਿਹਾ ਕਿ ਆਰ.ਐਸ.ਐਸ. ਦੇ ਹੁਕਮਾਂ ਦੀ ਬੱਧੀ, ਮੋਦੀ-03 ਸਰਕਾਰ ਵਲੋਂ ਅੰਨ੍ਹੇਵਾਹ ਲਾਗੂ ਕੀਤੀਆਂ ਜਾ ਰਹੀਆਂ ਨਵ-ਉਦਾਰਵਾਦੀ ਨੀਤੀਆਂ ਕਾਰਨ ਦੇਸ਼ ਦੇ ਕਿਰਤੀ-ਕਿਸਾਨਾਂ ਤੇ ਮਿਹਨਤੀ ਤਬਕਿਆਂ ਸਮੇਤ ਵਸੋਂ ਦੇ ਵਿਸ਼ਾਲ ਹਿੱਸੇ ਦਿਨੋ-ਦਿਨ ਕੰਗਾਲ ਹੁੰਦੇ ਜਾ ਰਹੇ ਹਨ, ਜਦਕਿ ਅਡਾਨੀ-ਅੰਬਾਨੀ ਜਿਹੇ ਪੂੰਜੀਪਤੀਆਂ ਤੇ ਇਨ੍ਹਾਂ ਦੇ ਜੋਟੀਦਾਰ ਸਾਮਰਾਜੀਆਂ ਤੇ ਬਹੁ ਕੌਮੀ ਕਾਰਪੋਰੇਸ਼ਨਾਂ ਦੇ ਵਾਰੇ-ਨਿਆਰੇ ਹੋ ਰਹੇ

ਹਨ। ਇਸ ਲਈ ਦੇਸ਼ ਦੀ ਜਮਹੂਰੀ ਲਹਿਰ ਨੂੰ ਆਪਣਾ ਸਾਰਾ ਧਿਆਨ, ਲੋਕਾਂ ਦੀ ਰੋਜ਼ੀ-ਰੋਟੀ, ਸੰਵਿਧਾਨਕ ਅਧਿਕਾਰਾਂ ਤੇ ਸ਼ਹਿਰੀ ਆਜ਼ਾਦੀਆਂ ਦੇ ਰਾਖੀ ਦੇ ਘੋਲਾਂ ਨੂੰ ਸਾਮਰਾਜੀ ਤੇ ਕਾਰਪੋਰੇਟ ਲੋਟੂਆਂ ਦੇ ਦਖਲ ਤੋਂ ਮੁਕਤ ਖੁਦਮੁਖ਼ਤਾਰ ਆਰਥਕ-ਸਮਾਜਕ ਨੀਤੀਆਂ ਵਾਲੇ ਬਦਲਵੇਂ ਲੋਕ ਪੱਖੀ ਢਾਂਚੇ ਦੀ ਉਸਾਰੀ ਦੇ ਕ੍ਰਾਂਤੀਕਾਰੀ ਘੋਲ ਨਾਲ ਇਕ-ਮਿਕ ਕਰਨ ਵੱਲ ਕੇਂਦਰਿਤ ਕਰਨਾ ਚਾਹੀਦਾ ਹੈ।ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਦੱਸਿਆ ਹੈ ਕਿ ਮੀਟਿੰਗ ਵਲੋਂ ਹਿੰਦੂਤਵੀ ਗ੍ਰੋਹਾਂ ਦੀਆਂ ਫਿਰਕੂ-ਫਾਸ਼ੀ, ਫੁੱਟਪਾਊ